ੴ ਸਤਿਗੁਰ ਪ੍ਰਸਾਦਿ ॥

ਮਲਾਰ ਕੀ ਵਾਰ ਮਹਲਾ 1

ਪਉੜੀ ਵਾਰ ਭਾਵ:

(I) (1) ਪਰਮਾਤਮਾ ਨੇ ਆਪਣਾ ਆਪ ਪਰਗਟ ਕਰ ਕੇ ਇਹ ਕੁਦਰਤਿ ਰਚੀ ਹੈ; ਇਹ, ਮਾਨੋ, ਉਸ ਦਾ ਦਰਬਾਰ ਹੈ, ਜਿਸ ਵਿਚ ਉਹ ਆਪ ਤਖ਼ਤ ਉਤੇ ਬੈਠਾ ਹੋਇਆ ਹੈ।

(2) ਸਾਰੀ ਕੁਦਰਤਿ ਵਿਚ ਮੌਜੂਦ ਹੈ, ਪਰ ਹੈ ਗੁਪਤ; ਕੋਈ ਉਸ ਦਾ 'ਸਰੂਪ' ਬਿਆਨ ਨਹੀਂ ਕਰ ਸਕਿਆ।

(3) ਜਗਤ ਨੂੰ ਉਸ ਨੇ ਧੰਧਿਆਂ ਵਿਚ ਲਾ ਰੱਖਿਆ ਹੈ ਤੇ ਆਪ ਲੁਕਿਆ ਬੈਠਾ ਹੈ; ਜੋ ਵੱਡੇ ਵੱਡੇ ਭੀ ਆਏ ਉਹ ਭੀ ਧੰਧਿਆਂ ਵਿਚ ਹੀ ਰਹੇ।

(4) ਇਹ ਜਗਤ, ਮਾਨੋ ਭਲਵਾਨਾਂ ਦਾ ਅਖਾੜਾ ਹੈ; ਭਲਾਈ ਤੇ ਬੁਰਾਈ ਦਾ ਇਥੇ ਘੋਲ ਹੋ ਰਿਹਾ ਹੈ; ਇਹ ਛਿੰਝ ਪ੍ਰਭੂ ਆਪ ਹੀ ਪਵਾ ਰਿਹਾ ਹੈ।

(5) ਭਲਾਈ ਤੇ ਬੁਰਾਈ—ਇਹ ਦੋਵੇਂ ਧੜੇ ਉਸ ਨੇ ਆਪ ਬਣਾਏ ਹਨ; ਝਗੜਾ ਪੈਦਾ ਕਰਨ ਵਾਲਾ ਭੀ ਆਪ ਹੀ ਹੈ ਤੇ "ਧਰਮ" ਰਾਜ ਹੋ ਕੇ ਝਗੜੇ ਮਿਟਾਣ ਵਾਲਾ ਵਕੀਲ ਭੀ ਆਪ ਹੀ ਹੈ।

(6) ਸੋ, ਜਿਸ ਕਰਤਾਰ ਨੇ ਇਹ ਬਹੁ-ਰੰਗੀ ਦੁਨੀਆ ਬਣਾਈ ਹੈ ਉਸੇ ਨੂੰ ਸਿਮਰੋ ਤਾਕਿ ਬੁਰਾਈ ਜ਼ੋਰ ਨਾਹ ਪਾ ਸਕੇ; ਹੋਰ ਕੋਈ ਬੇਲੀ ਨਹੀਂ ਬਣ ਸਕਦਾ।

(7) ਜਗਤ ਦੇ ਦਿੱਸਦੇ ਅਧਿਕਾਰ ਤੇ ਅਤਿਆਚਾਰ ਵਿੱਚ ਕੇਵਲ ਉਹੀ ਸੁਖੀ ਹਨ ਜੋ ਜਗਤ ਦੇ ਰਚਣਹਾਰ ਦੇ ਚਰਨਾਂ ਵਿੱਚ ਜੁੜੇ ਹੋਏ ਹਨ।

(II) (8) ਜਗਤ-ਅਖਾੜੇ ਦੀ ਇਸ ਛਿੰਝ ਦੀ ਦੁਨੀਆ ਨੂੰ ਸਮਝ ਨਹੀਂ ਆਈ; ਆਪਣੀ ਸਮਝ ਪਿੱਛੇ ਲੱਗਣ ਵਾਲੇ ਜੀਵ ਬੁਰਾਈ ਦੇ ਵੱਸ ਹੋ ਕੇ ਇਸ ਘੋਲ ਵਿਚ ਹਾਰ ਰਹੇ ਹਨ।

(9) ਜੋ ਵੱਡੇ ਵੱਡੇ ਭੀ ਅਖਵਾ ਗਏ ਉਹਨਾਂ ਭੀ ਨਾਹ ਸਮਝਿਆ ਕਿ ਇਹ ਤ੍ਰਿਸ਼ਨਾ ਦੀ ਅੱਗ ਤੇ ਵਾਦ-ਵਿਵਾਦ ਪ੍ਰਭੂ ਨੇ ਆਪ ਪੈਦਾ ਕੀਤੇ ਹਨ। ਜੋ ਮਨੁੱਖ ਗੁਰੂ-ਦਰ ਤੇ ਆ ਕੇ ਉਪਦੇਸ਼ ਕਮਾਂਦੇ ਹਨ ਉਹ ਅਸਲੀਅਤ ਨੂੰ ਸਮਝ ਕੇ ਇਸ ਤ੍ਰਿਸ਼ਨਾ ਦੇ ਅਸਰ ਤੋਂ ਬਚਦੇ ਹਨ।

(10) ਸਭ ਕੁਝ ਪ੍ਰਭੂ ਆਪ ਕਰਦਾ ਕਰਾਂਦਾ ਹੈ, ਜੀਆਂ ਦੇ ਕਰਮਾਂ ਦਾ ਲੇਖਾ ਭੀ ਆਪ ਹੀ ਮੰਗਦਾ ਹੈ; ਤ੍ਰਿਸ਼ਨਾ-ਅੱਗ ਤੋਂ ਬਚਾਂਦਾ ਭੀ ਆਪ ਹੀ ਹੈ। ਗੁਰੂ-ਦਰ ਤੇ ਆਇਆਂ ਉਸ ਪ੍ਰਭੂ ਵਿਚ ਜੁੜੀਦਾ ਹੈ।

(11) ਮਨਮੁਖ ਅਹੰਕਾਰ ਦੇ ਕਾਰਣ ਦੁਖੀ ਹੁੰਦਾ ਹੈ; ਜੇ ਗੁਰੂ-ਸਰਨ ਆ ਕੇ ਪ੍ਰਭੂ ਨੂੰ ਧਿਆਏ ਤਾਂ ਤ੍ਰਿਸ਼ਨਾ-ਅੱਗ ਬੁੱਝ ਕੇ ਸ਼ਾਂਤੀ ਪ੍ਰਾਪਤ ਹੁੰਦੀ ਹੈ।

(12) ਰਾਜ, ਹਕੂਮਤ, ਧਨ ਆਦਿਕ ਦਾ ਮਾਣ ਕਰਨ ਵਾਲੇ ਆਖ਼ਰ ਖ਼ੁਆਰ ਹੁੰਦੇ ਹਨ, ਕਿਉਂਕਿ ਕੂੜ ਨਿਖੁੱਟ ਜਾਂਦਾ ਹੈ।

(13) ਜੋ ਮਨੁੱਖ ਮਾਇਆ-ਅਧੀਨ ਹੋ ਕੇ ਅਉਗਣ ਕਮਾਂਦੇ ਹਨ ਉਹ, ਮਾਨੋ, ਜੂਏ ਵਿਚ ਮਨੁੱਖਾ-ਜਨਮ ਹਾਰ ਜਾਂਦੇ ਹਨ, ਜਗਤ ਵਿਚ ਉਹਨਾਂ ਦਾ ਆਉਣਾ ਬੇ-ਅਰਥ ਜਾਂਦਾ ਹੈ।

(14) ਨਾਮ ਵਿਸਾਰ ਕੇ ਮਨਮੁਖ ਬੇ-ਥਵ੍ਹਾ ਜੀਵਨ ਬਿਤਾਂਦੇ ਹਨ; ਅੰਦਰੋਂ ਕਾਲੇ, ਵੇਖਣ ਨੂੰ ਮਨੁੱਖ, ਉਹ ਅਸਲ ਵਿਚ ਪਸ਼ੂ-ਸਮਾਨ ਹਨ।

(III) (15) ਪਰ ਜੰਗਲ ਵਿਚ ਜਾ ਕੇ ਸਮਾਧੀ ਲਾਣਾ, ਨੰਗੇ ਪਿੰਡੇ ਪਾਲਾ ਕੱਕਰ ਸਹਾਰਨਾ, ਪਿੰਡੇ ਤੇ ਸੁਆਹ ਮਲਣੀ, ਜਟਾਂ ਵਧਾ ਲੈਣੀਆਂ, ਧੂਣੀਆਂ ਤਪਾਣੀਆਂ, ਇਹ ਭੀ ਜੀਵਨ ਦਾ ਸਹੀ ਰਸਤਾ ਨਹੀਂ।

(16) ਸਰੇਵੜੇ ਸਿਰ ਦੇ ਵਾਲ ਪੁਟਾਂਦੇ ਹਨ, ਦਿਨ ਰਾਤ ਗੰਦੇ ਰਹਿੰਦੇ ਹਨ, ਜੂਠਾ ਖਾਂਦੇ ਹਨ—ਇਹ ਭੀ ਮਨੁੱਖ ਲਈ ਸਹੀ ਚਲਨ ਨਹੀਂ ਹੈ।

(17) ਕੋਈ ਰਾਗ ਗਾਂਦੇ ਹਨ, ਕੋਈ ਰਾਸਾਂ ਪਾਂਦੇ ਹਨ, ਕਈ ਅੰਨ ਖਾਣਾ ਛੱਡ ਦੇਂਦੇ ਹਨ; ਪਰ ਅਜੇਹੇ ਹਠ-ਕਰਮ ਚਾਹੇ ਕਿਤਨੇ ਵਧਾਈ ਚੱਲੋ, ਪ੍ਰਭੂ ਹਠ-ਕਰਮਾਂ ਨਾਲ ਪ੍ਰਸੰਨ ਨਹੀਂ ਹੁੰਦਾ।

(18) ਪਰਮਾਤਮਾ ਗੁਰੂ ਦੀ ਰਾਹੀਂ ਹੀ ਮਿਲਦਾ ਹੈ; ਜਿਸ ਨੇ ਗੁਰ-ਸ਼ਬਦ ਦੀ ਰਾਹੀਂ ਅੰਦਰ ਵੱਸਦੇ ਪ੍ਰਭੂ-ਤੀਰਥ ਉਤੇ ਮਨ ਦਾ ਇਸ਼ਨਾਨ ਕਰਾਇਆ ਹੈ ਉਹ ਸੱਚਾ ਵਪਾਰੀ ਹੈ, ਉਸ ਦਾ ਜਨਮ ਮੁਬਾਰਕ ਹੈ।

(19) ਪ੍ਰਭੂ ਭਗਤੀ ਤੇ ਰੀਝਦਾ ਹੈ, ਭਗਤੀ ਪ੍ਰੇਮ ਦੇ ਆਸਰੇ ਹੋ ਸਕਦੀ ਹੈ। ਇਸ ਪ੍ਰੇਮ-ਮਾਰਗ ਉਤੇ ਸਤਿਗੁਰੂ ਹੀ ਤੋਰਦਾ ਹੈ।

(20) ਗੁਰੂ ਤੋਂ ਬਿਨਾ ਜਗਤ ਕਮਲਾ ਹੋਇਆ ਫਿਰਦਾ ਹੈ; ਗੁਰੂ ਪਾਸੋਂ ਮਨੁੱਖ ਪ੍ਰਭੂ ਦੀ ਰਜ਼ਾ ਵਿਚ ਤੁਰਨ ਦੀ ਜਾਚ ਸਿੱਖਦਾ ਹੈ ਤੇ ਆਪਣੀ ਮਰਜ਼ੀ ਤੇ ਤੁਰਨਾ ਛੱਡ ਦੇਂਦਾ ਹੈ।

(21) ਜੋ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਰੱਬ ਦੀ ਬੰਦਸ਼ (ਰਜ਼ਾ) ਵਿਚ ਤੁਰਦਾ ਹੈ ਉਹ ਸੰਸਾਰ-ਸਮੁੰਦਰ ਤੋਂ ਲੰਘ ਕੇ ਦਰਗਾਹ ਵਿਚ ਆਦਰ ਪਾਂਦਾ ਹੈ।

(22) ਜਦ ਤਕ ਦੁਨੀਆ ਦਾ ਸਹਿਮ ਹੈ ਮਨ ਭਟਕਦਾ ਹੈ; ਭਟਕਣਾ ਦੇ ਕਾਰਨ ਅਡੋਲ ਅਵਸਥਾ ਨਹੀਂ ਬਣਦੀ ਤੇ ਪ੍ਰਭੂ-ਚਰਨਾਂ ਵਿਚ ਜੁੜ ਨਹੀਂ ਸਕੀਦਾ। ਇਕ ਪ੍ਰਭੂ ਦਾ ਡਰ ਦੁਨੀਆ ਦੇ ਸਹਿਮ ਮੁਕਾ ਦੇਂਦਾ ਹੈ ਤੇ ਇਹ ਪ੍ਰਭੂ-ਡਰ ਗੁਰੂ ਪਾਸੋਂ ਪ੍ਰਾਪਤ ਹੁੰਦਾ ਹੈ।

(IV) (23) ਜੀਵਨ-ਰਾਹ ਵਿਚ ਵਿੱਦਵਤਾ ਭੀ ਸਹੈਤਾ ਨਹੀਂ ਕਰਦੀ; ਨਾਮ ਤੋਂ ਬਿਨਾ ਇਹ ਭੀ ਕੂੜ ਦਾ ਵਪਾਰ ਹੀ ਹੈ, ਵਿਕਾਰਾਂ ਤੋਂ ਬਚਾ ਨਹੀਂ ਹੋ ਸਕਦਾ। ਪ੍ਰਭੂ-ਦਰ ਤੇ ਪ੍ਰਵਾਨ ਕੇਵਲ 'ਨਾਮ' ਹੀ ਹੈ ਤੇ ਇਹ 'ਨਾਮ' ਗੁਰੂ ਤੋਂ ਮਿਲਦਾ ਹੈ।

(24) ਹੋਰ ਅਕਲਾਂ ਸਭ ਝੂਠੀਆਂ ਹਨ; ਸਗੋਂ, ਅਹੰਕਾਰ ਪੈਦਾ ਕਰਦੀਆਂ ਹਨ, ਬਲਦੀ ਉੱਤੇ (ਦੁਬਿਧਾ ਦਾ) ਤੇਲ ਪਾਂਦੀਆਂ ਹਨ; ਪ੍ਰਭੂ ਦਾ 'ਨਾਮ' ਹੀ ਸੱਚਾ ਵਪਾਰ ਹੈ।

(25) ਭਗਵਾ ਵੇਸ ਕਰ ਕੇ ਦੇਸਾਂ ਦੇਸਾਂਤਰਾਂ ਵਿਚ ਭੌਣਾ ਭੀ ਜੀਵਨ-ਰਾਹ ਨਹੀਂ ਹੈ; ਰੱਬ ਤਾਂ ਅੰਦਰ ਵੱਸਦਾ ਹੈ ਤੇ ਇਹ ਦੀਦਾਰ ਹੁੰਦਾ ਹੈ ਗੁਰ-ਸ਼ਬਦ ਦੀ ਰਾਹੀਂ।

(26) ਤ੍ਰਿਸ਼ਨਾ ਦਾ ਭਾਂਬੜ ਜਗਤ ਵਿਚ ਮਚ ਰਿਹਾ ਹੈ, ਇਸ ਦੇ ਅਧੀਨ ਜੀਵ-ਪੰਛੀ ਚੋਗ ਚੁਗ ਰਿਹਾ ਹੈ; ਜਿਸ ਨੂੰ ਪ੍ਰਭੂ ਦੇ ਹੁਕਮ ਵਿਚ ਗੁਰੂ-ਜ਼ਹਾਜ਼ ਮਿਲ ਪੈਂਦਾ ਹੈ ਉਹ ਬਚ ਜਾਂਦਾ ਹੈ।

(27) ਮ: 5। ਗੁਰ-ਸ਼ਬਦ ਦੀ ਬਰਕਤਿ ਨਾਲ ਸਾਰੇ ਵਿਕਾਰ ਲਹਿ ਜਾਂਦੇ ਹਨ; ਗੁਰਮੁਖਾਂ ਦੀ ਸੰਗਤਿ ਵਿਚ ਮਨੁੱਖ ਵਿਕਾਰਾਂ ਤੋਂ ਬਚ ਜਾਂਦਾ ਹੈ; ਪਰ ਇਹ ਸਭ ਕੁਝ ਉਸ ਦੀ ਮਿਹਰ ਦਾ ਸਦਕਾ ਹੈ।

(28) ਪ੍ਰਭੂ ਹਰ ਥਾਂ ਮੌਜੂਦ ਹੈ, ਪਰ ਮਨੁੱਖ ਦੇ ਅੰਦਰ ਅਗਿਆਨ ਤੇ ਭਟਕਣਾ ਹੈ, ਦੀਦਾਰ ਨਹੀਂ ਹੁੰਦਾ। ਜਿਸ ਉਤੇ ਮਿਹਰ ਕਰੇ ਉਹ 'ਨਾਮ' ਸਿਮਰ ਕੇ ਪ੍ਰਭੂ ਵਿਚ ਜੁੜਦਾ ਹੈ।

ਸਾਰੇ ਭਾਵ ਦਾ ਸੰਖੇਪ:

(ੳ) (1 ਤੋਂ 7) ਪਰਮਾਤਮਾ ਨੇ ਜਗਤ ਇਕ ਅਖਾੜਾ ਰਚਿਆ ਹੈ ਜਿਥੇ ਭਲਾਈ ਤੇ ਬੁਰਾਈ ਦੇ ਘੋਲ ਦੀ ਛਿੰਝ ਪੈ

ਰਹੀ ਹੈ। ਤ੍ਰਿਸ਼ਨਾ ਦੀ ਅੱਗ ਤੇ ਵਾਦ-ਵਿਵਾਦ ਉਸ ਨੇ ਆਪ ਹੀ ਰਚੇ ਹਨ, ਇਸ ਦੇ ਅਸਰ ਹੇਠ ਰਾਜ ਤੇ ਹਕੂਮਤਿ ਦਾ ਮਾਣ ਕਰਨ ਵਾਲੇ ਆਖ਼ਰ ਖ਼ੁਆਰ ਹੁੰਦੇ ਹਨ ਤੇ ਜਨਮ ਵਿਅਰਥ ਗਵਾ ਜਾਂਦੇ ਹਨ।

(ਅ) (8 ਤੋਂ 14) ਪਰ, ਜੰਗਲ ਵਿਚ ਜੋਗੀਆਂ ਵਾਲਾ ਵਾਸ, ਜੀਵ-ਹਿੰਸਾ ਬਾਰੇ ਸਰੇਵੜਿਆਂ ਵਾਲਾ ਵਹਿਮ, ਅੰਨ ਦਾ ਤਿਆਗ, ਜਾਂ, ਰਾਸਾਂ ਪਾਣੀਆਂ—ਇਹਨੀਂ ਕੰਮੀਂ ਇਹ ਤ੍ਰਿਸ਼ਨਾ ਬੁੱਝ ਨਹੀਂ ਸਕਦੀ।

(ੲ) (15 ਤੋਂ 22) ਪ੍ਰਭੂ ਭਗਤੀ ਤੇ ਰੀਝਦਾ ਹੈ, ਭਗਤੀ ਪ੍ਰੇਮ ਦੇ ਆਸਰੇ ਹੁੰਦੀ ਹੈ; ਸੋ, ਗੁਰੂ ਦੀ ਸਰਨ ਪੈ ਕੇ ਪ੍ਰੇਮ-ਮਾਰਗ ਤੇ ਤੁਰਨਾ ਹੈ, ਮਨ ਨੂੰ ਅੰਤਰ ਆਤਮੇ ਤੀਰਥ ਉਤੇ ਇਸ਼ਨਾਨ ਕਰਾਣਾ ਹੈ, ਪ੍ਰਭੂ ਦੀ ਰਜ਼ਾ ਵਿਚ ਬੰਦਸ਼ ਵਿਚ ਤੁਰਨ ਦੀ ਜਾਚ ਸਿੱਖਣੀ ਹੈ ਤੇ ਪ੍ਰਭੂ ਦੇ ਡਰ ਵਿਚ ਰਹਿ ਕੇ ਦੁਨੀਆ ਦੇ ਸਹਿਮ ਗਵਾਣੇ ਹਨ।

(ਸ) (23 ਤੋਂ 28) ਤ੍ਰਿਸ਼ਨਾ ਦੇ ਭਾਂਬੜ ਤੋਂ ਬਚਣ ਲਈ ਵਿੱਦਵਤਾ ਭੀ ਸਹੈਤਾ ਨਹੀਂ ਕਰਦੀ; ਹੋਰ ਅਕਲਾਂ ਭੀ ਅਹੰਕਾਰ ਪੈਦਾ ਕਰ ਕੇ ਸਗੋਂ ਬਲਦੀ ਉਤੇ ਤੇਲ ਹੀ ਪਾਂਦੀਆਂ ਹਨ; ਭਗਵਾ ਵੇਸ ਤੇ ਦੇਸ਼-ਰਟਨ ਭੀ ਖ਼ੁਆਰ ਹੀ ਕਰਦੇ ਹਨ, ਇਕ ਗੁਰ-ਸ਼ਬਦ ਦੀ ਬਰਕਤਿ ਨਾਲ ਹੀ ਸਾਰੇ ਵਿਕਾਰ ਮਿਟਦੇ ਹਨ, ਅਗਿਆਨ ਤੇ ਭਟਕਣਾ ਦੂਰ ਹੁੰਦੀ ਹੈ। ਪਰ, ਪ੍ਰਭੂ ਗੁਰੂ ਮਿਲਾਂਦਾ ਹੈ ਉਸ ਨੂੰ, ਜਿਸ ਉਤੇ ਆਪ ਮਿਹਰ ਕਰੇ।

(ਪ੍ਰ:) 'ਮਲਾਰ ਕੀ ਵਾਰ' ਗੁਰੂ ਨਾਨਕ ਦੇਵ ਜੀ ਨੇ ਕਦੋਂ ਲਿਖੀ?

(ਉ:) ਇਸ ਪ੍ਰਸ਼ਨ ਨੂੰ ਵਿਚਾਰਨ ਲੱਗਿਆਂ ਪਹਿਲਾਂ ਇਹ ਪ੍ਰਸ਼ਨ ਉੱਠਦਾ ਹੈ ਕਿ 'ਵਾਰ' ਹੀ ਲਿਖਣ ਦਾ ਖ਼ਿਆਲ ਕਦੋਂ ਤੇ ਕਿਉਂ ਗੁਰੂ ਨਾਨਕ ਸਾਹਿਬ ਦੇ ਮਨ ਵਿਚ ਪੈਦਾ ਹੋਇਆ।

ਅਸਾਡੇ ਦੇਸ਼ ਵਿਚ ਜੋਧਿਆਂ ਦੀ ਸੂਰਮਤਾ ਦੇ ਪ੍ਰਸੰਗ ਗਾ ਕੇ ਸੁਣਾਨ ਦਾ ਰਿਵਾਜ ਸੀ, ਇਸ ਸਾਰੇ ਪ੍ਰਸੰਗ ਦਾ ਨਾਮ 'ਵਾਰ' ਹੁੰਦਾ ਸੀ, ਸੋ, 'ਵਾਰ' ਆਮ ਤੌਰ ਤੇ ਜੰਗਾਂ ਜੁੱਧਾਂ ਬਾਰੇ ਹੀ ਹੁੰਦੀ ਸੀ। ਜਦੋਂ ਸੰਨ 1521 ਵਿਚ ਬਾਬਰ ਨੇ ਹਿੰਦੁਸਤਾਨ ਉਤੇ ਹਮਲਾ ਕਰ ਕੇ ਐਮਨਾਬਾਦ ਨੂੰ ਅੱਗ ਲਾਈ ਤੇ ਸ਼ਹਿਰ ਵਿਚ ਹੋਰ ਅੱਤਿਆਚਾਰਾਂ ਤੋਂ ਇਲਾਵਾ ਕਤਲਾਮ ਭੀ ਕੀਤੀ ਤਾਂ ਗੁਰੂ ਨਾਨਕ ਦੇਵ ਜੀ ਨੇ 'ਵਾਰ' ਦਾ ਨਕਸ਼ਾ ਲੋਕਾਂ ਦੀ ਹੱਡੀਂ ਵਰਤਦਾ ਅੱਖੀਂ ਭੀ ਵੇਖਿਆ। ਹੋਰ ਢਾਢੀ ਤਾਂ ਅਜੇਹੇ ਸਮੇ ਆਪਣੇ ਕਿਸੇ ਸਾਥੀ ਸੂਰਮੇ ਮਨੁੱਖ ਦੇ ਕਿਸੇ ਉੱਘੇ ਜੰਗੀ ਕਾਰਨਾਮੇ ਨੂੰ ਕਵਿਤਾ ਵਿਚ ਲਿਖਦੇ ਹਨ, ਜਿਵੇਂ ਇਕ ਕਵੀ ਨੇ 'ਨਾਦਰ ਦੀ ਵਾਰ' ਲਿਖੀ ਹੈ; ਪਰ, ਗੁਰੂ ਨਾਨਕ ਸਾਹਿਬ ਨੂੰ ਇਕ ਐਸਾ ਮਹਾਨ ਜੋਧਾ ਨਜ਼ਰੀਂ ਆ ਰਿਹਾ ਸੀ ਜਿਸ ਦੇ ਇਸ਼ਾਰੇ ਤੇ ਜਗਤ ਦੇ ਸਾਰੇ ਹੀ ਜੀਵ ਕਾਮਾਦਿਕ ਵੈਰੀਆਂ ਨਾਲ ਇਕ ਮਹਾਨ ਜੰਗ ਵਿਚ ਲੱਗੇ ਪਏ ਹਨ। ਐਮਨਾਬਾਦ ਦੇ ਜੰਗ ਨੂੰ ਵੇਖ ਕੇ, ਗੁਰੂ ਨਾਨਕ ਦੇਵ ਜੀ ਨੇ ਇਕ ਜੰਗੀ ਕਾਰਨਾਮੇ ਤੇ ਹੀ 'ਵਾਰ' ਲਿਖੀ; ਪਰ ਉਹਨਾਂ ਦਾ 'ਸ਼ਿਰੋਮਣੀ ਪਾਤ੍ਰ' (Hero) ਅਕਾਲ ਪੁਰਖ ਆਪ ਸੀ।

ਗੁਰੂ ਨਾਨਕ ਸਾਹਿਬ ਨੇ ਤਿੰਨ ਵਾਰਾਂ ਲਿਖੀਆਂ ਹਨ—ਮਲਾਰ ਕੀ ਵਾਰ, ਮਾਝ ਕੀ ਵਾਰ ਅਤੇ ਆਸਾ ਦੀ ਵਾਰ; ਭਾਵ, ਇਕ ਵਾਰ 'ਮਲਾਰ' ਰਾਗ ਵਿਚ ਹੈ, ਦੂਜੀ 'ਮਾਝ' ਰਾਗ ਵਿਚ ਤੇ ਤੀਜੀ 'ਆਸਾ' ਰਾਗ ਵਿਚ ਹੈ। ਇਹਨਾਂ ਵਿਚੋਂ 'ਮਲਾਰ ਕੀ ਵਾਰ' ਐਸੀ ਹੈ ਜਿਸ ਵਿਚ ਰਣ-ਭੂਮੀ ਦਾ ਤੇ ਲੜਨ ਵਾਲੇ ਸੂਰਮਿਆਂ ਦਾ ਜ਼ਿਕਰ ਹੈ; ਜਿਵੇਂ:

'ਆਪੇ ਛਿੰਝ ਪਵਾਇ ਮਲਾਖਾੜਾ ਰਚਿਆ ॥
ਲਥੇ ਭੜਥੁ ਪਾਇ......॥
......ਮਾਰੇ ਪਛਾੜਿ......॥
ਆਪਿ ਭਿੜੈ ਮਾਰੈ......॥4॥

ਇਸ ਵਿਚਾਰ ਤੋਂ ਇਹ ਅਨੁਮਾਨ ਲਾਇਆ ਜਾ ਸਕਦਾ ਹੈ ਕਿ ਗੁਰੂ ਨਾਨਕ ਦੇਵ ਜੀ ਦੀ ਸਭ ਤੋਂ ਪਹਿਲੀ 'ਵਾਰ' ਮਲਾਰ ਕੀ ਵਾਰ ਹੈ; ਐਮਨਾਬਾਦ ਦਾ ਜੰਗ ਵੇਖ ਕੇ ਉਹਨਾਂ ਨੇ ਮਹਾਂ ਬਲੀ ਜੋਧੇ ਅਕਾਲ ਪੁਰਖ ਦੇ ਉਸ ਜੰਗ ਦਾ ਹਾਲ ਲਿਖਿਆ ਜੋ ਸਾਰੇ ਜਗਤ-ਰੂਪ ਰਣ-ਭੂਮੀ ਵਿਚ ਹੋ ਰਿਹਾ ਹੈ। ਐਮਨਾਬਾਦ ਦੀ ਕਤਲਾਮ ਦੀ ਘਟਨਾ 1521 ਵਿਚ ਤਦੋਂ ਹੋਈ ਜਦੋਂ ਗੁਰੂ ਨਾਨਕ ਦੇਵ ਜੀ ਅਖ਼ੀਰਲੀ ਤੀਜੀ 'ਉਦਾਸੀ' ਤੋਂ ਵਾਪਸ ਐਮਨਾਬਾਦ ਆਏ। ਸੋ, ਇਹ

'ਵਾਰ' 1521 ਵਿਚ ਕਰਤਾਰਪੁਰੇ ਲਿਖੀ ਗਈ।

ਇਸ 'ਵਾਰ' ਦੀਆਂ 28 ਪਉੜੀਆਂ ਹਨ, ਪਰ ਪਉੜੀ ਨੰ: 27 ਗੁਰੂ ਅਰਜਨ ਸਾਹਿਬ ਦੀ ਹੈ, ਗੁਰੂ ਨਾਨਕ ਸਾਹਿਬ ਦੀਆਂ ਲਿਖਤਾਂ ਹੋਈਆਂ ਸਿਰਫ਼ 27 ਪਉੜੀਆਂ ਹਨ, ਤੇ ਹਰੇਕ ਪਉੜੀ ਵਿਚ ਅੱਠ ਅੱਠ ਤੁਕਾਂ ਹਨ। ਹੁਣ ਇਸ 'ਵਾਰ' ਦਾ ਟਾਕਰਾ ਕਰੋ 'ਮਾਝ ਕੀ ਵਾਰ' ਨਾਲ; ਉਸ ਵਿਚ ਭੀ 27 ਪਉੜੀਆਂ ਹਨ ਤੇ ਹਰੇਕ ਪਉੜੀ ਵਿਚ ਅੱਠ-ਅੱਠ ਤੁਕਾਂ ਹਨ। ਮਜ਼ਮੂਨ ਭੀ ਦੋਹਾਂ ਵਾਰਾਂ ਦਾ ਇਕੋ ਜੇਹਾ ਹੈ—'ਤ੍ਰਿਸ਼ਨਾ ਦੀ ਅੱਗ'। 'ਮਲਾਰ ਕੀ ਵਾਰ' ਵਿਚ ਲਿਖਿਆ ਹੈ 'ਅਗਨਿ ਭਖੈ ਭੜਹਾੜੁ ਅਨਦਿਨੁ ਭਖਸੀ'—26; ਤੇ 'ਅਗਨਿ ਉਪਾਈ ਵਾਦੁ ਭੁਖ ਤਿਹਾਇਆ'—9। 'ਮਾਝ ਕੀ ਵਾਰ' ਵਿਚ ਭੀ 'ਤ੍ਰਿਸ਼ਨਾ-ਅੱਗ' ਦਾ ਹੀ ਜ਼ਿਕਰ ਹੈ—'ਤ੍ਰਿਸਨਾ ਅੰਦਰਿ ਅਗਨਿ ਹੈ ਨਾਹ ਤਿਪਤੈ ਭੁਖਾ ਤਿਹਾਇਆ'—2। 'ਮਲਾਰ ਕੀ ਵਾਰ' ਵਿਚ ਲਿਖਿਆ ਹੈ ਕਿ ਇਸ ਤ੍ਰਿਸ਼ਨਾ ਅੱਗ ਤੋਂ ਜੰਗਲ-ਵਾਸ, ਸਰੇਵੜਿਆਂ ਵਾਲੀ ਕੁਚੀਲਤਾ, ਅੰਨ ਦਾ ਤਿਆਗ, ਵਿੱਦਵਤਾ ਤੇ ਭਗਵਾ ਵੇਸ ਆਦਿਕ ਬਚਾ ਨਹੀਂ ਸਕਦੇ, ਵੇਖੋ ਪਉੜੀ ਨੰ: 15, 16, 17, 23 ਤੇ 25। ਮਾਝ ਕੀ ਵਾਰ ਵਿਚ ਭੀ ਇਹੀ ਜ਼ਿਕਰ ਹੈ; ਵੇਖੋ ਪਉੜੀ ਨੰ: 5 ਤੇ 6।

ਇਹਨਾਂ ਦੋਹਾਂ ਵਾਰਾਂ ਦੇ ਇਸ ਟਾਕਰੇ ਤੋਂ ਇਹ ਅੰਦਾਜ਼ਾ ਲੱਗਦਾ ਹੈ ਕਿ 'ਮਲਾਰ ਕੀ ਵਾਰ' ਲਿਖਣ ਤੋਂ ਥੋੜਾ ਹੀ ਚਿਰ ਪਿੱਛੋਂ ਸਤਿਗੁਰੂ ਜੀ ਨੇ ਇਹ ਦੂਜੀ 'ਮਾਝ ਕੀ ਵਾਰ' ਲਿਖੀ ਸੰਨ 1521 ਵਿਚ ਕਰਤਾਰਪੁਰੇ। ਤ੍ਰੈਵੇਂ ਉਦਾਸੀਆਂ ਮੁਕਾ ਕੇ ਅਜੇ ਕਰਤਾਰਪੁਰੇ ਟਿਕੇ ਹੀ ਸਨ; ਉਦਾਸੀਆਂ ਸਮੇ ਕਈ ਜੋਗੀਆਂ ਸੰਨਿਆਸੀਆਂ ਸਰੇਵੜਿਆਂ ਤੇ ਵਿਦਵਾਨ ਪੰਡਿਤ ਆਦਿਕਾਂ ਨੂੰ ਮਿਲੇ, ਉਹ ਖ਼ਿਆਲ ਅਜੇ ਦਿਲ ਵਿਚ ਤਾਜ਼ਾ ਸਨ ਜੋ ਇਹਨਾਂ ਦੋਹਾਂ 'ਵਾਰਾਂ' ਵਿਚ ਪਰਗਟ ਕੀਤੇ ਹਨ ਜਿਵੇਂ ਉਪਰ ਦੱਸਿਆ ਗਿਆ ਹੈ।

ਪਰ, 'ਆਸਾ ਦੀ ਵਾਰ' ਇਹਨਾਂ 'ਵਾਰਾਂ' ਤੋਂ ਵੱਖਰੀ ਕਿਸਮ ਦੀ ਹੈ। ਇਸ ਵਿਚ 24 ਪਉੜੀਆਂ ਹਨ, ਹਰੇਕ ਪਉੜੀ ਵਿਚ ਤੁਕਾਂ ਭੀ ਸਾਢੇ ਚਾਰ ਚਾਰ ਹਨ। ਮਜ਼ਮੂਨ ਭੀ ਹੋਰ ਤਰ੍ਹਾਂ ਦਾ ਹੈ। ਸਾਰੀ 'ਵਾਰ' ਵਿਚ ਕਿਤੇ ਉਹਨਾਂ ਜੋਗੀਆਂ ਸੰਨਿਆਸੀਆਂ ਸਰੇਵੜਿਆਂ ਤੇ ਵਿਦਵਾਨ ਪੰਡਿਤਾਂ ਵਲ ਇਸ਼ਾਰਾ ਨਹੀਂ ਜਿਨ੍ਹਾਂ ਨੂੰ 'ਉਦਾਸੀਆਂ' ਵਿਚ ਮਿਲੇ ਸਨ। ਇਕ ਐਸੇ 'ਜੀਵਨ' ਦੀ ਤਸਵੀਰ ਇਥੇ ਦਿੱਤੀ ਗਈ ਹੈ ਜਿਸ ਦੀ ਹਰੇਕ ਨੂੰ ਲੋੜ ਹੈ, ਜਿਸ ਦਾ ਚੇਤਾ ਹਰੇਕ ਇਨਸਾਨ ਲਈ ਹਰ ਰੋਜ਼ ਕਰਨਾ ਜ਼ਰੂਰੀ ਜਿਹਾ ਜਾਪਦਾ ਹੈ; ਸ਼ਾਇਦ ਇਸੇ ਵਾਸਤੇ ਇਸ 'ਵਾਰ' ਦਾ ਕੀਰਤਨ ਨਿੱਤ ਕਰਨਾ ਸਿੱਖ ਮਰਯਾਦਾ ਵਿਚ ਦੱਸਿਆ ਗਿਆ ਹੈ। 'ਆਸਾ ਦੀ ਵਾਰ' ਕੀ ਹੈ? ਇੱਕ ਉੱਚ ਦਰਜੇ ਦੀ ਜੀਵਨ ਫ਼ਿਲਾਸਫ਼ੀ। ਐਮਨਾਬਾਦ ਦੀ ਕਤਲਾਮ, ਸਰੇਵੜਿਆਂ ਦੀ ਕੁਚੀਲਤਾ, ਪੰਡਿਤਾਂ ਦਾ ਵਿੱਦਿਆ-ਅਹੰਕਾਰ ਇਸ ਤੋਂ ਦੂਰ ਪਿਛਾਂਹ ਰਹਿ ਗਏ ਹਨ। ਸੋ, ਇਹ ਰਚਨਾ ਗੁਰੂ ਨਾਨਕ ਸਾਹਿਬ ਦੇ ਜੀਵਨ-ਸਫ਼ਰ ਦੇ ਅਖ਼ੀਰਲੇ ਹਿੱਸੇ ਦੀ ਜਾਪਦੀ ਹੈ, ਰਾਵੀ ਦੇ ਕੰਢੇ ਕਿਸੇ ਨਿਰੋਲ ਰੱਬੀ-ਇਕਾਂਤ ਵਿਚ ਬੈਠਿਆਂ।

'ਵਾਰ ਦੀ ਬਣਤਰ'

ਪਉੜੀਆਂ:

ਇਸ 'ਵਾਰ' ਵਿਚ 28 ਪਉੜੀਆਂ ਹਨ। ਹਰੇਕ ਪਉੜੀ ਵਿਚ ਅੱਠ ਅੱਠ ਤੁਕਾਂ ਹਨ। ਪਉੜੀ ਨੰ: 27 ਗੁਰੂ ਅਰਜਨ ਸਾਹਿਬ ਦੀ ਹੈ। ਇਹ 'ਵਾਰ' ਗੁਰੂ ਨਾਨਕ ਦੇਵ ਜੀ ਦੀ ਲਿਖੀ ਹੋਈ ਹੈ; ਇਸ ਵਿਚ ਪਹਿਲਾਂ 27 ਪਉੜੀਆਂ ਹੀ ਸਨ।

ਸਲੋਕ:

ਇਸ 'ਵਾਰ' ਦੀਆਂ 28 ਪਉੜੀਆਂ ਦੇ ਨਾਲ ਕੁੱਲ 58 ਸਲੋਕ ਹਨ। ਪਉੜੀ ਨੰ: 21 ਦੇ ਨਾਲ 4 ਸਲੋਕ ਹਨ, ਬਾਕੀ 27 ਪਉੜੀਆਂ ਵਿਚ ਹਰੇਕ ਦੇ ਨਾਲ ਦੋ ਦੋ ਸਲੋਕ ਹਨ। ਗੁਰ-ਵਿਅਕਤੀਆਂ ਅਨੁਸਾਰ ਇਹਨਾਂ ਸਲੋਕਾਂ ਦਾ ਵੇਰਵਾ ਇਉਂ ਹੈ:

ਮ: 1 24
ਮ: 2 5
ਮ: 3 27
ਮ: 5 2
. . . . . . ——
ਜੋੜ 58

ਸਲੋਕ ਮ: 1—ਹੇਠ-ਲਿਖੀਆਂ 8 ਪਉੜੀਆਂ ਦੇ ਨਾਲ
ਗੁਰੂ ਨਾਨਕ ਦੇਵ ਜੀ ਦੇ ਦੋ ਦੋ ਸਲੋਕ ਹਨ:
2, 19, 20, 23, 24, 25, 27, 28 = 16
ਪਉੜੀ ਨੰ: 21 ਦੇ ਨਾਲ = 4
ਹੇਠ-ਲਿਖੀਆਂ 4 ਪਉੜੀਆਂ ਦੇ ਨਾਲ ਇਕ ਇਕ:
1, 3, 23, 26 = 4
. . . . ——
. . . . ਜੋੜ . . . 24
ਸਲੋਕ ਮ: 2—ਪਉੜੀ ਨੰ: 4 ਦੇ ਨਾਲ ਦੋਵੇਂ =2
ਪਉੜੀ ਨੰ: 3, 22, 26 ਨਾਲ ਇਕ ਇਕ = 3
. . . . ——
. . . . ਜੋੜ 5
ਸਲੋਕ ਮ: 3:
ਪਉੜੀ ਨੰ: 5 ਤੋਂ 13 (9 ਪਉੜੀਆਂ) ਦੇ ਨਾਲ ਦੋ ਦੋ . = 18
ਪਉੜੀ ਨੰ: 15 ਤੋਂ 18 (4 ਪਉੜੀਆਂ) ਦੇ ਨਾਲ ਦੋ ਦੋ = 8
ਪਉੜੀ ਨੰ: 1 ਦੇ ਨਾਲ ਇੱਕ . . . .= 1
. . . .——
. . . . ਜੋੜ . . . . = 27
ਸਲੋਕ ਮ: 5—ਪਉੜੀ ਨੰ: 14 ਦੇ ਨਾਲ ਦੋ . . . . . . = 2
. . . . ——
. . . . ਜੋੜ . . 2 . . . . = 58 ਕੁੱਲ ਜੋੜ

ਸਾਰੇ ਸਲੋਕ ਗੁਰੂ ਅਰਜਨ ਸਾਹਿਬ ਨੇ ਦਰਜ ਕੀਤੇ:

ਇਸ 'ਵਾਰ' ਗੁਰੂ ਨਾਨਕ ਦੇਵ ਜੀ ਦੀ ਹੈ। ਜਦੋਂ ਲਿਖੀ ਗਈ ਸੀ ਤਦੋਂ ਇਸ ਦੀਆਂ 27 ਪਉੜੀਆਂ ਸਨ। ਪਉੜੀਆਂ ਦੇ ਨਾਲ ਦਰਜ ਸਲੋਕ ਸਭ ਤੋਂ ਵਧੀਕ ਗੁਰੂ ਅਮਰਦਾਸ ਜੀ ਦੇ ਹਨ (27)। ਗੁਰੂ ਨਾਨਕ ਦੇਵ ਜੀ ਦੇ 24 ਹਨ ਅਤੇ ਗੁਰੂ ਅੰਗਦ ਸਾਹਿਬ ਦੇ 5 ਹਨ।

ਹਰੇਕ ਪਉੜੀ ਦੀਆਂ ਅੱਠ ਅੱਠ ਤੁਕਾਂ ਹਨ। ਕਾਵਿ ਦੇ ਦ੍ਰਿਸ਼ਟੀਕੋਣ ਤੋਂ ਸਾਰੀ ਹੀ 'ਵਾਰ' ਵਿਚ ਇਕ-ਸਾਰਤਾ ਹੈ। ਇਹ ਨਹੀਂ ਹੋ ਸਕਦਾ ਸੀ ਕਿ ਗੁਰੂ ਨਾਨਕ ਦੇਵ ਜੀ ਵਿਚੋਂ ਵਿਚੋਂ ਸਿਰਫ਼ 9 ਪਉੜੀਆਂ ਦੇ ਨਾਲ ਪੂਰੇ ਸਲੋਕ ਦਰਜ ਕਰਦੇ, 4 ਪਉੜੀਆਂ ਦੇ ਨਾਲ ਨਾਲ ਇਕ ਸਲੋਕ ਦਰਜ ਕਰਦੇ, ਅਤੇ ਬਾਕੀ ਦੀਆਂ 14 ਪਉੜੀਆਂ ਬਿਲਕੁਲ ਖ਼ਾਲੀ ਰਹਿਣ ਦੇਂਦੇ।

ਇਹ ਮਿਥ ਭੀ ਉੱਕੀ ਗ਼ਲਤ ਹੋਵੇਗੀ ਕਿ ਇਹਨਾਂ ਸਾਰੀਆਂ 27 ਪਉੜੀਆਂ ਦੇ ਨਾਲ ਗੁਰੂ ਅਮਰਦਾਸ ਜੀ ਨੇ

ਆਪਣੇ, ਗੁਰੂ ਅੰਗਦ ਸਾਹਿਬ ਦੇ ਅਤੇ ਗੁਰੂ ਨਾਨਕ ਸਾਹਿਬ ਦੇ ਸਲੋਕ ਦਰਜ ਕੀਤੇ। ਉਹਨਾਂ ਪਉੜੀ ਨੰ: 14 ਖ਼ਾਲੀ ਕਿਉਂ ਛੱਡਣੀ ਸੀ? ਇਸ ਪਉੜੀ ਦੇ ਨਾਲ ਦੋਵੇਂ ਸਲੋਕ ਗੁਰੂ ਅਰਜਨ ਸਾਹਿਬ ਦੇ ਹਨ।

ਸੋ ਪੱਕੇ ਤੌਰ ਤੇ ਇਸੇ ਨਤੀਜੇ ਉਤੇ ਅਪੜਨਾ ਪਏਗਾ ਕਿ ਇਸ 'ਵਾਰ' ਦੀਆਂ ਸਾਰੀਆਂ ਹੀ ਪਉੜੀਆਂ ਦੇ ਨਾਲ ਸਲੋਕ ਗੁਰੂ ਅਰਜਨ ਸਾਹਿਬ ਨੇ ਦਰਜ ਕੀਤੇ ਸਨ।

ਪੂਰਨੇ ਗੁਰੂ ਨਾਨਕ ਜੀ ਨੇ ਪਾਏ:

ਇਹ ਨਿਰਨਾ ਪੱਕਾ ਹੋ ਗਿਆ ਕਿ ਗੁਰੂ ਨਾਨਕ ਦੇਵ ਜੀ ਨੇ ਇਹ 'ਵਾਰ' ਸਿਰਫ਼ ਪਉੜੀਆਂ ਦਾ ਸੰਗ੍ਰਹ ਬਣਾਇਆ ਸੀ। 'ਵਾਰਾਂ' ਵਿਚੋਂ ਇਹ 'ਵਾਰ' ਉਹਨਾਂ ਦੀ ਪਹਿਲੀ ਰਚਨਾ ਸੀ। ਸੋ, ਇਹ ਪੂਰਨੇ ਗੁਰੂ ਨਾਨਕ ਦੇਵ ਜੀ ਨੇ ਹੀ ਪਾਏ ਕਿ ਪਹਿਲੇ 'ਵਾਰਾਂ' ਸਿਰਫ਼ ਪਉੜੀਆਂ ਦਾ ਸੰਗ੍ਰਹ ਹੁੰਦੀਆਂ ਸਨ। ਸਭ 'ਵਾਰਾਂ' ਦੇ ਨਾਲ ਸਲੋਕ ਗੁਰੂ ਅਰਜਨ ਸਾਹਿਬ ਨੇ ਦਰਜ ਕੀਤੇ। ਕਿਥੋਂ ਲਏ? ਹਰੇਕ ਗੁਰ-ਵਿਅਕਤੀ ਦੇ ਸਲੋਕਾਂ ਦੇ ਸੰਗ੍ਰਹ ਵਿਚੋਂ ਲਏ। ਜਿਹੜੇ ਸਲੋਕ ਇਸ ਚੋਣ ਤੋਂ ਵਧ ਗਏ, ਉਹ ਗੁਰੂ ਅਰਜਨ ਸਾਹਿਬ ਨੇ ਗੁਰੂ ਗ੍ਰੰਥ ਸਾਹਿਬ ਦੇ ਅਖ਼ੀਰ ਤੇ ਸਿਰ-ਲੇਖ 'ਸਲੋਕ ਵਾਰਾਂ ਤੇ ਵਧੀਕ' ਦੇ ਹੇਠਾਂ ਦਰਜ ਕਰ ਦਿੱਤੇ।

ਵਾਰ ਮਲਾਰ ਕੀ ਮਹਲਾ ੧ ਰਾਣੇ ਕੈਲਾਸ ਤਥਾ ਮਾਲਦੇ ਕੀ ਧੁਨਿ ॥

ਕੈਲਾਸ ਦੇਉ ਤੇ ਮਾਲ ਦੇਉ ਦੋ ਸੱਕੇ ਭਰਾ ਸਨ, ਜੰਮੂ ਕਸ਼ਮੀਰ ਦੇ ਰਾਜੇ ਤੇ ਜਹਾਂਗੀਰ ਦਾ ਹਾਲਾ ਭਰਦੇ ਸਨ। ਇਹਨਾਂ ਨੂੰ ਕਮਜ਼ੋਰ ਕਰਨ ਲਈ ਜਹਾਂਗੀਰ ਨੇ ਕਿਸੇ ਭੇਤੀ ਨੂੰ ਵਿੱਚ ਪਾ ਕੇ ਇਹਨਾਂ ਨੂੰ ਆਪੋ ਵਿਚ ਲੜਾ ਦਿੱਤਾ; ਤਕੜਾ ਜੁੱਧ ਮਚਿਆ, ਮਾਲ ਦੇਉ ਜਿੱਤ ਗਿਆ, ਕੈਲਾਸ ਦੇਉ ਪਕੜਿਆ ਗਿਆ। ਪਰ ਫਿਰ ਦੋਵੇਂ ਭਰਾ ਸੁਲਹ ਕਰ ਕੇ ਪਿਆਰ ਨਾਲ ਰਲ ਬੈਠੇ, ਅੱਧਾ ਅੱਧਾ ਰਾਜ ਵੰਡ ਲਿਆ। ਢਾਢੀਆਂ ਨੇ ਇਸ ਜੰਗ ਦੀ ਵਾਰ ਲਿਖੀ। ਇਸ 'ਵਾਰ' ਵਿਚੋਂ ਨਮੂਨੇ ਦੀ ਪਉੜੀ:

ਧਰਤ ਘੋੜਾ, ਪਰਬਤ ਪਲਾਣ, ਸਿਰ ਟੱਟਰ ਅੰਬਰ ॥ ਨੌ ਸੌ ਨਦੀ ਨੜਿੰਨਵੇ ਰਾਣਾ ਜਲ ਕੰਬਰ ॥ ਢੁਕਾ ਰਾਇ ਅਮੀਰ ਦੇਵ ਕਰਿ ਮੇਘ ਅਡੰਬਰ ॥ ਆਣਿਤ ਖੰਡਾ ਰਾਣਿਆਂ ਕੈਲਾਸ਼ੇ ਅੰਦਰ ॥ ਬਿਜਲੀ ਜਿਉਂ ਚਮਕਾਣੀਆਂ ਤੇਗਾਂ ਵਿਚ ਅੰਬਰ ॥ ਮਾਲਦੇਉ ਕੈਲਾਸ਼ ਨੂੰ ਬੱਧਾ ਕਰਿ ਸੰਬਰ ॥ ਫਿਰ ਅੱਧਾ ਧਨ ਮਾਲਦੇਉ ਛਡਿਆ ਗੜ੍ਹ ਅੰਦਰ ॥ ਮਾਲਦੇਉ ਜਸੁ ਖਟਿਆ ਵਾਂਗ ਸ਼ਾਹ ਸਿਕੰਦਰ ॥

ਜਿਸ ਸੁਰ ਵਿਚ ਮਾਲਦੇਉ ਦੀ ਇਹ ਵਾਰ ਲੋਕ ਗਾਉਂਦੇ ਸਨ, ਉਸੇ ਸੁਰ ਵਿਚ ਗੁਰੂ ਨਾਨਕ ਦੇਵ ਜੀ ਦੀ ਇਹ ਵਾਰ ਗਾਉਣ ਦੀ ਹਿਦੈਤ ਹੈ।

ੴ ਸਤਿਗੁਰ ਪ੍ਰਸਾਦਿ ॥ ਸਲੋਕ ਮਹਲਾ ੩ ॥ ਗੁਰਿ ਮਿਲਿਐ ਮਨੁ ਰਹਸੀਐ ਜਿਉ ਵੁਠੈ ਧਰਣਿ ਸੀਗਾਰੁ ॥ ਸਭ ਦਿਸੈ ਹਰੀਆਵਲੀ ਸਰ ਭਰੇ ਸੁਭਰ ਤਾਲ ॥ ਅੰਦਰੁ ਰਚੈ ਸਚ ਰੰਗਿ ਜਿਉ ਮੰਜੀਠੈ ਲਾਲੁ ॥ ਕਮਲੁ ਵਿਗਸੈ ਸਚੁ ਮਨਿ ਗੁਰ ਕੈ ਸਬਦਿ ਨਿਹਾਲੁ ॥ ਮਨਮੁਖ ਦੂਜੀ ਤਰਫ ਹੈ ਵੇਖਹੁ ਨਦਰਿ ਨਿਹਾਲਿ ॥ ਫਾਹੀ ਫਾਥੇ ਮਿਰਗ ਜਿਉ ਸਿਰਿ ਦੀਸੈ ਜਮਕਾਲੁ ॥ ਖੁਧਿਆ ਤ੍ਰਿਸਨਾ ਨਿੰਦਾ ਬੁਰੀ ਕਾਮੁ ਕ੍ਰੋਧੁ ਵਿਕਰਾਲੁ ॥ ਏਨੀ ਅਖੀ ਨਦਰਿ ਨ ਆਵਈ ਜਿਚਰੁ ਸਬਦਿ ਨ ਕਰੇ ਬੀਚਾਰੁ ॥ ਤੁਧੁ ਭਾਵੈ ਸੰਤੋਖੀਆਂ ਚੂਕੈ ਆਲ ਜੰਜਾਲੁ ॥ ਮੂਲੁ ਰਹੈ ਗੁਰੁ ਸੇਵਿਐ ਗੁਰ ਪਉੜੀ ਬੋਹਿਥੁ ॥ ਨਾਨਕ ਲਗੀ ਤਤੁ ਲੈ ਤੂੰ ਸਚਾ ਮਨਿ ਸਚੁ ॥੧॥ {ਪੰਨਾ 1278-1279}

ਪਦ ਅਰਥ:- ਗੁਰਿ ਮਿਲਿਐ—ਜੇ ਗੁਰੂ ਮਿਲ ਪਏ। ਰਹਸੀਐ—ਖਿੜ ਪੈਂਦਾ ਹੈ। ਵੁਠੈ—(ਮੀਂਹ) ਵੱਸਿਆਂ। ਧਰਤਿ—ਧਰਤੀ। ਸਰ—ਸਰੋਵਰ। ਸੁਭਰ—ਸੁ+ਭਰ ਨਕਾ-ਨਕ ਭਰੇ ਹੋਏ। ਤਾਲ—ਤਲਾ। ਅੰਦਰੁ—ਅੰਦਰਲਾ

ਮਨ। ਵਿਗਸੈ—ਖਿੜ ਪੈਂਦਾ ਹੈ। ਨਿਹਾਲੁ—ਪ੍ਰਸੰਨ। ਤਰਫ—ਪਾਸਾ। ਨਦਰਿ ਨਿਹਾਲਿ—ਗਹੁ ਨਾਲ ਤੱਕ ਕੇ। ਖੁਧਿਆ—ਭੁੱਖ। ਬੁਰੀ—ਭੈੜੀ, ਚੰਦਰੀ। ਵਿਕਰਾਲੁ—ਡਰਾਉਣਾ। ਆਲ ਜੰਜਾਲੁ—ਘਰ ਦਾ ਜੰਜਾਲ। ਮੂਲੁ ਰਹੇ—ਰਾਸ (ਮੂਲ) ਬਚੀ ਰਹਿੰਦੀ ਹੈ। ਬੋਹਿਥੁ—ਜਹਾਜ਼। ਸਚਾ—ਸਦਾ ਕਾਇਮ ਰਹਿਣ ਵਾਲਾ। ਮਨਿ—ਮਨ ਵਿਚ।

ਅਰਥ:- ਜੇ ਗੁਰੂ ਮਿਲ ਪਏ ਤਾਂ ਮਨ ਖਿੜ ਪੈਂਦਾ ਹੈ ਜਿਵੇਂ ਮੀਂਹ ਪਿਆਂ ਧਰਤੀ ਦੀ ਸਜਾਵਟ ਬਣ ਜਾਂਦੀ ਹੈ, ਸਾਰੀ (ਧਰਤੀ) ਹਰੀ ਹੀ ਹਰੀ ਦਿੱਸਦੀ ਹੈ ਸਰੋਵਰ ਤੇ ਤਲਾਬ ਨਕਾ ਨਕ ਪਾਣੀ ਨਾਲ ਭਰ ਜਾਂਦੇ ਹਨ (ਇਸੇ ਤਰ੍ਹਾਂ ਜਿਸ ਨੂੰ ਗੁਰੂ ਮਿਲਦਾ ਹੈ ਉਸ ਦਾ) ਮਨ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਪਿਆਰ ਵਿਚ ਰਚ ਜਾਂਦਾ ਹੈ ਤੇ ਮਜੀਠ ਵਾਂਗ ਰੱਤਾ (ਪੱਕੇ ਪਿਆਰ-ਰੰਗ ਵਾਲਾ ਹੋ) ਜਾਂਦਾ ਹੈ, ਉਸ ਦਾ ਹਿਰਦਾ-ਕਉਲ ਖਿੜ ਪੈਂਦਾ ਹੈ, ਸੱਚਾ ਪ੍ਰਭੂ (ਉਸ ਦੇ) ਮਨ ਵਿਚ (ਆ ਵੱਸਦਾ ਹੈ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਸਦਾ ਪ੍ਰਸੰਨ ਰਹਿੰਦਾ ਹੈ।

ਪਰ, ਗਹੁ ਨਾਲ ਤੱਕ ਕੇ ਵੇਖੋ, ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਦੂਜਾ ਪਾਸਾ ਹੁੰਦਾ ਹੈ (ਭਾਵ, ਉਸ ਦੀ ਹਾਲਤ ਇਸ ਦੇ ਉਲਟ ਹੁੰਦੀ ਹੈ) ਫਾਹੀ ਵਿਚ ਫਸੇ ਹਰਨ ਵਾਂਗ ਜਮਕਾਲ (ਭਾਵ, ਮੌਤ ਦਾ ਡਰ) ਸਦਾ ਉਸ ਦੇ ਸਿਰ ਉੱਤੇ (ਖੜਾ) ਦਿੱਸਦਾ ਹੈ; (ਆਤਮਕ ਮੌਤ ਉਸ ਉਤੇ ਆਪਣਾ ਜ਼ੋਰ ਪਾਈ ਰੱਖਦੀ ਹੈ)। (ਮਾਇਆ ਦੀ) ਚੰਦਰੀ ਭੁੱਖ ਤ੍ਰੇਹ ਤੇ ਨਿੰਦਿਆ, ਕਾਮ ਤੇ ਡਰਾਉਣਾ ਕ੍ਰੋਧ (ਉਸ ਨੂੰ ਸਦਾ ਸਤਾਂਦੇ ਹਨ, ਪਰ ਇਹ ਹਾਲਤ ਉਸ ਨੂੰ) ਇਹਨਾਂ ਅੱਖਾਂ ਨਾਲ (ਤਦ ਤਕ) ਨਹੀਂ ਦਿੱਸਦੀ ਜਦ ਤਕ ਉਹ ਗੁਰ-ਸ਼ਬਦ ਵਿਚ ਵਿਚਾਰ ਨਹੀਂ ਕਰਦਾ। (ਹੇ ਪ੍ਰਭੂ!) ਜਦੋਂ ਤੈਨੂੰ ਭਾਵੇ ਤਾਂ (ਇਹ ਅੱਖਾਂ) ਸੰਤੋਖ ਵਿਚ ਆਉਂਦੀਆਂ ਹਨ (ਭਾਵ, ਖੁਧਿਆ ਤ੍ਰਿਸਨਾ ਮਿਟਦੀ ਹੈ) ਤੇ ਘਰ ਦਾ ਜੰਜਾਲ ਮੁੱਕਦਾ ਹੈ।

ਗੁਰੂ ਨੂੰ ਸੇਵਿਆਂ (ਭਾਵ, ਗੁਰੂ ਦੇ ਹੁਕਮ ਵਿਚ ਤੁਰਿਆਂ) ਜੀਵ ਦੀ ਨਾਮ-ਰੂਪ ਰਾਸਿ ਬਚੀ ਰਹਿੰਦੀ ਹੈ, ਗੁਰੂ ਦੀ ਪਉੜੀ (ਭਾਵ, ਸਿਮਰਨ) ਦੀ ਰਾਹੀਂ (ਨਾਮ-ਰੂਪੀ) ਜਹਾਜ਼ ਪ੍ਰਾਪਤ ਹੋ ਜਾਂਦਾ ਹੈ। ਹੇ ਨਾਨਕ! ਜੋ ਜੀਵ-ਇਸਤ੍ਰੀ (ਇਸ ਸਿਮਰਨ-ਰੂਪ ਗੁਰ-ਪਉੜੀ ਨੂੰ) ਸੰਭਾਲਦੀ ਹੈ ਉਹ ਅਸਲੀਅਤ ਲੱਭ ਲੈਂਦੀ ਹੈ। ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਉਸ ਦੇ ਮਨ ਵਿਚ ਸਦਾ ਲਈ ਆ ਵੱਸਦਾ ਹੈਂ।1।

ਮਹਲਾ ੧ ॥ ਹੇਕੋ ਪਾਧਰੁ ਹੇਕੁ ਦਰੁ ਗੁਰ ਪਉੜੀ ਨਿਜ ਥਾਨੁ ॥ ਰੂੜਉ ਠਾਕੁਰੁ ਨਾਨਕਾ ਸਭਿ ਸੁਖ ਸਾਚਉ ਨਾਮੁ ॥੨॥ {ਪੰਨਾ 1279}

ਪਦ ਅਰਥ:- ਪਾਧਰੁ—ਪੱਧਰਾ ਰਾਹ। ਹੇਕੋ—ਇਕੋ ਹੀ। ਗੁਰ ਪਉੜੀ—ਗੁਰੂ ਦੀ ਦੱਸੀ ਹੋਈ ਪਉੜੀ, (ਭਾਵ, ਸਿਮਰਨ)। ਨਿਜ—ਨਿਰੋਲ ਆਪਣਾ। ਰੂੜਉ—ਸੋਹਣਾ। ਸਭਿ—ਸਾਰੇ। ਠਾਕੁਰੁ—ਪਾਲਣਹਾਰ।

ਅਰਥ:- ਹੇ ਨਾਨਕ! (ਇਕ ਪ੍ਰਭੂ ਹੀ) ਸੋਹਣਾ ਪਾਲਣਹਾਰ ਖਸਮ ਹੈ (ਉਸ ਪ੍ਰਭੂ ਦਾ ਹੀ) ਇਕ ਦਰ (ਜੀਵ ਦਾ) ਨਿਰੋਲ ਆਪਣਾ ਥਾਂ ਹੈ (ਜਿੱਥੋਂ ਕਦੇ ਕਿਸੇ ਨੇ ਦੁਰਕਾਰਨਾ ਨਹੀਂ, ਇਸ 'ਦਰ' ਤਕ ਅੱਪੜਨ ਲਈ) ਗੁਰੂ ਦੀ ਪਉੜੀ (ਭਾਵ, ਸਿਮਰਨ ਹੀ) ਇਕੋ ਸਿੱਧਾ ਰਸਤਾ ਹੈ, (ਪ੍ਰਭੂ ਦਾ) ਸੱਚਾ ਨਾਮ (ਸਿਮਰਨਾ) ਹੀ ਸਾਰੇ ਸੁਖਾਂ (ਦਾ ਮੂਲ) ਹੈ।2।

ਪਉੜੀ ॥ ਆਪੀਨੈ੍ ਆਪੁ ਸਾਜਿ ਆਪੁ ਪਛਾਣਿਆ ॥ ਅੰਬਰੁ ਧਰਤਿ ਵਿਛੋੜਿ ਚੰਦੋਆ ਤਾਣਿਆ ॥ ਵਿਣੁ ਥੰਮ੍ਹਾ ਗਗਨੁ ਰਹਾਇ ਸਬਦੁ ਨੀਸਾਣਿਆ ॥ ਸੂਰਜੁ ਚੰਦੁ ਉਪਾਇ ਜੋਤਿ ਸਮਾਣਿਆ ॥ ਕੀਏ ਰਾਤਿ ਦਿਨੰਤੁ ਚੋਜ ਵਿਡਾਣਿਆ ॥ ਤੀਰਥ ਧਰਮ ਵੀਚਾਰ ਨਾਵਣ ਪੁਰਬਾਣਿਆ ॥ ਤੁਧੁ ਸਰਿ ਅਵਰੁ ਨ ਕੋਇ ਕਿ ਆਖਿ ਵਖਾਣਿਆ ॥ ਸਚੈ ਤਖਤਿ ਨਿਵਾਸੁ ਹੋਰ ਆਵਣ ਜਾਣਿਆ ॥੧॥ {ਪੰਨਾ 1279}

ਪਦ ਅਰਥ:- ਆਪੀਨੈ੍—(ਨੋਟ—ਅੱਖਰ 'ਨ' ਦੇ ਨਾਲ ਅੱਧਾ 'ਹ' ਹੈ) "ਆਪਿ ਹੀ ਨੈ", ਭਾਵ, (ਪ੍ਰਭੂ) ਨੇ ਆਪ ਹੀ। ਲਫ਼ਜ਼ 'ਹੀ' ਦਾ 'ਹ' ਇਥੋਂ ਹੱਟ ਕੇ 'ਨੈ' ਦੇ ਨਾਲ ਮਿਲ ਕੇ "ਆਪਿ ਈ ਨੈ੍" ਤੋਂ ਇਕੱਠਾ "ਆਪੀਨੈ੍" ਬਣ

ਗਿਆ ਹੈ; ਵੇਖੋ "ਆਸਾ ਦੀ ਵਾਰ" ਪਉੜੀ 1। ਆਪੁ—ਆਪਣੇ ਆਪ ਨੂੰ। ਅੰਬਾਰੁ—ਆਕਾਸ਼। ਰਹਾਇ—ਟਿਕਾ ਕੇ। ਨੀਸਾਣਿਆ—'ਨਿਸਾਣ' ਬਣਾਇਆ ਹੈ, ਨਗਾਰਾ ਬਣਾਇਆ ਹੈ। ਸਬਦੁ—ਹੁਕਮ। ਚੋਜ—ਤਮਾਸ਼ੇ। ਵਿਡਾਣਿਆ—ਅਚਰਜ। ਪੁਰਬ—ਧਾਰਮਿਕ ਮੇਲੇ। ਸਰਿ—ਬਰਾਬਰ। ਕਿ—ਕੀਹ? ਹੋਰ—ਹੋਰ ਸ੍ਰਿਸ਼ਟੀ।

ਅਰਥ:- (ਪ੍ਰਭੂ ਨੇ) ਆਪ ਹੀ ਆਪਣੇ ਆਪ ਨੂੰ ਪਰਗਟ ਕਰ ਕੇ ਆਪਣਾ ਅਸਲਾ ਸਮਝਿਆ ਹੈ, ਆਕਾਸ਼ ਤੇ ਧਰਤੀ ਨੂੰ ਵਖੋ-ਵਖ ਕਰ ਕੇ (ਇਹ ਆਕਾਸ਼ ਉਸ ਨੇ ਮਾਨੋ, ਆਪਣੇ ਤਖ਼ਤ ਉਤੇ) ਚੰਦੋਆ ਤਾਣਿਆ ਹੋਇਆ ਹੈ; (ਸਾਰੇ ਜਗਤ-ਰੂਪ ਦਰਬਾਰ ਉਤੇ) ਆਕਾਸ਼ ਨੂੰ ਥੰਮ੍ਹਾਂ ਤੋਂ ਬਿਨਾ ਟਿਕਾ ਕੇ ਆਪਣੇ ਹੁਕਮ ਨੂੰ ਨਗਾਰਾ ਬਣਾਇਆ ਹੈ; ਆਪਣੀ) ਜੋਤਿ ਟਿਕਾਈ ਹੈ; (ਜੀਵਾਂ ਦੇ ਵਿਹਾਰ-ਕਾਰ ਲਈ) ਰਾਤ ਤੇ ਦਿਨ (-ਰੂਪ) ਅਚਰਜ ਤਮਾਸ਼ੇ ਬਣਾ ਦਿੱਤੇ ਹਨ। ਪੁਰਬਾਂ ਸਮੇ ਤੀਰਥਾਂ ਉਤੇ ਨ੍ਹਾਉਣ ਆਦਿਕ ਧਰਮਾਂ ਦੇ ਖ਼ਿਆਲ (ਭੀ ਪ੍ਰਭੂ ਨੇ ਆਪ ਹੀ ਜੀਵਾਂ ਦੇ ਅੰਦਰ ਪੈਦਾ ਕੀਤੇ ਹਨ)।

(ਹੇ ਪ੍ਰਭੂ!) (ਤੇਰੀ ਇਸ ਅਸਰਜ ਖੇਡ ਦਾ) ਕੀਹ ਬਿਆਨ ਕਰੀਏ? ਤੇਰੇ ਵਰਗਾ ਹੋਰ ਕੋਈ ਨਹੀਂ ਹੈ; ਤੂੰ ਤਾਂ ਸਦਾ ਕਾਇਮ ਰਹਿਣ ਵਾਲੇ ਤਖ਼ਤ ਉਤੇ ਬੈਠਾ ਹੈਂ ਤੇ ਹੋਰ (ਸ੍ਰਿਸ਼ਟੀ) ਜੰਮਦੀ ਹੈ (ਪੈਦਾ ਹੁੰਦੀ ਹੈ ਤੇ ਨਾਸ ਹੁੰਦੀ ਹੈ)।1।

ਸਲੋਕ ਮਃ ੧ ॥ ਨਾਨਕ ਸਾਵਣਿ ਜੇ ਵਸੈ ਚਹੁ ਓਮਾਹਾ ਹੋਇ ॥ ਨਾਗਾਂ ਮਿਰਗਾਂ ਮਛੀਆਂ ਰਸੀਆਂ ਘਰਿ ਧਨੁ ਹੋਇ ॥੧॥ {ਪੰਨਾ 1279}

ਪਦ ਅਰਥ:- ਸਾਵਣਿ—ਸਾਵਣ (ਦੇ ਮਹੀਨੇ) ਵਿਚ। ਓਮਾਹਾ—ਚਾਉ। ਰਸੀਆ—ਰਸ ਦਾ ਆਸ਼ਕ। ਘਰਿ—ਘਰ ਵਿਚ।

ਅਰਥ:- ਹੇ ਨਾਨਕ! ਜੇ ਸਾਵਣ ਦੇ ਮਹੀਨੇ ਮੀਂਹ ਪਏ ਤਾਂ ਚਾਰ ਧਿਰਾਂ ਨੂੰ ਚਾਉ ਹੁੰਦਾ ਹੈ, ਸੱਪਾਂ ਨੂੰ ਹਰਨਾਂ ਨੂੰ, ਮੱਛੀਆਂ ਨੂੰ ਤੇ ਰਸਾਂ ਦੇ ਆਸ਼ਕਾਂ ਨੂੰ ਜਿਨ੍ਹਾਂ ਦੇ ਘਰ ਵਿਚ (ਰਸ ਮਾਨਣ ਲਈ) ਧਨ ਹੋਵੇ।1।

ਮਃ ੧ ॥ ਨਾਨਕ ਸਾਵਣਿ ਜੇ ਵਸੈ ਚਹੁ ਵੇਛੋੜਾ ਹੋਇ ॥ ਗਾਈ ਪੁਤਾ ਨਿਰਧਨਾ ਪੰਥੀ ਚਾਕਰੁ ਹੋਇ ॥੨॥

ਪਦ ਅਰਥ:- ਗਾਈਪੁਤ—ਬਲਦ। ਪੰਥੀ—ਰਾਹੀ, ਮੁਸਾਫ਼ਿਰ। ਚਾਕਰੁ—ਨੌਕਰ।

ਅਰਥ:- ਹੇ ਨਾਨਕ! ਸਾਵਣ ਵਿਚ ਜੇ ਮੀਂਹ ਪਏ ਤਾਂ ਚਾਰ ਧਿਰਾਂ ਨੂੰ (ਉਮਾਹ ਤੋਂ) ਵਿਛੋੜਾ (ਭੀ, ਭਾਵ, ਦੁੱਖ ਭੀ) ਹੁੰਦਾ ਹੈ, ਬਲਦਾਂ ਨੂੰ (ਕਿਉਂਕਿ ਮੀਂਹ ਪਿਆਂ ਇਹ ਹਲੀਂ ਜੋਏ ਜਾਂਦੇ ਹਨ), ਗਰੀਬਾਂ ਨੂੰ (ਜਿਨ੍ਹਾਂ ਦੀ ਮੇਹਨਤਿ-ਮਜੂਰੀ ਵਿਚ ਰੋਕ ਪੈਂਦੀ ਹੈ), ਰਾਹੀਆਂ ਨੂੰ ਤੇ ਨੌਕਰ ਸ਼ਖ਼ਸ਼ ਨੂੰ।2।

ਨੋਟ—ਗੁਰੂ ਦੇ ਦਰ ਤੋਂ 'ਨਾਮ' ਦੀ ਵਰਖਾ ਹੋਣ ਤੇ ਗੁਰਮੁਖ ਤੇ ਮਨਮੁਖ ਉਤੇ ਵੱਖੋ-ਵੱਖਰਾ ਅਸਰ ਹੁੰਦਾ ਹੈ।

ਪਉੜੀ ॥ ਤੂ ਸਚਾ ਸਚਿਆਰੁ ਜਿਨਿ ਸਚੁ ਵਰਤਾਇਆ ॥ ਬੈਠਾ ਤਾੜੀ ਲਾਇ ਕਵਲੁ ਛਪਾਇਆ ॥ ਬ੍ਰਹਮੈ ਵਡਾ ਕਹਾਇ ਅੰਤੁ ਨ ਪਾਇਆ ॥ ਨਾ ਤਿਸੁ ਬਾਪੁ ਨ ਮਾਇ ਕਿਨਿ ਤੂ ਜਾਇਆ ॥ ਨਾ ਤਿਸੁ ਰੂਪੁ ਨ ਰੇਖ ਵਰਨ ਸਬਾਇਆ ॥ ਨਾ ਤਿਸੁ ਭੁਖ ਪਿਆਸ ਰਜਾ ਧਾਇਆ ॥ ਗੁਰ ਮਹਿ ਆਪੁ ਸਮੋਇ ਸਬਦੁ ਵਰਤਾਇਆ ॥ ਸਚੇ ਹੀ ਪਤੀਆਇ ਸਚਿ ਸਮਾਇਆ ॥੨॥ {ਪੰਨਾ 1279}

ਪਦ ਅਰਥ:- ਕਵਲੁ—ਪੁਰਾਣਾ ਖ਼ਿਆਲ ਹੈ ਕਿ ਬ੍ਰਹਮਾ ਨੇ ਜਗਤ ਪੈਦਾ ਕੀਤਾ ਤੇ ਬ੍ਰਹਮਾ ਆਪ 'ਕਵਲ' ਤੋਂ ਜੰਮਿਆ, ਸੋ, 'ਕਵਲ' ਦੀ ਉਤਪੱਤੀ ਦਾ ਮੂਲ'। ਕਵਲੁ ਛਪਾਇਆ—ਸ੍ਰਿਸ਼ਟੀ ਦੀ ਉਤਪੱਤੀ ਨੂੰ ਲੁਕਾ ਕੇ, (ਭਾਵ,) ਅਜੇ ਜਗਤ ਦੀ ਉਤਪੱਤੀ ਨਹੀਂ ਸੀ ਹੋਈ। ਕਿਨਿ—ਕਿਸ ਨੇ? ਤੂ—ਤੈਨੂੰ। ਸਬਾਇਆ—ਸਾਰੇ। ਰਜਾ ਧਾਇਆ—ਰੱਜਿਆ-ਪੁੱਜਿਆ। ਪਤੀਆਇ—ਪਤੀਜ ਕੇ। ਸਚਿ—ਸੱਚੇ ਪ੍ਰਭੂ ਵਿਚ, ਸਦਾ ਕਾਇਮ ਰਹਿਣ ਵਾਲੇ ਪਰਮਾਤਮਾ

ਵਿਚ।

ਅਰਥ:- (ਹੇ ਪ੍ਰਭੂ!) ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਐਸੀ ਹਸਤੀ ਦਾ ਮਾਲਕ (ਸਚਿਆਰੁ) ਹੈਂ ਕਿ ਜਿਸ ਨੇ (ਆਪਣੀ ਇਹ) ਹਸਤੀ (ਹਰ ਥਾਂ) ਵਰਤਾਈ ਹੋਈ ਹੈ; ਅਜੇ ਸ੍ਰਿਸ਼ਟੀ ਦੀ ਉਤਪੱਤੀ ਨਹੀਂ ਸੀ ਹੋਈ ਜਦੋਂ ਤੂੰ (ਆਪਣੇ ਆਪ ਵਿਚ) ਸਮਾਧੀ ਲਾਈ ਬੈਠਾ ਸੈਂ, ਬ੍ਰਹਮਾ ਨੇ (ਭੀ ਜੋ ਜਗਤ ਦਾ ਰਚਣ ਵਾਲਾ ਮੰਨਿਆ ਜਾਂਦਾ ਹੈ ਇਹ ਭੇਤ ਨਾਹ ਸਮਝਿਆ ਤੇ ਆਪਣੇ ਆਪ ਨੂੰ ਹੀ ਸਭ ਤੋਂ) ਵੱਡਾ ਅਖਵਾਇਆ, ਉਸ ਨੂੰ ਤੇਰੀ ਸਾਰ ਨਾਹ ਆਈ। (ਹੇ ਪ੍ਰਭੂ!) ਕਿਸ ਨੇ ਤੈਨੂੰ ਪੈਦਾ ਕੀਤਾ ਹੈ? (ਭਾਵ, ਤੈਨੂੰ ਜਨਮ ਦੇਣ ਵਾਲਾ ਕੋਈ ਨਹੀਂ ਹੈ)।

(ਹੇ ਭਾਈ!) ਉਸ (ਪ੍ਰਭੂ) ਦਾ ਨਾ ਕੋਈ ਪਿਉ ਹੈ ਨਾ ਮਾਂ; ਨਾਹ ਉਸ ਦਾ ਕੋਈ (ਖ਼ਾਸ) ਸਰੂਪ ਹੈ ਨਾਹ ਨਿਸ਼ਾਨ; ਸਾਰੇ ਰੂਪ ਰੰਗ ਉਸ ਦੇ ਹਨ; ਉਸ ਨੂੰ ਕੋਈ ਭੁੱਖ ਤ੍ਰੇਹ ਭੀ ਨਹੀਂ ਹੈ, ਰੱਜਿਆ ਪੁੱਜਿਆ ਹੋਇਆ ਹੈ।

(ਹੇ ਭਾਈ!) ਪ੍ਰਭੂ ਆਪਣੇ ਆਪ ਨੂੰ ਗੁਰੂ ਵਿਚ ਲੀਨ ਕਰ ਕੇ (ਆਪਣਾ) ਸ਼ਬਦ (ਭਾਵ, ਸਨੇਹਾ) (ਸਾਰੇ ਜਗਤ ਵਿਚ) ਵੰਡ ਰਿਹਾ ਹੈ, ਤੇ ਗੁਰੂ ਇਸ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਪਤੀਜ ਕੇ ਸਦਾ-ਥਿਰ ਪ੍ਰਭੂ ਵਿਚ ਹੀ ਜੁੜਿਆ ਰਹਿੰਦਾ ਹੈ।2।

ਸਲੋਕ ਮਃ ੧ ॥ ਵੈਦੁ ਬੁਲਾਇਆ ਵੈਦਗੀ ਪਕੜਿ ਢੰਢੋਲੇ ਬਾਂਹ ॥ ਭੋਲਾ ਵੈਦੁ ਨ ਜਾਣਈ ਕਰਕ ਕਲੇਜੇ ਮਾਹਿ ॥੧॥ {ਪੰਨਾ 1279}

ਪਦ ਅਰਥ:- ਕਰਕ—ਪੀੜ, (ਪ੍ਰਭੂ ਤੋਂ ਵਿਛੋੜੇ ਦਾ) ਦੁੱਖ। ਵੈਦਗੀ—ਦਵਾਈ ਦੇਣ ਲਈ।

ਅਰਥ:- ਹਕੀਮ (ਮਰੀਜ਼ ਨੂੰ) ਦਵਾਈ ਦੇਣ ਲਈ ਸੱਦਿਆ ਜਾਂਦਾ ਹੈ, ਉਹ (ਮਰੀਜ਼ ਦੀ) ਬਾਂਹ ਫੜ ਕੇ (ਨਾੜੀ) ਟੋਲਦਾ ਹੈ (ਤੇ ਮਰਜ਼ ਲੱਭਣ ਦਾ ਜਤਨ ਕਰਦਾ ਹੈ; ਪਰ) ਅੰਞਾਣ ਹਕੀਮ ਇਹ ਨਹੀਂ ਜਾਣਦਾ ਕਿ (ਪ੍ਰਭੂ ਤੋਂ ਵਿਛੋੜੇ ਦੀ) ਪੀੜ (ਬਿਰਹੀ ਬੰਦਿਆਂ ਦੇ) ਦਿਲ ਵਿਚ ਹੋਇਆ ਕਰਦੀ ਹੈ।1।

ਮਃ ੨ ॥ ਵੈਦਾ ਵੈਦੁ ਸੁਵੈਦੁ ਤੂ ਪਹਿਲਾਂ ਰੋਗੁ ਪਛਾਣੁ ॥ ਐਸਾ ਦਾਰੂ ਲੋੜਿ ਲਹੁ ਜਿਤੁ ਵੰਞੈ ਰੋਗਾ ਘਾਣਿ ॥ ਜਿਤੁ ਦਾਰੂ ਰੋਗ ਉਠਿਅਹਿ ਤਨਿ ਸੁਖੁ ਵਸੈ ਆਇ ॥ ਰੋਗੁ ਗਵਾਇਹਿ ਆਪਣਾ ਤ ਨਾਨਕ ਵੈਦੁ ਸਦਾਇ ॥੨॥ {ਪੰਨਾ 1279}

ਪਦ ਅਰਥ:- ਵੰਞੈ—ਦੂਰ ਹੋ ਜਾਏ। ਰੋਗਾ ਘਾਣਿ—ਰੋਗਾਂ ਦੀ ਘਾਣੀ, ਰੋਗਾਂ ਦਾ ਢੇਰ। ਜਿਤੁ ਦਾਰੂ—ਜਿਸ ਦਵਾਈ ਨਾਲ। ਉਠਿਅਹਿ—ਉਡਾਏ ਜਾ ਸਕਣ। ਤਨਿ—ਸਰੀਰ ਵਿਚ। ਆਇ—ਆ ਕੇ। ਗਵਾਇਹਿ—ਜੇ ਤੂੰ ਦੂਰ ਕਰ ਲਏਂ।

ਅਰਥ:- (ਹੇ ਭਾਈ)! ਪਹਿਲਾਂ (ਆਪਣਾ ਹੀ ਆਤਮਕ) ਰੋਗ ਲੱਭ (ਤੇ ਉਸ ਦੀ) ਅਜੇਹੀ ਦਵਾਈ ਭਾਲ ਲੈ ਜਿਸ ਨਾਲ ਸਾਰੇ (ਆਤਮਕ) ਰੋਗ ਦੂਰ ਹੋ ਜਾਣ ਜਿਸ ਦਵਾਈ ਨਾਲ (ਸਾਰੇ) ਰੋਗ ਉਠਾਏ ਜਾ ਸਕਣ ਤੇ ਸਰੀਰ ਵਿਚ ਸੁਖ ਆ ਵੱਸੇ। (ਹੇ ਭਾਈ! ਤਾਂ ਹੀ) ਤੂੰ ਹਕੀਮਾਂ ਦਾ ਹਕੀਮ ਹੈਂ (ਸਭ ਤੋਂ ਵਧੀਆ ਹਕੀਮ ਹੈਂ) (ਤਾਂ ਹੀ) ਤੂੰ ਸਿਆਣਾ ਵੈਦ (ਅਖਵਾ ਸਕਦਾ) ਹੈਂ।

ਹੇ ਨਾਨਕ! (ਆਖ—ਹੇ ਭਾਈ!) ਜੇ ਤੂੰ (ਪਹਿਲਾਂ) ਆਪਣਾ ਰੋਗ ਦੂਰ ਕਰ ਲਏਂ ਤਾਂ (ਆਪਣੇ ਆਪ ਨੂੰ) ਹਕੀਮ ਅਖਵਾ (ਅਖਵਾਣ ਦਾ ਹੱਕਦਾਰ ਹੈਂ)।

ਪਉੜੀ ॥ ਬ੍ਰਹਮਾ ਬਿਸਨੁ ਮਹੇਸੁ ਦੇਵ ਉਪਾਇਆ ॥ ਬ੍ਰਹਮੇ ਦਿਤੇ ਬੇਦ ਪੂਜਾ ਲਾਇਆ ॥ ਦਸ ਅਵਤਾਰੀ ਰਾਮੁ ਰਾਜਾ ਆਇਆ ॥ ਦੈਤਾ ਮਾਰੇ ਧਾਇ ਹੁਕਮਿ ਸਬਾਇਆ ॥ ਈਸ ਮਹੇਸੁਰੁ ਸੇਵ

ਤਿਨ੍ਹੀ ਅੰਤੁ ਨ ਪਾਇਆ ॥ ਸਚੀ ਕੀਮਤਿ ਪਾਇ ਤਖਤੁ ਰਚਾਇਆ ॥ ਦੁਨੀਆ ਧੰਧੈ ਲਾਇ ਆਪੁ ਛਪਾਇਆ ॥ ਧਰਮੁ ਕਰਾਏ ਕਰਮ ਧੁਰਹੁ ਫੁਰਮਾਇਆ ॥੩॥ {ਪੰਨਾ 1279}

ਪਦ ਅਰਥ:- ਦਸ ਅਵਤਾਰੀ—(ਅਵਤਾਰੀਂ) ਦਸ ਅਵਤਾਰਾਂ ਵਿਚ (ਦਸ ਅਵਤਾਰ—ਵਰਾਹ, ਨਰਸਿੰਘ, ਬਾਵਨ (ਵਾਮਨ), ਪਰਸ ਰਾਮ, ਮੱਛ, ਕੱਛ, ਰਾਮ, ਕ੍ਰਿਸ਼ਨ; ਬੌਧ, ਤੇ ਕਲਕੀ—10)। ਹੁਕਮਿ—ਹੁਕਮ ਵਿਚ। ਈਸ ਮਹੇਸੁਰ—ਸ਼ਿਵ ਦੇ 11 (ਰੁੱਦ੍ਰ) ਅਵਤਾਰ। ਤਿਨ੍ਹੀ—ਉਹਨਾਂ 11 ਸ਼ਿਵ-ਅਵਤਾਰਾਂ ਨੇ।

ਅਰਥ:- (ਪਰਮਾਤਮਾ ਨੇ ਆਪ ਹੀ) ਬ੍ਰਹਮਾ ਵਿਸ਼ਨੂ ਤੇ ਸ਼ਿਵ—(ਇਹ ਤਿੰਨ) ਦੇਵਤੇ ਪੈਦਾ ਕੀਤੇ। ਬ੍ਰਹਮਾ ਨੂੰ ਉਸ ਨੇ ਵੇਦ ਦੇ ਦਿੱਤੇ (ਭਾਵ ਵੇਦਾਂ ਦਾ ਕਰਤਾ ਬਣਾਇਆ ਤੇ ਲੋਕਾਂ ਪਾਸੋਂ ਇਹਨਾਂ ਦੀ ਦੱਸੀ) ਪੂਜਾ ਕਰਾਣ ਵਿਚ ਇਸ ਨੂੰ ਰੁੰਨ੍ਹ ਦਿੱਤਾ। (ਵਿਸ਼ਨੂ) ਦਸ ਅਵਤਾਰਾਂ ਵਿਚ ਰਾਜਾ ਰਾਮ (ਆਦਿਕ) ਰੂਪ ਧਾਰਦਾ ਰਿਹਾ ਤੇ ਹੱਲੇ ਕਰ ਕਰ ਦੈਤਾਂ ਨੂੰ ਮਾਰਦਾ ਰਿਹਾ (ਪਰ ਇਹ) ਸਾਰੇ (ਅਵਤਾਰ ਪ੍ਰਭੂ ਦੇ ਹੀ) ਹੁਕਮ ਵਿਚ ਹੋਏ। ਸ਼ਿਵ (ਦੇ 11 ਰੁੱਦ੍ਰ) ਅਵਤਾਰਾਂ ਨੇ ਸੇਵਾ ਕੀਤੀ (ਭਾਵ, ਤਪ ਸਾਧੇ, ਪਰ ਉਹਨਾਂ ਭੀ ਪ੍ਰਭੂ ਦਾ) ਅੰਤ ਨ ਪਾਇਆ।

(ਪ੍ਰਭੂ ਨੇ) ਸਦਾ ਅਟੱਲ ਰਹਿਣ ਵਾਲੇ ਮੁੱਲ ਵਾਲੀ (ਆਪਣੀ ਸੱਤਿਆ) ਪਾ ਕੇ (ਇਹ ਜਗਤ, ਮਾਨੋ, ਆਪਣਾ) ਤਖ਼ਤ ਬਣਾਇਆ ਹੈ, ਇਸ ਵਿਚ ਦੁਨੀਆ (ਦੇ ਜੀਵਾਂ) ਨੂੰ ਧੰਧੇ ਵਿਚ ਰੁੰਨ੍ਹ ਕੇ (ਪ੍ਰਭੂ ਨੇ) ਆਪਣੇ ਆਪ ਨੂੰ ਲੁਕਾ ਰੱਖਿਆ ਹੈ। (ਇਹ ਭੀ) ਧੁਰੋਂ (ਪ੍ਰਭੂ ਦਾ ਹੀ) ਫ਼ੁਰਮਾਨ ਹੈ ਕਿ ਧਰਮ ਰਾਜ (ਜੀਵਾਂ ਤੋਂ ਚੰਗੇ ਮੰਦੇ) ਕੰਮ ਕਰਾ ਰਿਹਾ ਹੈ।3।

ਸਲੋਕ ਮਃ ੨ ॥ ਸਾਵਣੁ ਆਇਆ ਹੇ ਸਖੀ ਕੰਤੈ ਚਿਤਿ ਕਰੇਹੁ ॥ ਨਾਨਕ ਝੂਰਿ ਮਰਹਿ ਦੋਹਾਗਣੀ ਜਿਨ੍ਹ ਅਵਰੀ ਲਾਗਾ ਨੇਹੁ ॥੧॥ {ਪੰਨਾ 1280}

ਪਦ ਅਰਥ:- ਚਿਤਿ—ਚਿੱਤ ਵਿਚ। ਨੇਹੁ—ਪਿਆਰ। ਕੰਤੈ—ਖਸਮ ਪ੍ਰਭੂ ਨੂੰ।

ਅਰਥ:- ਹੇ ਸਖੀ! ਸਾਵਣ (ਦਾ ਮਹੀਨਾ) ਆਇਆ ਹੈ (ਭਾਵ, ਗੁਰੂ ਵਲੋਂ ਨਾਮ-ਅੰਮ੍ਰਿਤ ਦੀ ਵਰਖਾ ਹੋ ਰਹੀ ਹੈ) ਖਸਮ (-ਪ੍ਰਭੂ) ਨੂੰ ਹਿਰਦੇ ਵਿਚ ਪ੍ਰੋ ਲਉ। ਹੇ ਨਾਨਕ! ਜਿਨ੍ਹਾਂ (ਜੀਵ-ਇਸਤਰੀਆਂ) ਦਾ ਪਿਆਰ (ਪ੍ਰਭੂ-ਪਤੀ ਨੂੰ ਛੱਡ ਕੇ) ਹੋਰਨਾਂ ਨਾਲ ਹੈ ਉਹ ਮੰਦ-ਭਾਗਣਾਂ ਦੁਖੀ ਹੁੰਦੀਆਂ ਹਨ।1।

ਮਃ ੨ ॥ ਸਾਵਣੁ ਆਇਆ ਹੇ ਸਖੀ ਜਲਹਰੁ ਬਰਸਨਹਾਰੁ ॥ ਨਾਨਕ ਸੁਖਿ ਸਵਨੁ ਸੋਹਾਗਣੀ ਜਿਨ੍ਹ ਸਹ ਨਾਲਿ ਪਿਆਰੁ ॥੨॥ {ਪੰਨਾ 1280}

ਪਦ ਅਰਥ:- ਜਲਹਰੁ—ਜਲਧਰ, ਬੱਦਲ। ਸੁਖਿ—ਸੁਖ ਵਿਚ। ਸਵਨੁ—(ਵਿਆਕਰਣ ਅਨੁਸਾਰ ਇਹ ਲਫ਼ਜ਼ 'ਹੁਕਮੀ ਭਵਿੱਖਤ' ਅੱਨ ਪੁਰਖ, ਬਹੁ-ਵਚਨ ਹੈ; ਵੇਖੋ 'ਗੁਰਬਾਣੀ ਵਿਆਕਰਣ') ਬੇਸ਼ੱਕ ਸਉਣ, ਪਈਆਂ ਸਉਣ।

ਅਰਥ:- ਹੇ ਸਖੀ! ਸਾਵਣ (ਭਾਵ 'ਨਾਮ' ਦੀ ਵਰਖਾ ਦਾ ਸਮਾ) ਆਇਆ ਹੈ, ਬੱਦਲ ਵਰ੍ਹਾਊ ਹੋ ਗਿਆ ਹੈ (ਭਾਵ, ਗੁਰੂ ਮੇਹਰ ਕਰ ਰਿਹਾ ਹੈ)। ਹੇ ਨਾਨਕ! (ਇਸ ਸੁਹਾਵਣੇ ਸਮੇ) ਜਿਨ੍ਹਾਂ (ਜੀਵ-ਇਸਤ੍ਰੀਆਂ ਦਾ) ਖਸਮ (-ਪ੍ਰਭੂ) ਨਾਲ ਪਿਆਰ ਬਣਿਆ ਹੈ ਉਹ ਭਾਗਾਂ ਵਾਲੀਆਂ ਪਈਆਂ ਸੁਖ ਨਾਲ ਸਉਣ (ਭਾਵ, ਸੁਖੀ ਜੀਵਨ ਬਿਤੀਤ ਕਰਨ)।2।

ਪਉੜੀ ॥ ਆਪੇ ਛਿੰਝ ਪਵਾਇ ਮਲਾਖਾੜਾ ਰਚਿਆ ॥ ਲਥੇ ਭੜਥੂ ਪਾਇ ਗੁਰਮੁਖਿ ਮਚਿਆ ॥
ਮਨਮੁਖ ਮਾਰੇ ਪਛਾੜਿ ਮੂਰਖ ਕਚਿਆ ॥ ਆਪਿ ਭਿੜੈ ਮਾਰੇ ਆਪਿ ਆਪਿ ਕਾਰਜੁ ਰਚਿਆ ॥
ਸਭਨਾ ਖਸਮੁ ਏਕੁ ਹੈ ਗੁਰਮੁਖਿ ਜਾਣੀਐ ॥ ਹੁਕਮੀ ਲਿਖੈ ਸਿਰਿ ਲੇਖੁ ਵਿਣੁ ਕਲਮ ਮਸਵਾਣੀਐ ॥
ਸਤਸੰਗਤਿ ਮੇਲਾਪੁ ਜਿਥੈ ਹਰਿ ਗੁਣ ਸਦਾ ਵਖਾਣੀਐ ॥ ਨਾਨਕ ਸਚਾ ਸਬਦੁ ਸਲਾਹਿ ਸਚੁ ਪਛਾਣੀਐ ॥੪॥ {ਪੰਨਾ 1280}

ਪਦ ਅਰਥ:- ਮਲਾਖਾੜਾ—ਮੱਲ-ਅਖਾੜਾ, ਭਲਵਾਨਾਂ ਦੇ ਘੁਲਣ ਦਾ ਥਾਂ। ਭੜਥੂ—ਰੌਲਾ। ਮਚਿਆ—ਚੜ੍ਹਦੀ ਕਲਾ ਵਿਚ ਹਨ। ਮਸਵਾਣੀ—ਦਵਾਤ (ਮਸੁ—ਸਿਆਹੀ)।

ਅਰਥ:- (ਪ੍ਰਭੂ ਨੇ) ਆਪ ਹੀ ਛਿੰਝ ਪਵਾ ਕੇ (ਭਾਵ ਜਗਤ-ਰਚਨਾ ਕਰ ਕੇ) (ਇਹ ਜਗਤ, ਮਾਨੋ) ਭਲਵਾਨਾਂ ਦੇ ਘੁਲਣ ਦਾ ਥਾਂ ਬਣਾਇਆ ਹੈ; (ਜੀਵ-ਰੂਪ ਭਲਵਾਨ) ਰੌਲਾ ਪਾ ਕੇ (ਇਥੇ) ਆ ਉਤਰੇ ਹਨ (ਭਾਵ, ਬੇਅੰਤ ਜੀਵ ਦਬਾਦਬ ਜਗਤ ਵਿਚ ਜਨਮ ਲੈ ਕੇ ਤੁਰੇ ਆ ਰਹੇ ਹਨ)। (ਇਹਨਾਂ ਵਿਚੋਂ) ਉਹ ਮਨੁੱਖ ਜੋ ਗੁਰੂ ਦੇ ਸਨਮੁਖ ਹਨ ਚੜ੍ਹਦੀ ਕਲਾ ਵਿਚ ਹਨ, (ਪਰ) ਮਨ ਦੇ ਪਿੱਛੇ ਤੁਰਨ ਵਾਲੇ ਕੱਚੇ ਮੂਰਖਾਂ ਨੂੰ ਪਟਕਾ ਕੇ (ਭਾਵ ਮੂੰਹ-ਭਾਰ) ਮਾਰਦਾ ਹੈ; (ਜੀਵਾਂ ਵਿਚ ਵਿਆਪਕ ਹੋ ਕੇ) ਪ੍ਰਭੂ ਆਪ ਹੀ ਲੜ ਰਿਹਾ ਹੈ, ਆਪ ਹੀ ਮਾਰ ਰਿਹਾ ਹੈ ਉਸ ਨੇ ਆਪ ਹੀ (ਇਹ ਛਿੰਝ ਦਾ) ਕਾਰਜ ਰਚਿਆ ਹੈ।

ਸਭਨਾਂ ਜੀਵਾਂ ਦਾ ਮਾਲਕ ਇਕ ਪ੍ਰਭੂ ਹੈ, ਇਸ ਗੱਲ ਦੀ ਸਮਝ ਗੁਰੂ ਦੇ ਸਨਮੁਖ ਹੋਇਆਂ ਆਉਂਦੀ ਹੈ, ਆਪਣੇ ਹੁਕਮ-ਅਨੁਸਾਰ ਹੀ (ਹਰੇਕ ਜੀਵ ਦੇ) ਸਿਰ ਉਤੇ ਕਲਮ ਦਵਾਤ ਤੋਂ ਬਿਨਾ ਹੀ (ਰਜ਼ਾ ਦਾ) ਲੇਖ ਲਿਖ ਰਿਹਾ ਹੈ।

(ਉਸ ਪ੍ਰਭੂ ਦਾ) ਮਿਲਾਪ ਸਤਸੰਗ ਵਿਚ ਹੋ ਸਕਦਾ ਹੈ ਜਿਥੇ ਸਦਾ ਪ੍ਰਭੂ ਦੇ ਗੁਣ ਕਥੇ ਜਾਂਦੇ ਹਨ। ਹੇ ਨਾਨਕ! (ਗੁਰੂ ਦਾ) ਸੱਚਾ ਸ਼ਬਦ ਗਾ ਕੇ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਪਛਾਣਿਆ ਜਾ ਸਕਦਾ ਹੈ (ਭਾਵ, ਪ੍ਰਭੂ ਦੀ ਸਾਰ ਪੈਂਦੀ ਹੈ, ਪ੍ਰਭੂ ਨਾਲ ਜਾਣ-ਪਛਾਣ ਬਣਦੀ ਹੈ)।

ਸਲੋਕ ਮਃ ੩ ॥ ਊਂਨਵਿ ਊਂਨਵਿ ਆਇਆ ਅਵਰਿ ਕਰੇਂਦਾ ਵੰਨ ॥ ਕਿਆ ਜਾਣਾ ਤਿਸੁ ਸਾਹ ਸਿਉ ਕੇਵ ਰਹਸੀ ਰੰਗੁ ॥ ਰੰਗੁ ਰਹਿਆ ਤਿਨ੍ ਕਾਮਣੀ ਜਿਨ੍ ਮਨਿ ਭਉ ਭਾਉ ਹੋਇ ॥ ਨਾਨਕ ਭੈ ਭਾਇ ਬਾਹਰੀ ਤਿਨ ਤਨਿ ਸੁਖੁ ਨ ਹੋਇ ॥੧॥ {ਪੰਨਾ 1280}

ਪਦ ਅਰਥ:- ਊਂਨਵਿ—ਨਿਉਂ ਕੇ। ਅਵਰਿ—ਹੋਰ ਹੋਰ, ਕਈ ਤਰ੍ਹਾਂ ਦੇ। ਵੰਨ—ਰੰਗ। ਤਿਸੁ ਸਾਹ ਸਿਉ—ਉਸ ਸ਼ਾਹ ਨਾਲ (ਜੋ ਨਿਉਂ ਨਿਉਂ ਕੇ ਆਇਆ ਹੈ)। ਕੇਵ—ਕਿਵੇਂ? ਰੰਗੁ—ਪਿਆਰ। ਭਾਉ—ਪ੍ਰੇਮ। ਭਾਇ ਬਾਹਰੀ—ਪ੍ਰੇਮ ਤੋਂ ਸਖਣੀਆਂ। ਭਉ—ਡਰ, ਅਦਬ।

ਅਰਥ:- (ਗੁਰੂ-ਰੂਪ ਬੱਦਲ) ਨਿਉਂ ਨਿਉਂ ਕੇ ਆਇਆ ਹੈ (ਭਾਵ, ਮਿਹਰ ਕਰਨ ਤੇ ਤਿਆਰ ਹੈ) ਤੇ ਕਈ ਤਰ੍ਹਾਂ ਦੇ ਰੰਗ ਵਿਖਾ ਰਿਹਾ ਹੈ (ਭਾਵ, ਗੁਰੂ ਕਈ ਕਿਸਮ ਦੇ ਕਉਤਕ ਕਰਦਾ ਹੈ); ਪਰ, ਕੀਹ ਪਤਾ ਮੇਰਾ ਉਸ (ਨਾਮ-ਖ਼ਜ਼ਾਨੇ ਦੇ) ਸ਼ਾਹ ਦੇ ਨਾਲ ਕਿਵੇਂ ਪਿਆਰ ਬਣਿਆ ਰਹੇਗਾ।

(ਉਸ ਮਿਹਰਾਂ ਦੇ ਸਾਈਂ ਨਾਲ) ਉਹਨਾਂ (ਜੀਵ-) ਇਸਤਰੀਆਂ ਦਾ ਪਿਆਰ ਟਿਕਿਆ ਰਹਿੰਦਾ ਹੈ ਜਿਨ੍ਹਾਂ ਦੇ ਮਨ ਵਿਚ ਉਸ ਦਾ ਡਰ ਤੇ ਪਿਆਰ ਹੈ। ਹੇ ਨਾਨਕ! ਜੋ ਡਰ ਤੇ ਪਿਆਰ ਤੋਂ ਸੱਖਣੀਆਂ ਹਨ ਉਹਨਾਂ ਦੇ ਸਰੀਰ ਵਿਚ ਸੁਖ ਨਹੀਂ ਹੁੰਦਾ।1।

ਮਃ ੩ ॥ ਊਂਨਵਿ ਊਂਨਵਿ ਆਇਆ ਵਰਸੈ ਨੀਰੁ ਨਿਪੰਗੁ ॥ ਨਾਨਕ ਦੁਖੁ ਲਾਗਾ ਤਿਨ੍ ਕਾਮਣੀ ਜਿਨ੍ ਕੰਤੈ ਸਿਉ ਮਨਿ ਭੰਗੁ ॥੨॥ {ਪੰਨਾ 1280}

ਪਦ ਅਰਥ:- ਨਿਪੰਗੁ—(ਨਿ+ਪੰਗੁ; ਪੰਗੁ—ਪੰਕ, ਚਿੱਕੜ) ਚਿੱਕੜ-ਰਹਿਤ, ਸਾਫ਼। ਭੰਗੁ—ਤੋਟ, ਵਿਛੋੜਾ। ਮਨਿ—ਮਨ ਵਿਚ।

ਅਰਥ:- (ਗੁਰੂ-ਬੱਦਲ) ਨਿਉਂ ਨਿਉਂ ਕੇ ਆਇਆ ਹੈ ਤੇ ਸਾਫ਼ ਜਲ ਵਰਸ ਰਿਹਾ ਹੈ; ਪਰ, ਹੇ ਨਾਨਕ! ਉਹਨਾਂ (ਜੀਵ-) ਇਸਤਰੀਆਂ ਨੂੰ (ਫਿਰ ਭੀ) ਦੁੱਖ ਵਿਆਪ ਰਿਹਾ ਹੈ ਜਿਨ੍ਹਾਂ ਦੇ ਮਨ ਵਿਚ ਖਸਮ-ਪ੍ਰਭੂ ਨਾਲੋਂ ਵਿਛੋੜਾ ਹੈ।1।

ਪਉੜੀ ॥ ਦੋਵੈ ਤਰਫਾ ਉਪਾਇ ਇਕੁ ਵਰਤਿਆ ॥ ਬੇਦ ਬਾਣੀ ਵਰਤਾਇ ਅੰਦਰਿ ਵਾਦੁ ਘਤਿਆ ॥ ਪਰਵਿਰਤਿ ਨਿਰਵਿਰਤਿ ਹਾਠਾ ਦੋਵੈ ਵਿਚਿ ਧਰਮੁ ਫਿਰੈ ਰੈਬਾਰਿਆ ॥ ਮਨਮੁਖ ਕਚੇ ਕੂੜਿਆਰ ਤਿਨ੍ਹੀ ਨਿਹਚਉ ਦਰਗਹ ਹਾਰਿਆ ॥ ਗੁਰਮਤੀ ਸਬਦਿ ਸੂਰ ਹੈ ਕਾਮੁ ਕ੍ਰੋਧੁ ਜਿਨ੍ਹੀ ਮਾਰਿਆ ॥ ਸਚੈ ਅੰਦਰਿ ਮਹਲਿ ਸਬਦਿ ਸਵਾਰਿਆ ॥ ਸੇ ਭਗਤ ਤੁਧੁ ਭਾਵਦੇ ਸਚੈ ਨਾਇ ਪਿਆਰਿਆ ॥ ਸਤਿਗੁਰੁ ਸੇਵਨਿ ਆਪਣਾ ਤਿਨ੍ਹਾ ਵਿਟਹੁ ਹਉ ਵਾਰਿਆ ॥੫॥ {ਪੰਨਾ 1280}

ਨੋਟ:- ਗੁਰੂ ਅਮਰਦਾਸ ਜੀ ਮਾਰੂ ਕੀ ਵਾਰ ਦੀ ਪਉੜੀ ਨੰ: 10 ਵਿਚ ਲਫ਼ਜ਼ 'ਦੋਵੈ ਤਰਫਾ' ਵਰਤਦੇ ਹਨ। ਇਹ 'ਵਾਰ' ਉਹਨਾਂ ਪਾਸ ਮੌਜੂਦ ਸੀ।

ਪਦ ਅਰਥ:- ਤਰਫਾ—ਧੜੇ ('ਗੁਰਮੁਖ' ਤੇ 'ਮਨਮੁਖ' ਜਿਨ੍ਹਾਂ ਦਾ ਜ਼ਿਕਰ ਪਿਛਲੀ ਪਉੜੀ ਵਿਚ ਆਇਆ ਹੈ)। ਵਾਦੁ—ਝਗੜਾ। ਪਰਵਿਰਤਿ—ਦੁਨੀਆ ਵਿਚ ਮਨ ਦਾ ਫਸ ਜਾਣਾ। ਨਿਰਵਿਰਤਿ—ਦੁਨੀਆ ਵਲੋਂ ਮਨ ਵੱਖਰਾ ਰਹਿਣਾ। ਹਾਠਾ—ਤਰਫ਼ਾਂ, ਪਾਸੇ। ਰੈਬਾਰਿਆ—ਰਹਬਰ, ਵਿਚੋਲਾ। ਸੂਰ—ਸੂਰਮੇ। ਨਾਇ—ਨਾਮ ਵਿਚ। ਮਹਲਿ—ਹਜ਼ੂਰੀ ਵਿਚ। ਸਵਾਰਿਆ—ਸੁਰਖ਼ਰੂ ਹੋ ਗਏ।

ਅਰਥ:- ('ਗੁਰਮੁਖ' ਤੇ 'ਮਨਮੁਖ') ਦੋਹਾਂ ਕਿਸਮਾਂ ਦੇ ਜੀਵ ਪੈਦਾ ਕਰ ਕੇ (ਦੋਹਾਂ ਵਿਚ) ਪ੍ਰਭੂ ਆਪ ਮੌਜੂਦ ਹੈ, ਧਾਰਮਿਕ ਉਪਦੇਸ਼ (=ਬੇਦ ਬਾਣੀ) ਭੀ ਉਸ ਨੇ ਆਪ ਹੀ ਕੀਤਾ ਹੈ (ਤੇ ਇਸ ਤਰ੍ਹਾਂ 'ਗੁਰਮੁਖ' ਤੇ 'ਮਨਮੁਖ' ਦੇ ਅੰਦਰ 'ਵਿਚਾਰ' ਵਖੋ-ਵੱਖਰੇ ਪਾ ਕੇ, ਦੋਹਾਂ ਧਿਰਾਂ ਦੇ) ਅੰਦਰ ਝਗੜਾ ਭੀ ਆਪ ਹੀ ਪਾਇਆ ਹੈ। ਜਗਤ ਦੇ ਧੰਧਿਆਂ ਵਿਚ ਖਚਿਤ ਹੋਣਾ ਤੇ ਜਗਤ ਤੋਂ ਨਿਰਲੇਪ ਰਹਿਣਾ—ਇਹ ਦੋਵੇਂ ਪਾਸੇ ਉਸ ਨੇ ਆਪ ਹੀ ਬਣਾ ਦਿੱਤੇ ਹਨ ਤੇ ਆਪ ਹੀ 'ਧਰਮ' (-ਰੂਪ ਹੋ ਕੇ ਦੋਹਾਂ ਵਿਚ) ਵਿਚੋਲਾ ਬਣਿਆ ਹੋਇਆ ਹੈ; ਪਰ, ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਕੂੜ ਦੇ ਵਪਾਰੀ ਹਨ ਉਹ ਜ਼ਰੂਰ ਪ੍ਰਭੂ ਦੀ ਦਰਗਾਹ ਵਿਚ ਬਾਜ਼ੀ ਹਾਰ ਜਾਂਦੇ ਹਨ।

ਜਿਨ੍ਹਾਂ ਨੇ ਗੁਰੂ ਦੀ ਮਤਿ ਦਾ ਆਸਰਾ ਲਿਆ ਉਹ ਗੁਰ-ਸ਼ਬਦ ਦੀ ਬਰਕਤਿ ਨਾਲ ਸੂਰਮੇ ਬਣ ਗਏ ਕਿਉਂਕਿ ਉਹਨਾਂ ਕਾਮ ਤੇ ਕ੍ਰੋਧ ਜਿੱਤ ਲਿਆ; ਉਹ ਗੁਰ-ਸ਼ਬਦ ਦੀ ਰਾਹੀਂ ਸੱਚੇ ਪ੍ਰਭੂ ਦੀ ਹਜ਼ੂਰੀ ਵਿੱਚ ਸੁਰਖ਼ਰੂ ਹੋ ਗਏ। (ਹੇ ਪ੍ਰਭੂ!) ਉਹ ਤੇਰੇ ਭਗਤ ਤੈਨੂੰ ਚੰਗੇ ਲੱਗਦੇ ਹਨ, ਕਿਉਂਕਿ ਉਹ ਤੇਰੇ ਸਦਾ ਕਾਇਮ ਰਹਿਣ ਵਾਲੇ ਨਾਮ ਵਿਚ ਪਿਆਰ ਪਾਂਦੇ ਹਨ।

ਜੋ ਮਨੁੱਖ ਆਪਣੇ ਸਤਿਗੁਰੂ ਨੂੰ ਸੇਂਵਦੇ ਹਨ (ਭਾਵ, ਜੋ ਗੁਰੂ ਦੇ ਕਹੇ ਉਤੇ ਤੁਰਦੇ ਹਨ), ਮੈਂ ਉਹਨਾਂ ਤੋਂ ਸਦਕੇ ਹਾਂ।5।

ਸਲੋਕ ਮਃ ੩ ॥ ਊਂਨਵਿ ਊਂਨਵਿ ਆਇਆ ਵਰਸੈ ਲਾਇ ਝੜੀ ॥ ਨਾਨਕ ਭਾਣੈ ਚਲੈ ਕੰਤ ਕੈ ਸੁ ਮਾਣੇ ਸਦਾ ਰਲੀ ॥੧॥ {ਪੰਨਾ 1280}

ਪਦ ਅਰਥ:- ਰਲੀ—ਆਨੰਦ। ਲਾਇ—ਲਾ ਕੇ। ਕੈ ਭਾਣੈ—ਦੇ ਹੁਕਮ ਵਿਚ।

ਅਰਥ:- (ਗੁਰੂ-ਬੱਦਲ) ਝੁਕ ਝੁਕ ਕੇ ਆਇਆ ਹੈ ਤੇ ਝੜੀ ਲਾ ਕੇ ਵਰ੍ਹ ਰਿਹਾ ਹੈ (ਭਾਵ, ਗੁਰੂ 'ਨਾਮ'-ਉਪਦੇਸ਼ ਦੀ ਵਰਖਾ ਕਰ ਰਿਹਾ ਹੈ); ਪਰ, ਹੇ ਨਾਨਕ! (ਇਸ ਉਪਦੇਸ਼ ਨੂੰ ਸੁਣ ਕੇ) ਜੋ ਮਨੁੱਖ ਖਸਮ (-ਪ੍ਰਭੂ) ਦੀ ਰਜ਼ਾ ਵਿਚ ਤੁਰਦਾ ਹੈ ਉਹੀ (ਉਸ 'ਉਪਦੇਸ਼'-ਵਰਖਾ ਦਾ) ਆਨੰਦ ਮਾਣਦਾ ਹੈ।1।

ਮਃ ੩ ॥ ਕਿਆ ਉਠਿ ਉਠਿ ਦੇਖਹੁ ਬਪੁੜੇਂ ਇਸੁ ਮੇਘੈ ਹਥਿ ਕਿਛੁ ਨਾਹਿ ॥ ਜਿਨਿ ਏਹੁ ਮੇਘੁ ਪਠਾਇਆ ਤਿਸੁ ਰਾਖਹੁ ਮਨ ਮਾਂਹਿ ॥ ਤਿਸ ਨੋ ਮੰਨਿ ਵਸਾਇਸੀ ਜਾ ਕਉ ਨਦਰਿ ਕਰੇਇ ॥ ਨਾਨਕ ਨਦਰੀ ਬਾਹਰੀ ਸਭ ਕਰਣ ਪਲਾਹ ਕਰੇਇ ॥੨॥ {ਪੰਨਾ 1280}

ਪਦ ਅਰਥ:- ਬਪੁੜੇਂ—ਹੇ ਵਿਚਾਰੇ ਬੰਦਿਓ! ਮੇਘ—ਬੱਦਲ। ਮੇਘੈ ਹਥਿ—ਬੱਦਲ ਦੇ ਹੱਥ ਵਿਚ। ਪਠਾਇਆ—

ਭੇਜਿਆ ਹੈ। ਮੰਨਿ—ਮਨ ਵਿਚ। ਨਦਰਿ—ਨਜ਼ਰ (ਅਰਬੀ ਦੇ 'ਜ਼' ਦਾ ਉੱਚਾਰਣ 'ਦ' ਭੀ ਹੈ; ਇਸੇ ਤਰ੍ਹਾਂ 'ਕਾਗ਼ਜ਼' ਤੇ 'ਕਾਗਦ')। ਕਰਣਪਲਾਹ—(ਸੰ: ਕਰੁਣਾ-ਪ੍ਰਲਾਪ। ਕਰੁਣਾ—ਤਰਸ। ਪ੍ਰਲਾਪ—ਵਿਰਲਾਪ) ਉਹ ਵਿਰਲਾਪ ਜੋ ਤਰਸ ਪੈਦਾ ਕਰੇ, ਤਰਲੇ, ਕੀਰਨੇ।

ਅਰਥ:- ਹੇ ਵਿਚਾਰੇ ਬੰਦਿਓ! ਇਸ ਬੱਦਲ ਨੂੰ ਉੱਠ ਉੱਠ ਕੇ ਕੀਹ ਵੇਖਦੇ ਹਉ, ਇਸ ਦੇ ਆਪਣੇ ਵੱਸ ਕੁਝ ਨਹੀਂ (ਕਿ ਇਹ ਵਰਖਾ ਕਰ ਸਕੇ)। (ਹੇ ਭਾਈ!) ਜਿਸ ਮਾਲਕ ਨੇ ਇਹ ਬੱਦਲ ਘੱਲਿਆ ਹੈ ਉਸ ਨੂੰ ਆਪਣੇ ਮਨ ਵਿਚ ਚੇਤੇ ਕਰੋ।

(ਪਰ ਇਹ ਕਿਸੇ ਦੇ ਵੱਸ ਦੀ ਗੱਲ ਨਹੀਂ) ਜਿਸ ਜੀਵ ਉਤੇ ਪ੍ਰਭੂ ਆਪ ਮਿਹਰ ਦੀ ਨਜ਼ਰ ਕਰਦਾ ਹੈ ਉਸ ਦੇ ਮਨ ਵਿਚ (ਆਪਣਾ ਆਪ) ਵਸਾਂਦਾ ਹੈ। ਹੇ ਨਾਨਕ! ਪ੍ਰਭੂ ਦੀ ਮਿਹਰ ਦੀ ਨਜ਼ਰ ਤੋਂ ਬਿਨਾ ਸਾਰੀ ਸ੍ਰਿਸ਼ਟੀ ਤਰਲੈ ਲੈ ਰਹੀ ਹੈ।2।

ਪਉੜੀ ॥ ਸੋ ਹਰਿ ਸਦਾ ਸਰੇਵੀਐ ਜਿਸੁ ਕਰਤ ਨ ਲਾਗੈ ਵਾਰ ॥ ਆਡਾਣੇ ਆਕਾਸ ਕਰਿ ਖਿਨ ਮਹਿ ਢਾਹਿ ਉਸਾਰਣਹਾਰ ॥ ਆਪੇ ਜਗਤੁ ਉਪਾਇ ਕੈ ਕੁਦਰਤਿ ਕਰੇ ਵੀਚਾਰ ॥ ਮਨਮੁਖ ਅਗੈ ਲੇਖਾ ਮੰਗੀਐ ਬਹੁਤੀ ਹੋਵੈ ਮਾਰ ॥ ਗੁਰਮੁਖਿ ਪਤਿ ਸਿਉ ਲੇਖਾ ਨਿਬੜੈ ਬਖਸੇ ਸਿਫਤਿ ਭੰਡਾਰ ॥ ਓਥੈ ਹਥੁ ਨ ਅਪੜੈ ਕੂਕ ਨ ਸੁਣੀਐ ਪੁਕਾਰ ॥ ਓਥੈ ਸਤਿਗੁਰੁ ਬੇਲੀ ਹੋਵੈ ਕਢਿ ਲਏ ਅੰਤੀ ਵਾਰ ॥ ਏਨਾ ਜੰਤਾ ਨੋ ਹੋਰ ਸੇਵਾ ਨਹੀ ਸਤਿਗੁਰੁ ਸਿਰਿ ਕਰਤਾਰ ॥੬॥ {ਪੰਨਾ 1280}

ਪਦ ਅਰਥ:- ਵਾਰ—ਦੇਰ (ਵੇਖੋ, ਆਸਾ ਦੀ ਵਾਰ, 1।1।)। ਆਡਾਣੇ—ਅੱਡੇ ਹੋਏ, ਤਣੇ ਹੋਏ। ਪਤਿ—ਇੱਜ਼ਤ। ਓਥੈ—ਉਸ ਅਵਸਥਾ ਵਿਚ ਜਦੋਂ ਸਾਰੇ ਕੀਤੇ ਕਰਮ ਸਾਹਮਣੇ ਆਉਂਦੇ ਹਨ।

ਅਰਥ:- (ਹੇ ਭਾਈ!) ਉਸ ਪ੍ਰਭੂ ਨੂੰ ਸਦਾ ਸਿਮਰੀਏ ਜਿਸ ਨੂੰ (ਜਗਤ) ਬਣਾਦਿਆਂ ਚਿਰ ਨਹੀਂ ਲੱਗਦਾ; ਇਹ ਤਣੇ ਹੋਏ ਆਕਾਸ਼ ਬਣਾ ਕੇ ਇਕ ਪਲਕ ਵਿਚ ਨਾਸ ਕਰ ਕੇ (ਮੁੜ) ਬਣਾਣ ਦੇ ਸਮਰੱਥ ਹੈ। ਪ੍ਰਭੂ ਆਪ ਹੀ ਜਗਤ ਪੈਦਾ ਕਰ ਕੇ ਆਪ ਹੀ ਇਸ ਰਚਨਾ ਦਾ ਖ਼ਿਆਲ ਰੱਖਦਾ ਹੈ। ਪਰ, ਜੋ ਮਨੁੱਖ (ਐਸੇ ਪ੍ਰਭੂ ਨੂੰ ਵਿਸਾਰ ਕੇ) ਆਪਣੇ ਮਨ ਦੇ ਪਿੱਛੇ ਤੁਰਦਾ ਹੈ (ਤੇ ਵਿਕਾਰਾਂ ਵਿਚ ਪ੍ਰਵਿਰਤ ਹੁੰਦਾ ਹੈ) ਉਸ ਪਾਸੋਂ ਅਗਾਂਹ ਉਸ ਦੇ ਕੀਤੇ ਕਰਮਾਂ ਦਾ ਲੇਖਾ ਮੰਗਿਆ ਜਾਂਦਾ ਹੈ (ਵਿਕਾਰਾਂ ਦੇ ਕਾਰਨ) ਉਸ ਨੂੰ ਮਾਰ ਪੈਂਦੀ ਹੈ। ਗੁਰੂ ਦੇ ਹੁਕਮ ਵਿਚ ਤੁਰਨ ਵਾਲੇ ਬੰਦੇ ਦਾ ਲੇਖਾ ਇੱਜ਼ਤ ਨਾਲ ਨਿੱਬੜਦਾ ਹੈ ਕਿਉਂਕਿ ਗੁਰੂ ਉਸ ਨੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਖ਼ਜ਼ਾਨੇ ਬਖ਼ਸ਼ਦਾ ਹੈ।

ਕੀਤੇ ਕਰਮਾਂ ਦਾ ਲੇਖਾ ਹੋਣ ਵੇਲੇ ਕਿਸੇ ਹੋਰ ਦੀ ਪੇਸ਼ ਨਹੀਂ ਜਾਂਦੀ, ਤੇ ਉਸ ਵੇਲੇ ਕਿਸੇ ਕੂਕ-ਪੁਕਾਰ ਦਾ ਭੀ ਕੋਈ ਫ਼ਾਇਦਾ ਨਹੀਂ ਹੁੰਦਾ। ਉਸ ਵੇਲੇ ਵਾਸਤੇ ਤਾਂ ਸਤਿਗੁਰੂ ਹੀ ਮਦਦਗਾਰ ਹੁੰਦਾ ਹੈ ਕਿਉਂਕਿ ਆਖ਼ਰ ਗੁਰੂ ਹੀ ਵਿਕਾਰਾਂ ਤੋਂ ਬਾਹਰ ਕੱਢਦਾ ਹੈ।

ਕਿਸੇ ਹੋਰ ਕਿਸਮ ਦੀ ਸੇਵਾ ਇਹਨਾਂ ਜੀਵਾਂ ਲਈ ਲਾਭਦਾਇਕ ਨਹੀਂ ਹੈ, ਅਕਾਲ ਪੁਰਖ ਦਾ ਭੇਜਿਆ ਹੋਇਆ ਸਤਿਗੁਰੂ ਹੀ ਜੀਵਾਂ ਦੇ ਸਿਰ ਉਤੇ ਹੱਥ ਰੱਖਦਾ ਹੈ।6।

ਸਲੋਕ ਮਃ ੩ ॥ ਬਾਬੀਹਾ ਜਿਸ ਨੋ ਤੂ ਪੂਕਾਰਦਾ ਤਿਸ ਨੋ ਲੋਚੈ ਸਭੁ ਕੋਇ ॥ ਅਪਣੀ ਕਿਰਪਾ ਕਰਿ ਕੈ ਵਸਸੀ ਵਣੁ ਤ੍ਰਿਣੁ ਹਰਿਆ ਹੋਇ ॥ ਗੁਰ ਪਰਸਾਦੀ ਪਾਈਐ ਵਿਰਲਾ ਬੂਝੈ ਕੋਇ ॥ ਬਹਦਿਆ ਉਠਦਿਆ ਨਿਤ ਧਿਆਈਐ ਸਦਾ ਸਦਾ ਸੁਖੁ ਹੋਇ ॥ ਨਾਨਕ ਅੰਮ੍ਰਿਤੁ ਸਦ ਹੀ ਵਰਸਦਾ ਗੁਰਮੁਖਿ ਦੇਵੈ ਹਰਿ ਸੋਇ ॥੧॥ {ਪੰਨਾ 1281}

ਪਦ ਅਰਥ:- ਬਾਬੀਹਾ—ਹੇ ਪਪੀਹੇ! (ਨੋਟ—ਪਪੀਹਾ ਵਰਖਾ-ਬੂੰਦ ਦਾ ਪਿਆਸਾ ਹੁੰਦਾ ਹੈ; ਸੋ, ਇਸ ਨੂੰ ਉਸ

ਮਨੁੱਖ ਨਾਲ ਉਪਮਾ ਦਿੱਤੀ ਹੈ ਜੋ ਪ੍ਰਭੂ ਨੂੰ ਮਿਲਣ ਦੀ ਤਾਂਘ ਕਰਦਾ ਹੈ)। ਵਸਸੀ—ਵਰਖਾ ਕਰੇਗਾ। ਵਣੁ—ਜੰਗਲ। ਤ੍ਰਿਣੁ—ਘਾਹ। ਵਾਣੁ ਤ੍ਰਿਣੁ—ਸਾਰੀ ਬਨਸਪਤੀ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਗੁਰਮੁਖਿ—ਗੁਰੂ ਦੇ ਦੱਸੇ ਰਾਹ ਉਤੇ ਤੁਰਨ ਵਾਲਾ ਮਨੁੱਖ।

ਅਰਥ:- ਹੇ ਬਿਰਹੀ ਜੀਵ! ਜਿਸ ਪ੍ਰਭੂ ਨੂੰ ਮਿਲਣ ਲਈ ਤੂੰ ਤਰਲੇ ਲੈ ਰਿਹਾ ਹੈਂ, ਉਸ ਨੂੰ ਮਿਲਣ ਲਈ ਹਰੇਕ ਜੀਵ ਲੋਚਦਾ ਹੈ, ਜਦੋਂ ਉਹ ਪ੍ਰਭੂ ਆਪ ਮਿਹਰ ਕਰ ਕੇ ('ਨਾਮ' ਦੀ) ਵਰਖਾ ਕਰੇਗਾ ਤਾਂ ਸਾਰੀ ਸ੍ਰਿਸ਼ਟੀ (ਸਾਰੀ ਬਨਸਪਤੀ) ਹਰੀ ਹੋ ਜਾਇਗੀ।

ਕੋਈ ਵਿਰਲਾ ਬੰਦਾ ਸਮਝਦਾ ਹੈ ਕਿ ('ਨਾਮ-ਅੰਮ੍ਰਿਤੁ') ਗੁਰੂ ਦੀ ਕਿਰਪਾ ਨਾਲ ਮਿਲਦਾ ਹੈ; ਜੇ ਬੈਠਦੇ ਉੱਠਦੇ ਹਰ ਵੇਲੇ ਪ੍ਰਭੂ ਨੂੰ ਸਿਮਰੀਏ ਤਾਂ ਸਦਾ ਹੀ ਸੁਖ ਪ੍ਰਾਪਤ ਹੁੰਦਾ ਹੈ। ਹੇ ਨਾਨਕ! ਪ੍ਰਭੂ ਦੇ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ ਵਰਖਾ ਤਾਂ ਸਦਾ ਹੀ ਹੋ ਰਹੀ ਹੈ, ਪਰ ਉਹ ਪ੍ਰਭੂ ਇਹ ਦਾਤਿ ਉਸ ਮਨੁੱਖ ਨੂੰ ਦੇਂਦਾ ਹੈ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ।1।

ਮਃ ੩ ॥ ਕਲਮਲਿ ਹੋਈ ਮੇਦਨੀ ਅਰਦਾਸਿ ਕਰੇ ਲਿਵ ਲਾਇ ॥ ਸਚੈ ਸੁਣਿਆ ਕੰਨੁ ਦੇ ਧੀਰਕ ਦੇਵੈ ਸਹਜਿ ਸੁਭਾਇ ॥ ਇੰਦ੍ਰੈ ਨੋ ਫੁਰਮਾਇਆ ਵੁਠਾ ਛਹਬਰ ਲਾਇ ॥ ਅਨੁ ਧਨੁ ਉਪਜੈ ਬਹੁ ਘਣਾ ਕੀਮਤਿ ਕਹਣੁ ਨ ਜਾਇ ॥ ਨਾਨਕ ਨਾਮੁ ਸਲਾਹਿ ਤੂ ਸਭਨਾ ਜੀਆ ਦੇਦਾ ਰਿਜਕੁ ਸੰਬਾਹਿ ॥ ਜਿਤੁ ਖਾਧੈ ਸੁਖੁ ਊਪਜੈ ਫਿਰਿ ਦੂਖੁ ਨ ਲਾਗੈ ਆਇ ॥੨॥ {ਪੰਨਾ 1281}

ਪਦ ਅਰਥ:- ਕਲਮਲਿ—ਵਿਆਕੁਲ। ਮੇਦਨੀ—ਧਰਤੀ। ਸਚੈ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੇ। ਕੰਨੁ ਦੇ—ਕੰਨ ਦੇ ਕੇ, ਧਿਆਨ ਨਾਲ। ਧੀਰਕ—ਧੀਰਜ। ਵੁਠਾ—ਵੱਸਿਆ। ਛਹਬਰ—ਝੜੀ। ਅਨੁ —ਅੰਨ, ਅਨਾਜ। ਸੰਬਾਹਿ—ਅਪੜਾ ਕੇ, ਇਕੱਠਾ ਕਰ ਕੇ। (ਨੋਟ—'ਭੂਤ-ਕਾਲ' ਦਾ ਅਰਥ 'ਵਰਤਮਾਨ' ਵਿਚ ਕਰਨਾ ਹੈ)।

ਅਰਥ:- (ਜਦੋਂ) ਧਰਤੀ (ਮੀਂਹ ਖੁਣੋਂ) ਵਿਆਕੁਲ ਹੁੰਦੀ ਹੈ ਤੇ ਇਕ-ਮਨ ਹੋ ਕੇ ਅਰਜ਼ੋਈ ਕਰਦੀ ਹੈ ਤਾਂ ਸਦਾ-ਥਿਰ ਸੱਚਾ ਪ੍ਰਭੂ (ਇਸ ਅਰਜ਼ੋਈ ਨੂੰ) ਗਹੁ ਨਾਲ ਸੁਣਦਾ ਹੈ, ਤੇ, ਸੁਤੇ ਹੀ ਆਪਣੇ ਸਦਾ ਦੇ ਬਣੇ ਸੁਭਾਉ ਅਨੁਸਾਰ (ਧਰਤੀ ਨੂੰ) ਧੀਰਜ ਦੇਂਦਾ ਹੈ; ਇੰਦ੍ਰ ਨੂੰ ਹੁਕਮ ਕਰਦਾ ਹੈ, ਉਹ ਝੜੀ ਲਾ ਕੇ ਵਰਖਾ ਕਰਦਾ ਹੈ; ਬੇਅੰਤ ਅਨਾਜ (-ਰੂਪ) ਧਨ ਪੈਦਾ ਹੁੰਦਾ ਹੈ। (ਪ੍ਰਭੂ ਦੀ ਇਸ ਬਖ਼ਸ਼ਸ਼ ਦਾ) ਮੁੱਲ ਨਹੀਂ ਪਾਇਆ ਜਾ ਸਕਦਾ।

ਹੇ ਨਾਨਕ! ਜੋ ਪ੍ਰਭੂ ਸਭ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈ ਉਸ ਦਾ ਨਾਮ ਵਡਿਆਓ; ਇਸ ਨਾਮ-ਭੋਜਨ ਦੇ ਖਾਧਿਆਂ ਸੁਖ ਪੈਦਾ ਹੁੰਦਾ ਹੈ (ਸੁਖ ਭੀ ਐਸਾ ਕਿ) ਫਿਰ ਕਦੇ ਦੁੱਖ ਆ ਕੇ ਨਹੀਂ ਲੱਗਦਾ।2।

ਪਉੜੀ ॥ ਹਰਿ ਜੀਉ ਸਚਾ ਸਚੁ ਤੂ ਸਚੇ ਲੈਹਿ ਮਿਲਾਇ ॥ ਦੂਜੈ ਦੂਜੀ ਤਰਫ ਹੈ ਕੂੜਿ ਮਿਲੈ ਨ ਮਿਲਿਆ ਜਾਇ ॥ ਆਪੇ ਜੋੜਿ ਵਿਛੋੜਿਐ ਆਪੇ ਕੁਦਰਤਿ ਦੇਇ ਦਿਖਾਇ ॥ ਮੋਹੁ ਸੋਗੁ ਵਿਜੋਗੁ ਹੈ ਪੂਰਬਿ ਲਿਖਿਆ ਕਮਾਇ ॥ ਹਉ ਬਲਿਹਾਰੀ ਤਿਨ ਕਉ ਜੋ ਹਰਿ ਚਰਣੀ ਰਹੈ ਲਿਵ ਲਾਇ ॥ ਜਿਉ ਜਲ ਮਹਿ ਕਮਲੁ ਅਲਿਪਤੁ ਹੈ ਐਸੀ ਬਣਤ ਬਣਾਇ ॥ ਸੇ ਸੁਖੀਏ ਸਦਾ ਸੋਹਣੇ ਜਿਨ੍ ਵਿਚਹੁ ਆਪੁ ਗਵਾਇ ॥ ਤਿਨ੍ ਸੋਗੁ ਵਿਜੋਗੁ ਕਦੇ ਨਹੀ ਜੋ ਹਰਿ ਕੈ ਅੰਕਿ ਸਮਾਇ ॥੭॥ {ਪੰਨਾ 1281}

ਪਦ ਅਰਥ:- ਦੂਜੈ—(ਪ੍ਰਭੂ ਨੂੰ ਛੱਡ ਕੇ) ਹੋਰ ਵਿਚ ਲੱਗਿਆਂ। ਕੂੜਿ—ਕੂੜ ਵਿਚ ਲੱਗਿਆਂ, ਮਾਇਆ ਦੇ ਮੋਹ ਵਿਚ ਫਸਿਆਂ। ਪੂਰਬਿ—ਪਿਛਲੇ ਸਮੇ ਵਿਚ। ਅੰਕਿ—ਗੋਦ ਵਿਚ। ਵਿਛੋੜਿਐ—ਵਿਛੋੜੇ ਹੋਏ ਨੂੰ। ਸਮਾਇ—ਲੀਨ।

ਅਰਥ:- ਹੇ ਪ੍ਰਭੂ ਜੀ! ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਜੋ ਤੇਰਾ ਰੂਪ ਹੋ ਜਾਂਦਾ ਹੈ ਤੂੰ ਉਸ ਨੂੰ (ਆਪਣੇ ਵਿਚ) ਮਿਲਾ ਲੈਂਦਾ ਹੈਂ। ਜੋ ਮਨੁੱਖ ਮਾਇਆ ਵਿਚ ਲੱਗਾ ਹੋਇਆ ਹੈ ਉਸ ਦਾ (ਸੱਚ ਦੇ ਉਲਟ) ਦੂਜਾ ਪਾਸਾ ਹੈ (ਭਾਵ; ਉਹ ਦੂਜੇ ਪਾਸੇ, ਕੂੜ ਵਲ, ਜਾਂਦਾ ਹੈ; ਤੇ) ਕੂੜ ਦੀ ਰਾਹੀਂ (ਭਾਵ, ਕੂੜ ਵਿਚ ਲੱਗਿਆਂ) ਪ੍ਰਭੂ ਨਹੀਂ ਮਿਲਦਾ, ਪ੍ਰਭੂ ਨੂੰ ਮਿਲਿਆ ਨਹੀਂ ਜਾ ਸਕਦਾ। (ਕੂੜ ਵਿਚ ਲੱਗੇ ਬੰਦੇ ਨੂ) ਮੋਹ ਚਿੰਤਾ ਵਿਛੋੜਾ ਵਿਆਪਦਾ ਹੈ ਉਹ (ਮੁੜ) ਉਹੀ ਕੰਮ ਕਰਦਾ ਜਾਂਦਾ ਹੈ ਜੋ ਪਿਛਲੇ ਕੀਤੇ ਅਨੁਸਾਰ (ਉਸ ਦੇ ਮੱਥੇ ਉਤੇ) ਲਿਖਿਆ ਹੈ; ਪਰ, ਪ੍ਰਭੂ ਵਿਛੋੜੇ ਹੋਏ ਜੀਵ ਨੂੰ ਭੀ ਆਪ ਹੀ (ਆਪਣੇ ਚਰਨਾਂ ਵਿਚ) ਜੋੜਦਾ ਹੈ, ਆਪ ਹੀ ਆਪਣੀ ਇਹ ਵਡਿਆਈ ਵਿਖਾਂਦਾ ਹੈ।

ਜਿਹੜੇ ਮਨੁੱਖ ਪ੍ਰਭੂ ਦੇ ਚਰਨਾਂ ਵਿਚ ਸੁਰਤਿ ਜੋੜਿ ਰੱਖਦੇ ਹਨ, ਮੈਂ ਉਹਨਾਂ ਤੋਂ ਸਦਕੇ ਹਾਂ; ਪ੍ਰਭੂ ਨੇ ਅਜੇਹੀ ਬਣਤਰ ਬਣਾ ਰੱਖੀ ਹੈ (ਕਿ ਉਸ ਦੇ ਚਰਨਾਂ ਵਿਚ ਜੁੜਨ ਵਾਲੇ ਇਉਂ ਜਗਤ ਵਿਚ ਨਿਰਲੇਪ ਰਹਿੰਦੇ ਹਨ) ਜਿਵੇਂ ਪਾਣੀ ਵਿਚ ਕਉਲ ਫੁੱਲ ਅਛੋਹ ਰਹਿੰਦਾ ਹੈ। ਜੋ ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਗਵਾਂਦੇ ਹਨ ਉਹ ਸਦਾ ਸੁਖੀ ਰਹਿੰਦੇ ਹਨ ਤੇ ਸੋਹਣੇ ਲੱਗਦੇ ਹਨ (ਸੋਹਣੇ ਜੀਵਨ ਵਾਲੇ ਬਣ ਜਾਂਦੇ ਹਨ)। ਜੋ ਪ੍ਰਭੂ ਦੀ ਗੋਦ ਵਿੱਚ ਟਿਕੇ ਰਹਿੰਦੇ ਹਨ ਉਹਨਾਂ ਨੂੰ ਕਦੇ ਚਿੰਤਾ ਤੇ ਵਿਛੋੜਾ ਵਿਆਪਦਾ ਨਹੀਂ।7।

ਸਲੋਕ ਮਃ ੩ ॥ ਨਾਨਕ ਸੋ ਸਾਲਾਹੀਐ ਜਿਸੁ ਵਸਿ ਸਭੁ ਕਿਛੁ ਹੋਇ ॥ ਤਿਸੈ ਸਰੇਵਿਹੁ ਪ੍ਰਾਣੀਹੋ ਤਿਸੁ ਬਿਨੁ ਅਵਰੁ ਨ ਕੋਇ ॥ ਗੁਰਮੁਖਿ ਹਰਿ ਪ੍ਰਭੁ ਮਨਿ ਵਸੈ ਤਾਂ ਸਦਾ ਸਦਾ ਸੁਖੁ ਹੋਇ ॥ ਸਹਸਾ ਮੂਲਿ ਨ ਹੋਵਈ ਸਭ ਚਿੰਤਾ ਵਿਚਹੁ ਜਾਇ ॥ ਜੋ ਕਿਛੁ ਹੋਇ ਸੁ ਸਹਜੇ ਹੋਇ ਕਹਣਾ ਕਿਛੂ ਨ ਜਾਇ ॥ ਸਚਾ ਸਾਹਿਬੁ ਮਨਿ ਵਸੈ ਤਾਂ ਮਨਿ ਚਿੰਦਿਆ ਫਲੁ ਪਾਇ ॥ ਨਾਨਕ ਤਿਨ ਕਾ ਆਖਿਆ ਆਪਿ ਸੁਣੇ ਜਿ ਲਇਅਨੁ ਪੰਨੈ ਪਾਇ ॥੧॥ {ਪੰਨਾ 1281}

ਪਦ ਅਰਥ:- ਸਹਸਾ—ਤੌਖ਼ਲਾ। ਚਿੰਦਿਆ—ਚਿਤਵਿਆ ਹੋਇਆ। ਲਇਅਨੁ—ਲਏ ਹਨ ਉਸ ਨੇ (ਵੇਖੋ, 'ਗੁਰਬਾਣੀ ਵਿਆਕਰਣ)। ਪੰਨੈ—ਲੇਖੇ ਵਿਚ। ਵਸਿ—ਵੱਸ ਵਿਚ। ਸਰੇਵਿਹੁ—ਸਿਮਰਦੇ ਰਹੋ। ਮਨਿ—ਮਨ ਵਿਚ। ਗੁਰਮੁਖਿ—ਗੁਰੂ ਦੀ ਸਰਨ ਪਿਆਂ। ਮੂਲਿ ਨ—ਬਿਲਕੁਲ ਨਹੀਂ। ਹੋਵਈ—ਹੋਵੈ; ਹੁੰਦਾ। ਸਹਜੈ—ਰਜ਼ਾ ਅਨੁਸਾਰ। ਜਿ—ਜਿਹੜੇ ਮਨੁੱਖ।

ਅਰਥ:- ਹੇ ਨਾਨਕ! ਜਿਸ ਪ੍ਰਭੂ ਦੇ ਵੱਸ ਵਿਚ ਹਰੇਕ ਗੱਲ ਹੈ ਉਸ ਦੀ ਸਦਾ ਵਡਿਆਈ ਕਰਨੀ ਚਾਹੀਦੀ ਹੈ; ਉਸ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ; ਹੇ ਬੰਦਿਓ! ਉਸ ਪ੍ਰਭੂ ਨੂੰ ਹੀ ਸਿਮਰੋ।

(ਜੇ) ਗੁਰੂ ਦੀ ਰਾਹੀਂ ਹਰੀ-ਪ੍ਰਭੂ ਮਨ ਵਿਚ ਆ ਵੱਸੇ ਤਾਂ (ਮਨ ਵਿਚ) ਸਦਾ ਹੀ ਸੁਖ ਬਣਿਆ ਰਹਿੰਦਾ ਹੈ, ਤੌਖ਼ਲਾ ਉੱਕਾ ਹੀ ਨਹੀਂ ਹੁੰਦਾ, ਸਾਰੀ ਚਿੰਤਾ ਮਨ ਵਿਚੋਂ ਨਿਕਲ ਜਾਂਦੀ ਹੈ, ਜੋ ਕੁਝ (ਜਗਤ ਵਿਚ) ਵਰਤ ਰਿਹਾ ਹੈ ਉਹ ਰਜ਼ਾ ਵਿਚ ਹੋ ਰਿਹਾ ਹੀ ਦਿੱਸਦਾ ਹੈ ਉਸ ਉੱਤੇ ਕੋਈ ਇਤਰਾਜ਼ (ਮਨ ਵਿਚ) ਉੱਠਦਾ ਹੀ ਨਹੀਂ। ਜੇ ਸਦਾ-ਥਿਰ ਰਹਿਣ ਵਾਲਾ ਪ੍ਰਭੂ ਮਨ ਵਿਚ ਆ ਵੱਸੇ ਤਾਂ ਮਨ ਵਿਚ ਚਿਤਵਿਆ ਹੋਇਆ (ਹਰੇਕ) ਫਲ ਹਾਸਲ ਹੁੰਦਾ ਹੈ।

ਹੇ ਨਾਨਕ! ਜਿਨ੍ਹਾਂ ਨੂੰ ਪ੍ਰਭੂ ਨੇ ਆਪਣੇ ਲੇਖੇ ਵਿਚ ਲਿਖ ਲਿਆ ਹੈ (ਭਾਵ, ਜਿਨ੍ਹਾਂ ਉਤੇ ਮਿਹਰ ਦੀ ਨਜ਼ਰ ਕਰਦਾ ਹੈ) ਉਹਨਾਂ ਦੀ ਅਰਦਾਸ ਗਹੁ ਨਾਲ ਸੁਣਦਾ ਹੈ।1।

ਮਃ ੩ ॥ ਅੰਮ੍ਰਿਤੁ ਸਦਾ ਵਰਸਦਾ ਬੂਝਨਿ ਬੂਝਣਹਾਰ ॥ ਗੁਰਮੁਖਿ ਜਿਨ੍ਹੀ ਬੁਝਿਆ ਹਰਿ ਅੰਮ੍ਰਿਤੁ ਰਖਿਆ ਉਰਿ ਧਾਰਿ ॥ ਹਰਿ ਅੰਮ੍ਰਿਤੁ ਪੀਵਹਿ ਸਦਾ ਰੰਗਿ ਰਾਤੇ ਹਉਮੈ ਤ੍ਰਿਸਨਾ ਮਾਰਿ ॥ ਅੰਮ੍ਰਿਤੁ ਹਰਿ ਕਾ ਨਾਮੁ ਹੈ ਵਰਸੈ ਕਿਰਪਾ ਧਾਰਿ ॥ ਨਾਨਕ ਗੁਰਮੁਖਿ ਨਦਰੀ ਆਇਆ ਹਰਿ ਆਤਮ ਰਾਮੁ ਮੁਰਾਰਿ ॥੨॥ {ਪੰਨਾ 1281}

ਪਦ ਅਰਥ:- ਬੂਝਣਹਾਰ—ਸਮਝਣ-ਜੋਗੇ; ਉਹ ਮਨੁੱਖ ਜੋ ਇਹ ਸਮਝਣ ਦੇ ਸਮਰਥ ਹਨ। ਉਰਿ—ਹਿਰਦੇ ਵਿਚ।

ਧਾਰਿ—ਸਾਂਭ ਕੇ। ਆਤਮ ਰਾਮੁ—ਸਭ ਥਾਈਂ ਵਿਆਪਕ ਆਤਮਾ, ਪਰਮਾਤਮਾ। ਮੁਰਾਰਿ—(ਮੁਰ+ਅਰਿ) 'ਮੁਰ' ਦੈਂਤ ਦਾ ਵੈਰੀ (ਕ੍ਰਿਸ਼ਨ), ਪ੍ਰਭੂ। ਬੂਝਨਿ—ਸਮਝਦੇ ਹਨ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਪੀਵਹਿ—ਪੀਂਦੇ ਹਨ। ਮਾਰਿ—ਮਾਰ ਕੇ। ਗੁਰਮੁਖਿ—ਗੁਰੂ ਦੀ ਸਰਨ ਪਿਆਂ।

ਅਰਥ:- 'ਅੰਮ੍ਰਿਤ' ਦੀ ਵਰਖਾ ਸਦਾ ਹੋ ਰਹੀ ਹੈ (ਪਰ ਇਸ ਭੇਤ ਨੂੰ) ਉਹੀ ਸਮਝਦੇ ਹਨ ਜੋ ਸਮਝਣ-ਜੋਗੇ ਹਨ; ਜਿਨ੍ਹਾਂ ਨੇ ਗੁਰੂ ਦੀ ਰਾਹੀਂ (ਇਹ ਭੇਤ) ਸਮਝ ਲਿਆ ਹੈ ਉਹ 'ਅੰਮ੍ਰਿਤ' ਹਿਰਦੇ ਵਿਚ ਸਾਂਭ ਰੱਖਦੇ ਹਨ; ਉਹ ਮਨੁੱਖ ਹਉਮੈ ਤੇ (ਮਾਇਆ ਦੀ) ਤ੍ਰਿਸ਼ਨਾ ਮਿਟਾ ਕੇ, ਪ੍ਰਭੂ ਦੇ ਪਿਆਰ ਵਿਚ ਰੰਗੇ ਹੋਏ ਸਦਾ 'ਅੰਮ੍ਰਿਤ' ਪੀਂਦੇ ਹਨ। (ਉਹ ਅੰਮ੍ਰਿਤ ਕੀਹ ਹੈ?) 'ਅੰਮ੍ਰਿਤ' ਪ੍ਰਭੂ ਦਾ 'ਨਾਮ' ਹੈ ਤੇ ਇਸ ਦੀ ਵਰਖਾ ਹੁੰਦੀ ਹੈ ਪ੍ਰਭੂ ਦੀ ਕਿਰਪਾ ਨਾਲ। ਹੇ ਨਾਨਕ! ਸਭ ਵਿਚ ਵਿਆਪਕ ਮੁਰਾਰੀ ਪਰਮਾਤਮਾ ਸਤਿਗੁਰੂ ਦੀ ਰਾਹੀਂ ਨਜ਼ਰੀਂ ਆਉਂਦਾ ਹੈ।2।

ਪਉੜੀ ॥ ਅਤੁਲੁ ਕਿਉ ਤੋਲੀਐ ਵਿਣੁ ਤੋਲੇ ਪਾਇਆ ਨ ਜਾਇ ॥ ਗੁਰ ਕੈ ਸਬਦਿ ਵੀਚਾਰੀਐ ਗੁਣ ਮਹਿ ਰਹੈ ਸਮਾਇ ॥ ਅਪਣਾ ਆਪੁ ਆਪਿ ਤੋਲਸੀ ਆਪੇ ਮਿਲੈ ਮਿਲਾਇ ॥ ਤਿਸ ਕੀ ਕੀਮਤਿ ਨਾ ਪਵੈ ਕਹਣਾ ਕਿਛੂ ਨ ਜਾਇ ॥ ਹਉ ਬਲਿਹਾਰੀ ਗੁਰ ਆਪਣੇ ਜਿਨਿ ਸਚੀ ਬੂਝ ਦਿਤੀ ਬੁਝਾਇ ॥ ਜਗਤੁ ਮੁਸੈ ਅੰਮ੍ਰਿਤੁ ਲੁਟੀਐ ਮਨਮੁਖ ਬੂਝ ਨ ਪਾਇ ॥ ਵਿਣੁ ਨਾਵੈ ਨਾਲਿ ਨ ਚਲਸੀ ਜਾਸੀ ਜਨਮੁ ਗਵਾਇ ॥ ਗੁਰਮਤੀ ਜਾਗੇ ਤਿਨ੍ਹੀ ਘਰੁ ਰਖਿਆ ਦੂਤਾ ਕਾ ਕਿਛੁ ਨ ਵਸਾਇ॥੮॥ {ਪੰਨਾ 1282}

(ਨੋਟ:- 'ਆਪੁ' ਤੇ 'ਆਪਿ' ਦਾ ਫ਼ਰਕ ਚੇਤੇ ਰੱਖਣ ਜੋਗ ਹੈ। ਵੇਖੋ, 'ਗੁਰਬਾਣੀ ਵਿਆਕਰਣ')

ਪਦ ਅਰਥ:- ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਹਉ—ਹਉਂ, ਮੈਂ। ਜਿਨਿ—ਜਿਸ (ਗੁਰੂ ਨੇ)। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ। ਮੁਸੈ—ਠੱਗਿਆ ਜਾ ਰਿਹਾ ਹੈ। ਬੂਝ—ਸਮਝ। ਜਾਸੀ—ਜਾਇਗਾ। ਵਸਾਇ—ਵੱਸ, ਜ਼ੋਰ।

ਅਰਥ:- ਪਰਮਾਤਮਾ ਅਤੁੱਲ ਹੈ, ਉਸ ਦੇ ਸਾਰੇ ਗੁਣ ਜਾਚੇ ਨਹੀਂ ਜਾ ਸਕਦੇ; ਪਰ ਉਸ ਦੇ ਗੁਣਾਂ ਦੀ ਵਿਚਾਰ ਕਰਨ ਤੋਂ ਬਿਨਾ ਉਸ ਦੀ ਪ੍ਰਾਪਤੀ ਭੀ ਨਹੀਂ ਹੁੰਦੀ। ਪ੍ਰਭੂ ਦੇ ਗੁਣਾਂ ਦੀ ਵਿਚਾਰ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹੋ ਸਕਦੀ ਹੈ (ਜੋ ਮਨੁੱਖ ਵਿਚਾਰ ਕਰਦਾ ਹੈ ਉਹ) ਉਸ ਦੇ ਗੁਣਾਂ ਵਿਚ ਮਗਨ ਰਹਿੰਦਾ ਹੈ।

ਆਪਣੇ ਆਪ ਨੂੰ ਪ੍ਰਭੂ ਆਪ ਹੀ ਤੋਲ ਸਕਦਾ ਹੈ (ਭਾਵ, ਪ੍ਰਭੂ ਕਿਤਨਾ ਵੱਡਾ ਹੈ ਇਹ ਗੱਲ ਉਹ ਆਪ ਹੀ ਜਾਣਦਾ ਹੈ) ਉਹ ਆਪ ਹੀ (ਆਪਣੇ ਸੇਵਕਾਂ ਨੂੰ ਗੁਰੂ ਦਾ) ਮਿਲਾਇਆ ਮਿਲਦਾ ਹੈ। ਪ੍ਰਭੂ ਦਾ ਮੁੱਲ ਨਹੀਂ ਪੈ ਸਕਦਾ; (ਉਹ ਕੇਡਾ ਵੱਡਾ ਹੈ ਇਸ ਬਾਰੇ) ਕੋਈ ਗੱਲ ਆਖੀ ਨਹੀਂ ਜਾ ਸਕਦੀ। ਮੈਂ ਕੁਰਬਾਨ ਹਾਂ ਆਪਣੇ ਗੁਰੂ ਤੋਂ ਜਿਸ ਨੇ (ਮੈਨੂੰ ਸੱਚੀ ਸੂਝ ਦੇ ਦਿੱਤੀ ਹੈ)।

(ਗੁਰੂ ਦੀ ਮਤਿ ਤੋਂ ਬਿਨਾ) ਜਗਤ ਠੱਗਿਆ ਜਾ ਰਿਹਾ ਹੈ, ਅੰਮ੍ਰਿਤ ਲੁਟਿਆ ਜਾ ਰਿਹਾ ਹੈ, ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਨੂੰ ਇਹ ਸਮਝ ਨਹੀਂ ਪੈਂਦੀ। ਪ੍ਰਭੂ ਦੇ ਨਾਮ ਤੋਂ ਬਿਨਾ (ਕੋਈ ਹੋਰ ਸ਼ੈ ਮਨੁੱਖ ਦੇ) ਨਾਲ ਨਹੀਂ ਜਾਇਗੀ (ਸੋ, 'ਨਾਮ' ਤੋਂ ਭੁੱਲਾ ਹੋਇਆ ਮਨੁੱਖ ਆਪਣਾ ਜਨਮ ਅਜਾਈਂ ਗਵਾ ਕੇ ਜਾਇਗਾ।

ਜਿਹੜੇ ਮਨੁੱਖ ਗੁਰੂ ਦੀ ਮਤਿ ਲੈ ਕੇ (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗ ਪੈਂਦੇ ਹਨ ਉਹ ਆਪਣਾ ਘਰ (ਭਾਵ, ਆਪਣਾ ਸਰੀਰ, ਵਿਕਾਰਾਂ ਤੋਂ) ਬਚਾ ਰੱਖਦੇ ਹਨ, ਇਹਨਾਂ ਦੂਤਾਂ (ਵਿਕਾਰਾਂ) ਦਾ ਉਹਨਾਂ ਉਤੇ ਕੋਈ ਜ਼ੋਰ ਨਹੀਂ ਚਲਦਾ।8।

ਸਲੋਕ ਮਃ ੩ ॥ ਬਾਬੀਹਾ ਨਾ ਬਿਲਲਾਇ ਨਾ ਤਰਸਾਇ ਏਹੁ ਮਨੁ ਖਸਮ ਕਾ ਹੁਕਮੁ ਮੰਨਿ ॥ ਨਾਨਕ ਹੁਕਮਿ ਮੰਨਿਐ ਤਿਖ ਉਤਰੈ ਚੜੈ ਚਵਗਲਿ ਵੰਨੁ ॥੧॥ {ਪੰਨਾ 1282}

ਪਦ ਅਰਥ:- ਤਿਖ—ਤ੍ਰੇਹ। ਚਵਗਲਿ—ਚਾਰ ਗੁਣਾਂ। ਵੰਨੁ—ਰੰਗ।

ਅਰਥ:- ਹੇ ਪਪੀਹੇ! ਨਾਹ ਵਿਲਕ, ਆਪਣਾ ਮਨ ਨਾਹ ਤਰਸਾ ਤੇ ਮਾਲਕ ਦਾ ਹੁਕਮ ਮੰਨ (ਉਸ ਦੇ ਹੁਕਮ ਵਿਚ ਹੀ ਵਰਖਾ ਹੋਵੇਗੀ) ਹੇ ਨਾਨਕ! ਪ੍ਰਭੂ ਦੀ ਰਜ਼ਾ ਵਿਚ ਟੁਰਿਆਂ ਹੀ (ਮਾਇਆ ਦੀ ਤ੍ਰੇਹ ਮਿਟਦੀ ਹੈ ਤੇ ਚੌਗੁਣਾ ਰੰਗ ਚੜ੍ਹਦਾ ਹੈ (ਭਾਵ, ਮਨ ਪੂਰੇ ਤੌਰ ਤੇ ਖਿੜਦਾ ਹੈ)।1।

ਮਃ ੩ ॥ ਬਾਬੀਹਾ ਜਲ ਮਹਿ ਤੇਰਾ ਵਾਸੁ ਹੈ ਜਲ ਹੀ ਮਾਹਿ ਫਿਰਾਹਿ ॥ ਜਲ ਕੀ ਸਾਰ ਨ ਜਾਣਹੀ ਤਾਂ ਤੂੰ ਕੂਕਣ ਪਾਹਿ ॥ ਜਲ ਥਲ ਚਹੁ ਦਿਸਿ ਵਰਸਦਾ ਖਾਲੀ ਕੋ ਥਾਉ ਨਾਹਿ ॥ ਏਤੈ ਜਲਿ ਵਰਸਦੈਤਿਖ ਮਰਹਿ ਭਾਗ ਤਿਨਾ ਕੇ ਨਾਹਿ ॥ ਨਾਨਕ ਗੁਰਮੁਖਿ ਤਿਨ ਸੋਝੀ ਪਈ ਜਿਨ ਵਸਿਆ ਮਨ ਮਾਹਿ ॥੨॥ {ਪੰਨਾ 1282}

ਪਦ ਅਰਥ:- ਕੂਕਣ ਪਾਹਿ—ਤੂੰ ਵਿਲਕ ਰਿਹਾ ਹੈਂ। ਚਹੁ ਦਿਸਿ—ਚਹੁ ਪਾਸੀਂ। ਫਿਰਾਇ—ਤੂੰ ਫਿਰਦਾ ਹੈਂ। ਸਾਰ—ਕਦਰ। ਨ ਜਾਣਹੀ—ਨ ਜਾਣਹਿ, ਤੂੰ ਨਹੀਂ ਜਾਣਦਾ। ਏਤੈ ਜਲਿ ਵਰਸਦੈ—ਇਤਨਾ ਪਾਣੀ ਵਰ੍ਹਦਿਆਂ। ਤ੍ਰਿਖ—ਤ੍ਰਿਹ ਨਾਲ।

ਅਰਥ:- ਹੇ ਪਪੀਹੇ! ਪਾਣੀ ਵਿਚ ਤੂੰ ਵੱਸਦਾ ਹੈਂ, ਪਾਣੀ ਵਿਚ ਹੀ ਤੂੰ ਤੁਰਦਾ ਫਿਰਦਾ ਹੈਂ (ਭਾਵ, ਹੇ ਜੀਵ! ਸਰਬ ਵਿਆਪਕ ਹਰੀ ਵਿਚ ਹੀ ਤੂੰ ਜੀਉਂਦਾ ਵੱਸਦਾ ਹੈ, ਪਰ ਉਸ ਪਾਣੀ ਦੀ ਤੈਨੂੰ ਕਦਰ ਨਹੀਂ, ਇਸ ਵਾਸਤੇ ਤੂੰ ਵਿਲਕ ਰਿਹਾ ਹੈਂ। ਚਹੁੰ ਪਾਸੀਂ ਹੀ ਜਲਾਂ ਵਿਚ ਥਲਾਂ ਵਿਚ ਵਰਖਾ ਹੋ ਰਹੀ ਹੈ ਕੋਈ ਥਾਂ ਐਸਾ ਨਹੀਂ ਜਿਥੇ ਵਰਖਾ ਨਹੀਂ ਹੁੰਦੀ; ਇਤਨੀ ਵਰਖਾ ਹੁੰਦਿਆਂ ਜੋ ਤਿਹਾਏ ਮਰ ਰਹੇ ਹਨ ਉਹਨਾਂ ਦੇ (ਚੰਗੇ) ਭਾਗ ਨਹੀਂ ਹਨ।

ਹੇ ਨਾਨਕ! ਗੁਰੂ ਦੀ ਰਾਹੀਂ ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਆ ਵੱਸਦਾ ਹੈ ਉਹਨਾਂ ਨੂੰ ਇਹ ਸੂਝ ਆਉਂਦੀ ਹੈ (ਕਿ ਪ੍ਰਭੂ ਹਰ ਥਾਂ ਵੱਸਦਾ ਹੈ)।2।

ਪਉੜੀ ॥ ਨਾਥ ਜਤੀ ਸਿਧ ਪੀਰ ਕਿਨੈ ਅੰਤੁ ਨ ਪਾਇਆ ॥ ਗੁਰਮੁਖਿ ਨਾਮੁ ਧਿਆਇ ਤੁਝੈ ਸਮਾਇਆ ॥ ਜੁਗ ਛਤੀਹ ਗੁਬਾਰੁ ਤਿਸ ਹੀ ਭਾਇਆ ॥ ਜਲਾ ਬਿੰਬੁ ਅਸਰਾਲੁ ਤਿਨੈ ਵਰਤਾਇਆ ॥ ਨੀਲੁ ਅਨੀਲੁ ਅਗੰਮੁ ਸਰਜੀਤੁ ਸਬਾਇਆ ॥ ਅਗਨਿ ਉਪਾਈ ਵਾਦੁ ਭੁਖ ਤਿਹਾਇਆ ॥ ਦੁਨੀਆ ਕੈ ਸਿਰਿ ਕਾਲੁ ਦੂਜਾ ਭਾਇਆ ॥ ਰਖੈ ਰਖਣਹਾਰੁ ਜਿਨਿ ਸਬਦੁ ਬੁਝਾਇਆ ॥ ੯॥ {ਪੰਨਾ 1282}

ਪਦ ਅਰਥ:- ਸਿਧ—ਸਾਧਨਾਂ ਵਿਚ ਪੁੱਗੇ ਹੋਏ ਜੋਗੀ। ਜੁਗ ਛਤੀਹ—(ਭਾਵ,) ਅਨੇਕਾਂ ਜੁਗ। ਗੁਬਾਰੁ—ਹਨੇਰਾ। ਬਿੰਬੁ—ਜਲ। ਅਸਰਾਲੁ—ਭਿਆਨਕ। ਨੀਲੁ ਅਨੀਲੁ—(ਭਾਵ,) ਬੇਅੰਤ। ਸਰਜੀਤੁ—ਸਦਾ ਜੀਉਂਦੇ ਰਹਿਣ ਵਾਲਾ। ਜਿਨਿ—ਜਿਸ (ਪ੍ਰਭੂ) ਨੇ। ਸਿਰਿ—ਸਿਰ ਉੱਤੇ। ਭਾਇਆ—ਚੰਗਾ ਲੱਗਾ। ਤਿਸ ਹੀ—(ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫਜ਼ 'ਤਿਸੁ' ਦਾ ੁ ਉੱਡ ਗਿਆ ਹੈ) ਉਸ (ਪ੍ਰਭੂ) ਨੂੰ ਹੀ। ਵਾਦੁ —ਝਗੜਾ।

ਅਰਥ:- (ਹੇ ਪ੍ਰਭੂ!) ਨਾਥ, ਜਤੀ, ਪੁੱਗੇ ਹੋਏ ਜੋਗੀ, ਪੀਰ (ਕਈ ਹੋ ਗੁਜ਼ਰੇ ਹਨ, ਪਰ,) ਕਿਸੇ ਨੇ ਤੇਰਾ ਅੰਤ ਨਹੀਂ ਪਾਇਆ (ਭਾਵ, ਤੂੰ ਕਿਹੋ ਜਿਹਾ ਹੈਂ ਕਦੋਂ ਤੋਂ ਹੈਂ, ਕੇਡਾ ਹੈਂ—ਇਹ ਗੱਲ ਕੋਈ ਨਹੀਂ ਦੱਸ ਸਕਿਆ, ਕਈ ਜਤਨ ਕਰ ਚੁਕੇ)। ਗੁਰੂ ਦੀ ਸਿੱਖਿਆ ਉਤੇ ਤੁਰਨ ਵਾਲੇ ਮਨੁੱਖ (ਅਜੇਹੇ ਨਿਸਫਲ ਉੱਦਮ ਛੱਡ ਕੇ, ਕੇਵਲ ਤੇਰਾ) ਨਾਮ ਸਿਮਰ ਕੇ ਤੇਰੇ (ਚਰਨਾਂ ਵਿਚ) ਲੀਨ ਰਹਿੰਦੇ ਹਨ।

(ਹੇ ਭਾਈ!) ਇਹ ਗੱਲ ਉਸ ਪ੍ਰਭੂ ਨੂੰ ਇਉਂ ਹੀ ਚੰਗੀ ਲੱਗੀ ਹੈ ਕਿ ਅਨੇਕਾਂ ਜੁਗ ਹਨੇਰਾ ਹੀ ਹਨੇਰਾ ਸੀ (ਭਾਵ, ਇਹ ਕਿਹਾ ਨਹੀਂ ਜਾ ਸਕਦਾ ਕਿ ਜਦੋਂ ਜਗਤ-ਰਚਨਾ ਨਹੀਂ ਸੀ ਹੋਈ ਤਦੋਂ ਕੀਹ ਸੀ); ਫਿਰ ਭਿਆਨਕ ਜਲ ਹੀ ਜਲ—

ਇਹ ਖੇਡ ਭੀ ਉਸੇ ਨੇ ਵਰਤਾਈ; ਤੇ, ਉਹ ਸਦਾ ਜੀਉਂਦਾ ਰਹਿਣ ਵਾਲਾ ਪ੍ਰਭੂ ਆਪ ਬੇਅੰਤ ਹੀ ਬੇਅੰਤ ਅਤੇ ਪਹੁੰਚ ਤੋਂ ਪਰੇ!

(ਹੇ ਭਾਈ!) (ਜਦੋਂ ਉਸ ਨੇ ਜਗਤ-ਰਚਨਾ ਕਰ ਦਿੱਤੀ, ਤਦੋਂ) ਤ੍ਰਿਸ਼ਨਾ ਦੀ ਅੱਗ, ਵਾਦ-ਵਿਵਾਦ ਤੇ ਭੁੱਖ ਤ੍ਰਿਹ ਭੀ ਉਸ ਨੇ ਆਪ ਹੀ ਪੈਦਾ ਕਰ ਦਿੱਤੇ। ਦੁਨੀਆ (ਭਾਵ, ਜੀਵਾਂ) ਦੇ ਸਿਰ ਉਤੇ ਮੌਤ (ਦਾ ਡਰ ਭੀ ਉਸੇ ਨੇ ਪੈਦਾ ਕੀਤਾ ਹੈ; ਕਿਉਂਕਿ ਇਹਨਾਂ ਨੂੰ) ਇਹ ਦੂਜਾ (ਭਾਵ, ਪ੍ਰਭੂ ਨੂੰ ਛੱਡ ਕੇ ਇਹ ਦਿੱਸਦਾ ਜਗਤ) ਪਿਆਰਾ ਲੱਗ ਰਿਹਾ ਹੈ। ਪਰ, ਰੱਖਣ ਦੇ ਸਮਰੱਥ ਪ੍ਰਭੂ ਜਿਸ ਨੇ (ਗੁਰੂ ਦੀ ਰਾਹੀਂ) ਸ਼ਬਦ ਦੀ ਸੂਝ ਬਖ਼ਸ਼ੀ ਹੈ (ਇਹਨਾਂ ਅਗਨਿ, ਵਾਦ, ਭੁਖ, ਤ੍ਰਿਹ ਤੇ ਕਾਲ ਆਦਿਕ ਤੋਂ) ਰੱਖਦਾ ਭੀ ਆਪ ਹੀ ਹੈ।੧।

ਸਲੋਕ ਮਃ ੩ ॥ ਇਹੁ ਜਲੁ ਸਭ ਤੈ ਵਰਸਦਾ ਵਰਸੈ ਭਾਇ ਸੁਭਾਇ ॥ ਸੇ ਬਿਰਖਾ ਹਰੀਆਵਲੇ ਜੋ ਗੁਰਮੁਖਿ ਰਹੇ ਸਮਾਇ ॥ ਨਾਨਕ ਨਦਰੀ ਸੁਖੁ ਹੋਇ ਏਨਾ ਜੰਤਾ ਕਾ ਦੁਖੁ ਜਾਇ ॥੧॥ {ਪੰਨਾ 1282}

ਪਦ ਅਰਥ:- ਸਭਤੈ—ਹਰ ਥਾਂ। ਭਾਇ—ਪ੍ਰੇਮ ਨਾਲ। (ਭਾਉ—ਪ੍ਰੇਮ)। ਸੁਆਇ—ਸੁਭਾਉ ਅਨੁਸਾਰ, ਰਜ਼ਾ ਅਨੁਸਾਰ। ਵਰਸੈ—ਵਰ੍ਹਦਾ ਹੈ। ਸੇ—ਉਹੀ। ਨਦਰਿ—ਪਰਮਾਤਮਾ ਦੀ ਮਿਹਰ ਦੀ ਨਿਗਾਹ ਨਾਲ।

ਅਰਥ:- (ਪ੍ਰਭੂ ਦਾ ਨਾਮ-ਰੂਪ) ਇਹ ਜਲ (ਭਾਵ, ਮੀਂਹ) ਹਰ ਥਾਂ ਵੱਸ ਰਿਹਾ ਹੈ ਤੇ ਵਰ੍ਹਦਾ ਭੀ ਹੈ ਪ੍ਰੇਮ ਨਾਲ ਤੇ ਆਪਣੀ ਮੌਜ ਨਾਲ (ਭਾਵ, ਕਿਸੇ ਵਿਤਕਰੇ ਨਾਲ ਨਹੀਂ), ਪਰ, ਕੇਵਲ ਉਹੀ (ਜੀਵ-ਰੂਪ) ਰੁੱਖ ਹਰੇ ਹੁੰਦੇ ਹਨ ਜੋ ਗੁਰੂ ਦੇ ਸਨਮੁਖ ਹੋ ਕੇ (ਇਸ 'ਨਾਮ' ਵਰਖਾ ਵਿਚ) ਲੀਨ ਰਹਿੰਦੇ ਹਨ।

ਹੇ ਨਾਨਕ! ਪ੍ਰਭੂ ਦੀ ਮਿਹਰ ਦੀ ਨਜ਼ਰ ਨਾਲ ਸੁਖ ਪੈਦਾ ਹੁੰਦਾ ਹੈ ਤੇ ਇਹਨਾਂ ਜੀਵਾਂ ਦਾ ਦੁੱਖ ਦੂਰ ਹੁੰਦਾ ਹੈ।1।

ਮਃ ੩ ॥ ਭਿੰਨੀ ਰੈਣਿ ਚਮਕਿਆ ਵੁਠਾ ਛਹਬਰ ਲਾਇ ॥ ਜਿਤੁ ਵੁਠੈ ਅਨੁ ਧਨੁ ਬਹੁਤੁ ਊਪਜੈ ਜਾਂ ਸਹੁ ਕਰੇ ਰਜਾਇ ॥ ਜਿਤੁ ਖਾਧੈ ਮਨੁ ਤ੍ਰਿਪਤੀਐ ਜੀਆਂ ਜੁਗਤਿ ਸਮਾਇ ॥ ਇਹੁ ਧਨੁ ਕਰਤੇ ਕਾ ਖੇਲੁ ਹੈ ਕਦੇ ਆਵੈ ਕਦੇ ਜਾਇ ॥ ਗਿਆਨੀਆ ਕਾ ਧਨੁ ਨਾਮੁ ਹੈ ਸਦ ਹੀ ਰਹੈ ਸਮਾਇ ॥ ਨਾਨਕ ਜਿਨ ਕਉ ਨਦਰਿ ਕਰੇ ਤਾਂ ਇਹੁ ਧਨੁ ਪਲੈ ਪਾਇ ॥੨॥ {ਪੰਨਾ 1282}

ਪਦ ਅਰਥ:- ਭਿੰਨੀ—ਭਿੱਜੀ ਹੋਈ। ਭਿੰਨੀ ਰੈਣਿ—ਸੁਹਾਵਣੀ ਰਾਤ ਵੇਲੇ। ਕਰੇ ਰਜਾਇ—ਮਰਜ਼ੀ ਵਰਤਦਾ ਹੈ, ਪ੍ਰਭੂ ਨੂੰ ਭਾਉਂਦਾ ਹੈ। ਜੁਗਤਿ—ਜੀਊਣ-ਜੁਗਤਿ। ਸਮਾਇ—ਆ ਵੱਸਦੀ ਹੈ। ਖੇਲੁ—ਤਮਾਸ਼ਾ। ਪਲੈ ਪਾਇ—ਦੇਂਦਾ ਹੈ, ਬਖ਼ਸ਼ਦਾ ਹੈ। ਵੁਠਾ—ਵੱਸਿਆ। ਛਹਬਰ—ਝੜੀ। ਜਿਤੁ—ਜਿਸ ਦੀ ਰਾਹੀਂ। ਜਿਤੁ ਵੁਠੈ—ਜਿਸ ਦੇ ਵਰ੍ਹਨ ਨਾਲ। ਗਿਆਨ—ਪਰਮਾਤਮਾ ਨਾਲ ਡੂੰਘੀ ਸਾਂਝ ਰੱਖਣ ਵਾਲਾ ਮਨੁੱਖ।

ਅਰਥ:- ਜਦੋਂ ਪ੍ਰਭੂ ਨੂੰ ਭਾਉਂਦਾ ਹੈ (ਤਦੋਂ) ਸੁਹਾਵਣੀ ਰਾਤੇ (ਬੱਦਲ) ਚਮਕਦਾ ਹੈ ਤੇ ਝੜੀ ਲਾ ਕੇ ਵਰ੍ਹਦਾ ਹੈ, ਇਸ ਦੇ ਵੱਸਣ ਨਾਲ ਬੜਾ ਅੰਨ (-ਰੂਪ) ਧਨ ਪੈਦਾ ਹੁੰਦਾ ਹੈ। ਇਸ ਧਨ ਦੇ ਵਰਤਣ ਨਾਲ ਮਨ ਰੱਜਦਾ ਹੈ ਤੇ ਜੀਵਾਂ ਵਿਚ ਜੀਊਣ ਦੀ ਜੁਗਤੀ ਆਉਂਦੀ ਹੈ (ਭਾਵ, ਅੰਨ ਖਾਧਿਆਂ ਜੀਵ ਜੀਉਂਦੇ ਹਨ)। ਪਰ, ਇਹ (ਅੰਨ-ਰੂਪ) ਧਨ ਤਾਂ ਕਰਤਾਰ ਦਾ ਇਕ ਤਮਾਸ਼ਾ ਹੈ ਜੋ ਕਦੇ ਪੈਦਾ ਹੁੰਦਾ ਹੈ ਕਦੇ ਨਾਸ ਹੋ ਜਾਂਦਾ ਹੈ। ਪਰਮਾਤਮਾ ਨਾਲ ਡੂੰਘੀ ਸਾਂਝ ਰੱਖਣ ਵਾਲੇ ਬੰਦਿਆਂ ਲਈ ਪ੍ਰਭੂ ਦਾ ਨਾਮ ਹੀ ਧਨ ਹੈ ਜੋ ਸਦਾ ਟਿਕਿਆ ਰਹਿੰਦਾ ਹੈ।

ਹੇ ਨਾਨਕ! ਜਿਨ੍ਹਾਂ ਉਤੇ ਪ੍ਰਭੂ ਮਿਹਰ ਦੀ ਨਜ਼ਰ ਕਰਦਾ ਹੈ ਉਹਨਾਂ ਨੂੰ ਇਹ ਧਨ ਬਖ਼ਸ਼ਦਾ ਹੈ।2।

ਪਉੜੀ ॥ ਆਪਿ ਕਰਾਏ ਕਰੇ ਆਪਿ ਹਉ ਕੈ ਸਿਉ ਕਰੀ ਪੁਕਾਰ ॥ ਆਪੇ ਲੇਖਾ ਮੰਗਸੀ ਆਪਿ ਕਰਾਏ ਕਾਰ ॥ ਜੋ ਤਿਸੁ ਭਾਵੈ ਸੋ ਥੀਐ ਹੁਕਮੁ ਕਰੇ ਗਾਵਾਰੁ ॥ ਆਪਿ ਛਡਾਏ ਛੁਟੀਐ ਆਪੇ ਬਖਸਣਹਾਰੁ ॥ ਆਪੇ ਵੇਖੈ ਸੁਣੇ ਆਪਿ ਸਭਸੈ ਦੇ ਆਧਾਰੁ ॥ ਸਭ ਮਹਿ ਏਕੁ ਵਰਤਦਾ ਸਿਰਿ ਸਿਰਿ

ਕਰੇ ਬੀਚਾਰੁ ॥ ਗੁਰਮੁਖਿ ਆਪੁ ਵੀਚਾਰੀਐ ਲਗੈ ਸਚਿ ਪਿਆਰੁ ॥ ਨਾਨਕ ਕਿਸ ਨੋ ਆਖੀਐ ਆਪੇ ਦੇਵਣਹਾਰੁ ॥੧੦॥ {ਪੰਨਾ 1282}

ਪਦ ਅਰਥ:- ਗਾਵਾਰੁ—ਮੂਰਖ। ਸਭਸੈ—ਸਭਨਾਂ ਨੂੰ। ਸਿਰਿ ਸਿਰਿ—ਹਰੇਕ ਦੇ ਸਿਰ ਉਤੇ। (ਨੋਟ—ਲਫ਼ਜ਼ 'ਆਪਿ' ਤੇ 'ਆਪੁ' ਦਾ ਫ਼ਰਕ ਸਮਝਣ-ਜੋਗ ਹੈ। ਆਪੁ—ਆਪਣੇ ਆਪ ਨੂੰ)। ਹਉ—ਮੈਂ। ਕੈ ਸਿਉ—ਕਿਸ ਦੇ ਪਾਸ? ਪੁਕਾਰ—ਫ਼ਰੀਆਦ। ਥੀਐ—ਹੁੰਦਾ ਹੈ। ਭਾਵੈ—ਚੰਗਾ ਲੱਗਦਾ ਹੈ। ਆਪੇ—ਆਪ ਹੀ। ਆਧਾਰੁ—ਆਸਰਾ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਕਿਸ ਨੋ—(ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਕਿਸੁ' ਦਾ ੁ ਉੱਡ ਗਿਆ ਹੈ)। ਸਚਿ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ।

ਅਰਥ:- ਪ੍ਰਭੂ (ਸਭ ਕੁਝ) ਆਪ ਹੀ ਕਰ ਰਿਹਾ ਹੈ ਤੇ (ਜੀਵਾਂ ਪਾਸੋਂ) ਆਪ ਹੀ ਕਰਾ ਰਿਹਾ ਹੈ (ਸੋ, ਇਸ ਅਗਨਿ, ਵਾਦੁ, ਭੁੱਖ, ਤ੍ਰੇਹ, ਕਾਲ ਆਦਿਕ ਬਾਰੇ) ਕਿਸੇ ਹੋਰ ਪਾਸ ਫ਼ਰਿਆਦ ਨਹੀਂ ਕੀਤੀ ਜਾ ਸਕਦੀ। (ਜੀਵਾਂ ਪਾਸੋਂ) ਆਪ ਹੀ (ਭੁੱਖ ਤ੍ਰਿਹ ਆਦਿਕ ਵਾਲੇ) ਕੰਮ ਕਰਾ ਰਿਹਾ ਹੈ ਤੇ (ਇਹਨਾਂ ਕੀਤੇ ਕੰਮਾਂ ਦਾ) ਲੇਖਾ ਭੀ ਆਪ ਹੀ ਮੰਗਦਾ ਹੈ। ਮੂਰਖ ਜੀਵ (ਐਵੇਂ ਹੀ) ਹੈਂਕੜ ਵਿਖਾਂਦਾ ਹੈ (ਅਸਲ ਵਿਚ) ਉਹੀ ਕੁਝ ਹੁੰਦਾ ਹੈ ਜੋ ਉਸ ਪ੍ਰਭੂ ਨੂੰ ਚੰਗਾ ਲੱਗਦਾ ਹੈ। (ਇਹਨਾਂ ਅਗਨਿ ਭੁੱਖ ਆਦਿਕਾਂ ਤੋਂ) ਜੇ ਪ੍ਰਭੂ ਆਪ ਹੀ ਬਚਾਏ ਤਾਂ ਬਚੀਦਾ ਹੈ, ਇਹ ਬਖ਼ਸ਼ਸ਼ ਉਹ ਆਪ ਹੀ ਕਰਨ ਵਾਲਾ ਹੈ। ਜੀਵਾਂ ਦੀ ਸੰਭਾਲ ਪ੍ਰਭੂ ਆਪ ਹੀ ਕਰਦਾ ਹੈ, ਆਪ ਹੀ (ਜੀਵਾਂ ਦੀਆਂ ਅਰਦਾਸਾਂ) ਸੁਣਦਾ ਹੈ ਤੇ ਹਰੇਕ ਜੀਵ ਨੂੰ ਆਸਰਾ ਦੇਂਦਾ ਹੈ। ਸਭ ਜੀਵਾਂ ਵਿਚ ਪ੍ਰਭੂ ਆਪ ਹੀ ਮੌਜੂਦ ਹੈ ਤੇ ਹਰੇਕ ਜੀਵ ਦਾ ਧਿਆਨ ਰੱਖਦਾ ਹੈ।

ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਹ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਤੇ ਉਸ ਦਾ ਪਿਆਰ (ਇਹਨਾਂ ਭੁੱਖ ਤ੍ਰਿਹ ਆਦਿਕ ਵਾਲੇ ਪਦਾਰਥਾਂ ਦੇ ਥਾਂ) ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਬਣਦਾ ਹੈ। ਪਰ, ਹੇ ਨਾਨਕ! ਇਹ ਦਾਤਿ ਉਹ ਆਪ ਹੀ ਦੇਂਦਾ ਹੈ, ਕਿਸੇ ਹੋਰ ਅੱਗੇ ਕੁਝ ਕਿਹਾ ਨਹੀਂ ਜਾ ਸਕਦਾ।10।

ਸਲੋਕ ਮਃ ੩ ॥ ਬਾਬੀਹਾ ਏਹੁ ਜਗਤੁ ਹੈ ਮਤ ਕੋ ਭਰਮਿ ਭੁਲਾਇ ॥ ਇਹੁ ਬਾਬੀਂਹਾ ਪਸੂ ਹੈ ਇਸ ਨੋ ਬੂਝਣੁ ਨਾਹਿ ॥ ਅੰਮ੍ਰਿਤੁ ਹਰਿ ਕਾ ਨਾਮੁ ਹੈ ਜਿਤੁ ਪੀਤੈ ਤਿਖ ਜਾਇ ॥ ਨਾਨਕ ਗੁਰਮੁਖਿ ਜਿਨ੍ਹ ਪੀਆ ਤਿਨ੍ਹ ਬਹੁੜਿ ਨ ਲਾਗੀ ਆਇ ॥੧॥ {ਪੰਨਾ 1283}

ਪਦ ਅਰਥ:- ਬੂਝਣੁ—ਸਮਝ। ਜਿਤੁ ਪੀਤੈ—ਜਿਸ ਦੇ ਪੀਤਿਆਂ। ਭਰਮਿ—ਭੁਲੇਖੇ ਵਿਚ, ਭਟਕਣਾ ਵਿਚ। ਭੁਲਾਇ—ਖੁੰਝ ਜਾਏ। ਇਸ ਨੋ—(ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਇਸੁ' ਦਾ ੁ ਉੱਡ ਗਿਆ ਹੈ)। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ। ਤਿਖ—ਤ੍ਰਿਹ। ਜਿਤੁ ਪੀਤੈ—ਜਿਸ ਨੂੰ ਪੀਤਿਆਂ। ਜਿਨ੍ਹ—ਜਿਨ੍ਹਾਂ ਨੇ। ਗੁਰਮੁਖਿ—ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ।

ਅਰਥ:- (ਲਫ਼ਜ਼ ਪਪੀਹਾ ਸੁਣ ਕੇ) ਮਤਾਂ ਕੋਈ ਭੁਲੇਖਾ ਖਾ ਜਾਏ, ਪਪੀਹਾ ਇਹ ਜਗਤ ਹੈ, ਇਹ ਪਪੀਹਾ (-ਜੀਵ) ਪਸ਼ੂ (-ਸੁਭਾਉ) ਹੈ, ਇਸ ਨੂੰ ਇਹ ਸਮਝ ਨਹੀਂ (ਕਿ) ਪਰਮਾਤਮਾ ਦਾ ਨਾਮ (ਐਸਾ) ਅੰਮ੍ਰਿਤ ਹੈ ਜਿਸ ਨੂੰ ਪੀਤਿਆਂ (ਮਾਇਆ ਦੀ) ਤ੍ਰਿਹ ਮਿਟ ਜਾਂਦੀ ਹੈ।

ਹੇ ਨਾਨਕ! ਜਿਨ੍ਹਾਂ ਬੰਦਿਆਂ ਨੇ ਗੁਰੂ ਦੇ ਸਨਮੁਖ ਹੋ ਕੇ (ਨਾਮ-ਅੰਮ੍ਰਿਤ) ਪੀਤਾ ਹੈ ਉਹਨਾਂ ਨੂੰ ਮੁੜ ਕੇ (ਮਾਇਆ ਦੀ) ਤ੍ਰੇਹ ਨਹੀਂ ਲੱਗਦੀ।1।

ਮਃ ੩ ॥ ਮਲਾਰੁ ਸੀਤਲ ਰਾਗੁ ਹੈ ਹਰਿ ਧਿਆਇਐ ਸਾਂਤਿ ਹੋਇ ॥ ਹਰਿ ਜੀਉ ਅਪਣੀ ਕ੍ਰਿਪਾ ਕਰੇ ਤਾਂ ਵਰਤੈ ਸਭ ਲੋਇ ॥ ਵੁਠੈ ਜੀਆ ਜੁਗਤਿ ਹੋਇ ਧਰਣੀ ਨੋ ਸੀਗਾਰੁ ਹੋਇ ॥ ਨਾਨਕ ਇਹੁ ਜਗਤੁ ਸਭੁ ਜਲੁ ਹੈ ਜਲ ਹੀ ਤੇ ਸਭ ਕੋਇ ॥ ਗੁਰ ਪਰਸਾਦੀ ਕੋ ਵਿਰਲਾ ਬੂਝੈ ਸੋ ਜਨੁ ਮੁਕਤੁ ਸਦਾ ਹੋਇ ॥੨॥ {ਪੰਨਾ 1283}

ਪਦ ਅਰਥ:- ਲੋਇ—ਲੋਕਿ, ਜਗਤ ਵਿਚ। ਵੂਠੈ—ਮੀਂਹ ਪਿਆਂ। ਜੁਗਤਿ—ਜੀਵਨ-ਜੁਗਤੀ। ਧਰਣੀ—ਧਰਤੀ। ਸੀਗਾਰੁ—ਸੁਹੱਪਣ। ਜਲੁ—(ਭਾਵ,) ਜ਼ਿੰਦਗੀ ਦਾ ਮੂਲ, ਪ੍ਰਭੂ। ਸਭੁ ਕੋਇ—ਹਰੇਕ ਜੀਵ। ਪਰਸਾਦੀ—ਪਰਸਾਦਿ, ਕਿਰਪਾ ਨਾਲ। ਮੁਕਤੁ—(ਮਾਇਆ ਦੇ ਮੋਹ ਤੋਂ) ਆਜ਼ਾਦ।

ਅਰਥ:- (ਭਾਵੇਂ) 'ਮਲਾਰ' ਠੰਢਾ ਰਾਗ ਹੈ (ਭਾਵ, ਠੰਢ ਪਾਣ ਵਾਲਾ ਹੈ), ਪਰ (ਅਸਲ) ਸ਼ਾਂਤੀ ਤਾਂ ਹੀ ਹੁੰਦੀ ਹੈ ਜੇ (ਇਸ ਰਾਗ ਦੀ ਰਾਹੀਂ) ਪ੍ਰਭੂ ਦੀ ਸਿਫ਼ਤਿ-ਸਾਲਾਹ ਕਰੀਏ। ਜੇ ਪ੍ਰਭੂ ਆਪਣੀ ਦਇਆ ਕਰੇ ਤਾਂ (ਇਹ ਸ਼ਾਂਤੀ) ਸਾਰੇ ਜਗਤ ਵਿਚ (ਇਉਂ) ਵਰਤੇ, ਜਿਵੇਂ ਮੀਂਹ ਪਿਆਂ ਜੀਵਾਂ ਵਿਚ ਜੀਵਨ-ਜੁਗਤੀ (ਭਾਵ, ਸੱਤਿਆ) ਆਉਂਦੀ ਹੈ ਅਤੇ ਧਰਤੀ ਨੂੰ ਹੀ ਹਰਿਆਵਲ ਰੂਪ ਸੁਹੱਪਣ ਮਿਲ ਜਾਂਦਾ ਹੈ।

ਹੇ ਨਾਨਕ! (ਅਸਲ ਵਿਚ) ਇਹ ਜਗਤ ਪਰਮਾਤਮਾ ਦਾ ਰੂਪ ਹੈ (ਕਿਉਂਕਿ) ਹਰੇਕ ਜੀਵ ਪਰਮਾਤਮਾ ਤੋਂ ਹੀ ਪੈਦਾ ਹੁੰਦਾ ਹੈ; ਪਰ ਕੋਈ ਵਿਰਲਾ ਬੰਦਾ (ਇਹ ਗੱਲ) ਗੁਰੂ ਦੀ ਮਿਹਰ ਨਾਲ ਸਮਝਦਾ ਹੈ (ਤੇ ਜੋ ਸਮਝ ਲੈਂਦਾ ਹੈ) ਉਹ ਮਨੁੱਖ ਵਿਕਾਰਾਂ ਤੋਂ ਰਹਿਤ ਹੋ ਜਾਂਦਾ ਹੈ।2।

ਪਉੜੀ ॥ ਸਚਾ ਵੇਪਰਵਾਹੁ ਇਕੋ ਤੂ ਧਣੀ ॥ ਤੂ ਸਭੁ ਕਿਛੁ ਆਪੇ ਆਪਿ ਦੂਜੇ ਕਿਸੁ ਗਣੀ ॥ ਮਾਣਸ ਕੂੜਾ ਗਰਬੁ ਸਚੀ ਤੁਧੁ ਮਣੀ ॥ ਆਵਾ ਗਉਣੁ ਰਚਾਇ ਉਪਾਈ ਮੇਦਨੀ ॥ ਸਤਿਗੁਰੁ ਸੇਵੇ ਆਪਣਾ ਆਇਆ ਤਿਸੁ ਗਣੀ ॥ ਜੇ ਹਉਮੈ ਵਿਚਹੁ ਜਾਇ ਤ ਕੇਹੀ ਗਣਤ ਗਣੀ ॥ ਮਨਮੁਖ ਮੋਹਿ ਗੁਬਾਰਿ ਜਿਉ ਭੁਲਾ ਮੰਝਿ ਵਣੀ ॥ ਕਟੇ ਪਾਪ ਅਸੰਖ ਨਾਵੈ ਇਕ ਕਣੀ ॥੧੧॥ {ਪੰਨਾ 1283}

ਪਦ ਅਰਥ:- ਮਣੀ—ਵਡਿਆਈ। ਵਣੀ—ਵਣਾਂ ਵਿਚ। ਧਣੀ—ਮਾਲਕ। ਗਣੀ—ਗਣੀਂ, ਮੈਂ ਗਿਣਾਂ। ਗਰਬੁ—ਅਹੰਕਾਰ। ਕੂੜਾ—ਵਿਅਰਥ। ਸਚੀ—ਸਦਾ ਕਾਇਮ ਰਹਿਣ ਵਾਲੀ। ਮੇਦਨੀ—ਧਰਤੀ, ਸ੍ਰਿਸ਼ਟੀ। ਆਵਾਗਉਣ—ਜਨਮ ਮਰਨ। ਗਣੀ—ਮੈਂ ਗਿਣਦਾ ਹਾਂ। ਮੋਹਿ—ਮੋਹ ਵਿਚ। ਗੁਬਾਰਿ—ਹਨੇਰੇ ਵਿਚ। ਅਸੰਖ—ਅਣਗਿਣਤ।

ਅਰਥ:- ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਵੇਪਰਵਾਹ (ਬੇ-ਮੁਥਾਜ) ਮਾਲਕ ਹੈਂ; ਤੂੰ ਆਪ ਹੀ ਸਭ ਕੁਝ (ਕਰਨ ਕਰਾਨ ਜੋਗਾ) ਹੈਂ, ਕੇਹੜੇ ਦੂਜੇ ਨੂੰ ਮੈਂ ਤੇਰੇ ਵਰਗਾ ਮਿਥਾਂ? (ਦੁਨੀਆ ਦੀ ਕਿਸੇ ਵਡਿਆਈ ਨੂੰ ਪ੍ਰਾਪਤ ਕਰ ਕੇ) ਮਨੁੱਖ ਦਾ (ਕੋਈ) ਅਹੰਕਾਰ ਕਰਨਾ ਵਿਅਰਥ ਹੈ ਤੇਰੀ ਵਡਿਆਈ ਹੀ ਸਦਾ ਕਾਇਮ ਰਹਿਣ ਵਾਲੀ ਹੈ; ਤੂੰ ਹੀ 'ਜਨਮ ਮਰਨ' (ਦੀ ਮਰਯਾਦਾ) ਬਣਾ ਕੇ ਸ੍ਰਿਸ਼ਟੀ ਪੈਦਾ ਕੀਤੀ ਹੈ।

ਜਿਹੜਾ ਮਨੁੱਖ ਆਪਣੇ ਗੁਰੂ ਦੇ ਕਹੇ ਉਤੇ ਤੁਰਦਾ ਹੈ ਉਸ ਦਾ (ਜਗਤ ਵਿਚ) ਆਉਣਾ ਸਫਲ ਹੈ। ਜੇ ਮਨੁੱਖ ਦੇ ਅੰਦਰੋਂ ਹਉਮੈ ਦੂਰ ਹੋ ਜਾਏ ਤਾਂ (ਤ੍ਰਿਸ਼ਨਾ ਆਦਿਕ ਦੇ ਅਧੀਨ ਹੋ ਕੇ) ਤੌਖ਼ਲੇ ਕਰਨ ਦੀ ਲੋੜ ਨਹੀਂ ਰਹਿ ਜਾਂਦੀ।

(ਪਰ) ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮੋਹ-ਰੂਪ ਹਨੇਰੇ ਵਿਚ (ਇਉਂ) ਭਟਕ ਰਿਹਾ ਹੈ, ਜਿਵੇਂ (ਰਾਹੋਂ) ਭੁੱਲਾ ਹੋਇਆ ਮਨੁੱਖ ਜੰਗਲਾਂ ਵਿਚ (ਭਟਕਦਾ ਹੈ)। ਪ੍ਰਭੂ ਆਪਣੇ 'ਨਾਮ' ਦਾ ਇਕ ਕਿਣਕਾ ਦੇ ਕੇ ਬੇਅੰਤ ਪਾਪ ਕੱਟ ਦੇਂਦਾ ਹੈ।11।

ਸਲੋਕ ਮਃ ੩ ॥ ਬਾਬੀਹਾ ਖਸਮੈ ਕਾ ਮਹਲੁ ਨ ਜਾਣਹੀ ਮਹਲੁ ਦੇਖਿ ਅਰਦਾਸਿ ਪਾਇ ॥ ਆਪਣੈ ਭਾਣੈ ਬਹੁਤਾ ਬੋਲਹਿ ਬੋਲਿਆ ਥਾਇ ਨ ਪਾਇ ॥ ਖਸਮੁ ਵਡਾ ਦਾਤਾਰੁ ਹੈ ਜੋ ਇਛੇ ਸੋ ਫਲ ਪਾਇ ॥ ਬਾਬੀਹਾ ਕਿਆ ਬਪੁੜਾ ਜਗਤੈ ਕੀ ਤਿਖ ਜਾਇ ॥੧॥ {ਪੰਨਾ 1283}

ਪਦ ਅਰਥ:- ਨ ਜਾਣਹੀ—ਨ ਜਾਣਹਿ, ਤੂੰ ਨਹੀਂ ਜਾਣਦਾ। ਆਪਣੈ ਭਾਣੈ—ਆਪਣੇ ਮਨ ਦੀ ਮਰਜ਼ੀ ਵਿਚ ਤੁਰ ਕੇ। ਥਾਇ ਨ ਪਾਇ—ਕਬੂਲ ਨਹੀਂ ਹੁੰਦਾ। ਬਪੁੜਾ—ਵਿਚਾਰਾ। ਤਿਖ—ਤ੍ਰੇਹ।

ਅਰਥ:- ਹੇ (ਜੀਵ) ਪਪੀਹੇ! ਤੂੰ ਆਪਣੇ ਮਾਲਕ ਦਾ ਘਰ ਨਹੀਂ ਜਾਣਦਾ (ਤਾਹੀਏਂ ਮਾਇਆ ਦੀ ਤ੍ਰਿਸ਼ਨਾ ਨਾਲ ਆਤੁਰ ਹੋ ਰਿਹਾ ਹੈਂ), (ਮਾਲਕ ਦਾ) ਘਰ ਵੇਖਣ ਲਈ ਅਰਜ਼ੋਈ ਕਰ। (ਜਿਤਨਾ ਚਿਰ) ਤੂੰ ਆਪਣੇ (ਮਨ ਦੀ) ਮਰਜ਼ੀ ਪਿੱਛੇ ਤੁਰ ਕੇ ਬਹੁਤਾ ਬੋਲਦਾ ਹੈਂ, ਇਹ ਬੋਲਣਾ ਪ੍ਰਵਾਨ ਨਹੀਂ ਹੁੰਦਾ। (ਹੇ ਜੀਵ!) ਮਾਲਕ ਬੜੀਆਂ ਬਖ਼ਸ਼ਸ਼ਾਂ ਕਰਨ ਵਾਲਾ ਹੈ (ਉਸ ਦੇ ਦਰ ਤੇ ਪਿਆਂ) ਜੋ ਮੰਗੀਏ ਸੋ ਮਿਲ ਜਾਂਦਾ ਹੈ।

ਇਹ (ਜੀਵ) ਪਪੀਹਾ ਵਿਚਾਰਾ ਕੀਹ ਹੈ? (ਪ੍ਰਭੂ ਦੇ ਦਰ ਤੇ ਅਰਜ਼ੋਈ ਕੀਤਿਆਂ) ਸਾਰੇ ਜਗਤ ਦੀ (ਮਾਇਆ ਦੀ) ਤ੍ਰੇਹ ਮਿਟ ਜਾਂਦੀ ਹੈ।1।

ਮਃ ੩ ॥ ਬਾਬੀਹਾ ਭਿੰਨੀ ਰੈਣਿ ਬੋਲਿਆ ਸਹਜੇ ਸਚਿ ਸੁਭਾਇ ॥ ਇਹੁ ਜਲੁ ਮੇਰਾ ਜੀਉ ਹੈ ਜਲ ਬਿਨੁ ਰਹਣੁ ਨ ਜਾਇ ॥ ਗੁਰ ਸਬਦੀ ਜਲੁ ਪਾਈਐ ਵਿਚਹੁ ਆਪੁ ਗਵਾਇ ॥ ਨਾਨਕ ਜਿਸੁ ਬਿਨੁ ਚਸਾ ਨ ਜੀਵਦੀ ਸੋ ਸਤਿਗੁਰਿ ਦੀਆ ਮਿਲਾਇ ॥੨॥ {ਪੰਨਾ 1283}

ਪਦ ਅਰਥ:- ਭਿੰਨੀ ਰੈਣਿ—(ਤ੍ਰੇਲ-) ਭਿੱਜੀ ਰਾਤ ਵੇਲੇ, ਅੰਮ੍ਰਿਤ ਵੇਲੇ। ਸਹਜੇ—ਅਡੋਲ ਅਵਸਥਾ ਵਿਚ। ਸਚਿ—ਸਦਾ-ਥਿਰ ਪ੍ਰਭੂ ਵਿਚ (ਜੁੜ ਕੇ)। ਸੁਭਾਇ—ਸੁਭਾਵਿਕ ਹੀ, ਜੁੜੇ-ਮਨ ਦੀ ਮੌਜ ਨਾਲ। ਜਲੁ—(ਭਾਵ) ਪ੍ਰਭੂ-ਨਾਮ। ਚਸਾ—(ਭਾਵ) ਪਲਕ ਭਰ ਭੀ। ਜੀਉ—ਜਿੰਦ। ਸਬਦੀ—ਸ਼ਬਦ ਦੀ ਰਾਹੀਂ। ਆਪੁ—ਆਪਾ-ਭਾਵ। ਗਵਾਇ—ਦੂਰ ਕਰ ਕੇ। ਸਤਿਗੁਰਿ—ਗੁਰੂ ਨੇ।

ਅਰਥ:- (ਜਦੋਂ) (ਜੀਵ-) ਪਪੀਹਾ ਅੰਮ੍ਰਿਤ ਵੇਲੇ ਅਡੋਲ ਅਵਸਥਾ ਵਿਚ ਪ੍ਰਭੂ-ਚਰਨਾਂ ਵਿਚ ਜੁੜ ਕੇ (ਜੁੜੇ) ਮਨ ਦੀ ਮੌਜ ਨਾਲ ਅਰਜ਼ੋਈ ਕਰਦਾ ਹੈ ਕਿ ਪ੍ਰਭੂ ਦਾ ਨਾਮ ਮੇਰੀ ਜਿੰਦ ਹੈ, 'ਨਾਮ' ਤੋਂ ਬਿਨਾ ਮੈਂ ਜੀਊ ਨਹੀਂ ਸਕਦਾ, (ਤਾਂ ਇਸ ਤਰ੍ਹਾਂ) ਮਨ ਵਿਚੋਂ ਆਪਾ-ਭਾਵ ਗਵਾ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਨਾਮ-ਅੰਮ੍ਰਿਤ ਮਿਲਦਾ ਹੈ। ਹੇ ਨਾਨਕ! ਜਿਸ ਪ੍ਰਭੂ ਤੋਂ ਬਿਨਾ ਇਕ ਪਲਕ ਭਰ ਭੀ ਜੀਵਿਆ ਨਹੀਂ ਜਾ ਸਕਦਾ, ਸਤਿਗੁਰੂ ਨੇ (ਅਰਜ਼ੋਈ ਕਰਨ ਵਾਲੇ ਨੂੰ) ਉਹ ਪ੍ਰਭੂ ਮਿਲਾ ਦਿੱਤਾ ਹੈ (ਭਾਵ, ਮਿਲਾ ਦੇਂਦਾ ਹੈ)।2।

ਪਉੜੀ ॥ ਖੰਡ ਪਤਾਲ ਅਸੰਖ ਮੈ ਗਣਤ ਨ ਹੋਈ ॥ ਤੂ ਕਰਤਾ ਗੋਵਿੰਦੁ ਤੁਧੁ ਸਿਰਜੀ ਤੁਧੈ ਗੋਈ ॥ ਲਖ ਚਉਰਾਸੀਹ ਮੇਦਨੀ ਤੁਝ ਹੀ ਤੇ ਹੋਈ ॥ ਇਕਿ ਰਾਜੇ ਖਾਨ ਮਲੂਕ ਕਹਹਿ ਕਹਾਵਹਿ ਕੋਈ ॥ ਇਕਿ ਸਾਹ ਸਦਾਵਹਿ ਸੰਚਿ ਧਨੁ ਦੂਜੈ ਪਤਿ ਖੋਈ ॥ ਇਕਿ ਦਾਤੇ ਇਕ ਮੰਗਤੇ ਸਭਨਾ ਸਿਰਿ ਸੋਈ ॥ ਵਿਣੁ ਨਾਵੈ ਬਾਜਾਰੀਆ ਭੀਹਾਵਲਿ ਹੋਈ ॥ ਕੂੜ ਨਿਖੁਟੇ ਨਾਨਕਾ ਸਚੁ ਕਰੇ ਸੁ ਹੋਈ ॥੧੨॥ {ਪੰਨਾ 1283}

ਪਦ ਅਰਥ:- ਖੰਡ—ਹਿੱਸੇ। ਅਸੰਖ—ਬੇਅੰਤ। ਸਿਰਜੀ—ਪੈਦਾ ਕੀਤੀ। ਤੇ—ਤੋਂ। ਇਕਿ—(ਲਫ਼ਜ਼ 'ਇਕ' ਤੋਂ ਬਹੁ-ਵਚਨ) ਕਈ। ਸਦਾਵਹਿ—ਅਖਵਾਂਦੇ ਹਨ। ਦੂਜੈ—ਮਾਇਆ ਦੇ ਮੋਹ ਵਿਚ। ਪਤਿ—ਇੱਜ਼ਤ। ਸਿਰਿ—ਸਿਰ ਉੱਤੇ। ਸਚੁ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ। ਕੂੜ—ਮਾਇਆ ਦੇ ਸੌਦੇ। ਗੋਵਿੰਦੁ—ਧਰਤੀ ਦੀ ਸਾਰ ਲੈਣ ਵਾਲਾ। ਗੋਈ—ਨਾਸ ਕੀਤੀ। ਮੇਦਨੀ—ਧਰਤੀ, ਸ੍ਰਿਸ਼ਟੀ। ਸੰਚਿ—ਇਕੱਠਾ ਕਰ ਕੇ। ਬਾਜਾਰੀਆ—ਮਸਖ਼ਰੇ, ਬਹੁ-ਰੂਪੀਏ। ਭੀਹਾਵਲਿ—ਡਰਾਉਣੀ (ਧਰਤੀ)।

ਅਰਥ:- (ਇਸ ਸ੍ਰਿਸ਼ਟੀ ਦੇ) ਬੇਅੰਤ ਧਰਤੀਆਂ ਤੇ ਪਾਤਾਲ ਹਨ, ਮੈਥੋਂ ਗਿਣੇ ਨਹੀਂ ਜਾ ਸਕਦੇ। (ਹੇ ਪ੍ਰਭੂ!) ਤੂੰ (ਇਸ ਸ੍ਰਿਸ਼ਟੀ ਨੂੰ) ਪੈਦਾ ਕਰਨ ਵਾਲਾ ਹੈਂ ਤੂੰ ਹੀ ਇਸ ਦੀ ਸਾਰ ਲੈਣ ਵਾਲਾ ਹੈਂ, ਤੂੰ ਹੀ ਪੈਦਾ ਕੀਤੀ ਹੈ ਤੂੰ ਹੀ ਨਾਸ ਕਰਦਾ ਹੈਂ। ਸ੍ਰਿਸ਼ਟੀ ਦੀ ਚੌਰਾਸੀ ਲਖ ਜੂਨ ਤੈਥੋਂ ਹੀ ਪੈਦਾ ਹੋਈ ਹੈ।

(ਇਥੇ) ਕਈ ਆਪਣੇ ਆਪ ਨੂੰ ਰਾਜੇ ਖ਼ਾਨ ਤੇ ਮਲਕ ਆਖਦੇ ਹਨ ਤੇ ਅਖਵਾਂਦੇ ਹਨ, ਕਈ ਧਨ ਇਕੱਠਾ ਕਰ ਕੇ (ਆਪਣੇ ਆਪ ਨੂੰ) ਸ਼ਾਹ ਸਦਾਂਦੇ ਹਨ, (ਪਰ) ਇਸ ਦੂਜੇ ਮੋਹ ਵਿਚ ਪੈ ਕੇ ਇੱਜ਼ਤ ਗਵਾ ਲੈਂਦੇ ਹਨ। ਇਥੇ ਕਈ

ਦਾਤੇ ਹਨ ਕਈ ਮੰਗਤੇ ਹਨ (ਪਰ ਕੀਹ ਦਾਤੇ ਤੇ ਕੀਹ ਮੰਗਤੇ) ਸਭਨਾਂ ਦੇ ਸਿਰ ਉਤੇ ਉਹ ਪ੍ਰਭੂ ਹੀ ਖਸਮ ਹੈ।

(ਭਾਵੇਂ ਰਾਜੇ ਸਦਾਣ ਭਾਵੇਂ ਸ਼ਾਹ ਅਖਵਾਣ) ਪ੍ਰਭੂ ਦੇ ਨਾਮ ਤੋਂ ਬਿਨਾ ਜੀਵ (ਮਾਨੋ) ਬਹੁ-ਰੂਪੀਏ ਹਨ (ਧਰਤੀ ਇਹਨਾਂ ਦੇ ਭਾਰ ਨਾਲ) ਭੈ-ਭੀਤ ਹੋਈ ਹੋਈ ਹੈ। ਹੇ ਨਾਨਕ! (ਇਹ ਰਾਜੇ ਤੇ ਸ਼ਾਹੂਕਾਰ ਆਦਿਕ) ਕੂੜ ਦੇ ਸੌਦੇ ਮੁੱਕ ਜਾਂਦੇ ਹਨ (ਭਾਵ ਤ੍ਰਿਸ਼ਨਾ-ਅਧੀਨ ਹੋ ਕੇ ਰਾਜ ਧਨ ਆਦਿਕ ਦਾ ਮਾਣ ਕੂੜਾ ਹੈ) ਜੋ ਕੁਝ ਸਦਾ-ਥਿਰ ਰਹਿਣ ਵਾਲਾ ਪ੍ਰਭੂ ਕਰਦਾ ਹੈ ਉਹੀ ਹੈ।12।

ਸਲੋਕ ਮਃ ੩ ॥ ਬਾਬੀਹਾ ਗੁਣਵੰਤੀ ਮਹਲੁ ਪਾਇਆ ਅਉਗਣਵੰਤੀ ਦੂਰਿ ॥ ਅੰਤਰਿ ਤੇਰੈ ਹਰਿ ਵਸੈ ਗੁਰਮੁਖਿ ਸਦਾ ਹਜੂਰਿ ॥ ਕੂਕ ਪੁਕਾਰ ਨ ਹੋਵਈ ਨਦਰੀ ਨਦਰਿ ਨਿਹਾਲ ॥ ਨਾਨਕ ਨਾਮਿ ਰਤੇ ਸਹਜੇ ਮਿਲੇ ਸਬਦਿ ਗੁਰੂ ਕੈ ਘਾਲ ॥੧॥ {ਪੰਨਾ 1283}

ਪਦ ਅਰਥ:- ਹਜੂਰਿ—ਅੰਗ-ਸੰਗ। ਘਾਲ—ਮਿਹਨਤ। ਮਹਲੁ—ਪਰਮਾਤਮਾ ਦੀ ਹਜ਼ੂਰੀ। ਗੁਰਮੁਖਿ—ਗੁਰੂ ਦੇ ਸਨਮੁਖ ਰਿਹਾਂ। ਹੋਵਈ—ਹੋਵਏ, ਹੋਵੈ, ਹੁੰਦੀ। ਨਦਰੀ—ਮਿਹਰ ਦੀ ਨਿਗਾਹ ਰੱਖਣ ਵਾਲਾ। ਨਾਮਿ—ਨਾਮ ਵਿਚ। ਰਤੇ—ਰੰਗੇ ਹੋਏ। ਸਹਜੇ—ਸਹਜਿ, ਆਤਮਕ ਅਡੋਲਤਾ ਵਿਚ (ਟਿਕ ਕੇ)। ਸਬਦਿ—ਸ਼ਬਦ ਵਿਚ (ਜੁੜ ਕੇ)।

ਅਰਥ:- ਹੇ (ਜੀਵ-) ਪਪੀਹੇ! ਗੁਣਾਂ ਵਾਲੀ (ਜੀਵ-ਇਸਤ੍ਰੀ) ਨੂੰ ਰੱਬ ਦਾ ਘਰ ਲੱਭ ਪੈਂਦਾ ਹੈ, ਪਰ ਅਉਗਣਿਆਰੀ ਉਸ ਤੋਂ ਵਿਥ ਤੇ ਰਹਿੰਦੀ ਹੈ। ਹੇ (ਜੀਵ-) ਪਪੀਹੇ! ਤੇਰੇ ਅੰਦਰ ਹੀ ਰੱਬ ਵੱਸਦਾ ਹੈ, ਗੁਰੂ ਦੇ ਸਨਮੁਖ ਹੋਇਆਂ ਸਦਾ ਅੰਗ-ਸੰਗ ਦਿੱਸਦਾ ਹੈ (ਗੁਰੂ ਦੀ ਸਰਨ ਪਿਆਂ) ਕਿਸੇ ਕੂਕ ਪੁਕਾਰ ਦੀ ਲੋੜ ਨਹੀਂ ਰਹਿੰਦੀ, ਮੇਹਰਾਂ ਦੇ ਸਾਂਈ ਦੀ ਮਿਹਰ ਦੀ ਨਜ਼ਰ ਨਾਲ ਨਿਹਾਲ ਹੋ ਜਾਈਦਾ ਹੈ। ਹੇ ਨਾਨਕ! ਪ੍ਰਭੂ ਦੇ ਨਾਮ ਵਿਚ ਰੰਗੇ ਹੋਏ ਬੰਦੇ ਗੁਰੂ ਦੇ ਸ਼ਬਦ ਵਿਚ (ਜੁੜ ਕੇ) ਘਾਲ ਕਮਾਈ ਕਰ ਕੇ ਆਤਮਕ ਅਡੋਲਤਾ ਵਿਚ ਟਿਕੇ ਰਹਿ ਕੇ ਉਸ ਨੂੰ ਮਿਲ ਪੈਂਦੇ ਹਨ।1।

ਮਃ ੩ ॥ ਬਾਬੀਹਾ ਬੇਨਤੀ ਕਰੇ ਕਰਿ ਕਿਰਪਾ ਦੇਹੁ ਜੀ ਅ ਦਾਨ ॥ ਜਲ ਬਿਨੁ ਪਿਆਸ ਨ ਊਤਰੈ ਛੁਟਕਿ ਜਾਂਹਿ ਮੇਰੇ ਪ੍ਰਾਨ ॥ ਤੂ ਸੁਖਦਾਤਾ ਬੇਅੰਤੁ ਹੈ ਗੁਣਦਾਤਾ ਨੇਧਾਨੁ ॥ ਨਾਨਕ ਗੁਰਮੁਖਿ ਬਖਸਿ ਲਏ ਅੰਤਿ ਬੇਲੀ ਹੋਇ ਭਗਵਾਨੁ ॥੨॥ {ਪੰਨਾ 1284}

ਪਦ ਅਰਥ:- ਜੀਅ ਦਾਨ—ਆਤਮਕ ਜੀਵਨ ਦੀ ਦਾਤਿ। ਨੇਧਾਨੁ—ਨਿਧਾਨ, ਖ਼ਜ਼ਾਨਾ। ਜਲ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ, ਅੰਮ੍ਰਿਤ। ਪਿਆਸ—ਤ੍ਰਿਸ਼ਨਾ। ਛੁਟਕਿ ਜਾਂਹਿ—ਘਾਬਰ ਜਾਂਦੇ ਹਨ। ਪ੍ਰਾਨ—ਜਿੰਦ।

ਅਰਥ:- (ਜਦੋਂ) (ਜੀਵ-) ਪਪੀਹਾ (ਪ੍ਰਭੂ ਅੱਗੇ) ਬੇਨਤੀ ਕਰਦਾ ਹੈ ਕਿ—(ਹੇ ਪ੍ਰਭੂ!) ਮਿਹਰ ਕਰ ਕੇ ਮੈਨੂੰ ਜੀਵਨ-ਦਾਤਿ ਬਖ਼ਸ਼; ਤੇਰੇ ਨਾਮ-ਅੰਮ੍ਰਿਤ ਤੋਂ ਬਿਨਾ (ਮੇਰੀ) ਤ੍ਰਿਸ਼ਨਾ ਨਹੀਂ ਮੁੱਕਦੀ, (ਤੇਰੇ ਨਾਮ ਤੋਂ ਬਿਨਾ) ਮੇਰੀ ਜਿੰਦ ਵਿਆਕੁਲ ਹੋ ਜਾਂਦੀ ਹੈ। ਤੂੰ ਸੁਖ ਦੇਣ ਵਾਲਾ ਹੈਂ, ਤੂੰ ਬੇਅੰਤ ਹੈਂ, ਤੂੰ ਗੁਣ ਬਖ਼ਸ਼ਣ ਵਾਲਾ ਹੈਂ; ਤੇ ਤੂੰ ਸਾਰੇ ਗੁਣਾਂ ਦਾ ਖ਼ਜ਼ਾਨਾ ਹੈਂ—ਹੇ ਨਾਨਕ! (ਇਹ ਬੇਨਤੀ ਸੁਣ ਕੇ) ਭਗਵਾਨ ਗੁਰੂ ਦੇ ਸਨਮੁਖ ਹੋਏ ਮਨੁੱਖ ਉਤੇ ਮਿਹਰ ਕਰਦਾ ਹੈ ਤੇ ਅੰਤ ਸਮੇ ਉਸ ਦਾ ਸਹਾਈ ਬਣਦਾ ਹੈ।2।

ਪਉੜੀ ॥ ਆਪੇ ਜਗਤੁ ਉਪਾਇ ਕੈ ਗੁਣ ਅਉਗਣ ਕਰੇ ਬੀਚਾਰੁ ॥ ਤ੍ਰੈ ਗੁਣ ਸਰਬ ਜੰਜਾਲੁ ਹੈ ਨਾਮਿ ਨ ਧਰੇ ਪਿਆਰੁ ॥ ਗੁਣ ਛੋਡਿ ਅਉਗਣ ਕਮਾਵਦੇ ਦਰਗਹ ਹੋਹਿ ਖੁਆਰੁ ॥ ਜੂਐ ਜਨਮੁ ਤਿਨੀ ਹਾਰਿਆ ਕਿਤੁ ਆਏ ਸੰਸਾਰਿ ॥ ਸਚੈ ਸਬਦਿ ਮਨੁ ਮਾਰਿਆ ਅਹਿਨਿਸਿ ਨਾਮਿ ਪਿਆਰਿ ॥ ਜਿਨੀ

ਪੁਰਖੀ ਉਰਿ ਧਾਰਿਆ ਸਚਾ ਅਲਖ ਅਪਾਰੁ ॥ ਤੂ ਗੁਣਦਾਤਾ ਨਿਧਾਨੁ ਹਹਿ ਅਸੀ ਅਵਗਣਿਆਰ ॥ ਜਿਸੁ ਬਖਸੇ ਸੋ ਪਾਇਸੀ ਗੁਰ ਸਬਦੀ ਵੀਚਾਰੁ ॥੧੩॥ {ਪੰਨਾ 1284}

ਪਦ ਅਰਥ:- ਉਪਾਇ ਕੈ—ਪੈਦਾ ਕਰ ਕੇ। ਸਰਬ ਜੰਜਾਲੁ—ਨਿਰਾ ਜੰਜਾਲ, ਨਿਰਾ ਵਿਕਾਰਾਂ ਵਿਚ ਫਸਾਣ ਦਾ ਮੂਲ। ਨਾਮਿ—ਨਾਮ ਵਿਚ। ਛੋਡਿ—ਛੱਡ ਕੇ। ਹੋਹਿ—ਹੁੰਦੇ ਹਨ। ਤਿਨੀ—ਉਹਨਾਂ ਨੇ। ਕਿਤੁ—ਕਾਹਦੇ ਲਈ? ਸੰਸਾਰਿ—ਸੰਸਾਰ ਵਿਚ। ਸਬਦਿ—ਸ਼ਬਦ ਦੀ ਰਾਹੀਂ। ਮਾਰਿਆ—ਵੱਸ ਵਿਚ ਲਿਆਂਦਾ। ਅਹਿ—ਦਿਨ। ਨਿਸਿ—ਰਾਤ। ਪਿਆਰਿ—ਪਿਆਰ ਦੀ ਰਾਹੀਂ (ਗੁਜ਼ਾਰਦੇ ਹਨ)। ਪੁਰਖੀ—ਪੁਰਖੀਂ, ਪੁਰਖਾਂ ਨੇ। ਉਰਿ—ਹਿਰਦੇ ਵਿਚ। ਨਿਧਾਨੁ—(ਸਾਰੇ ਗੁਣਾਂ ਦਾ) ਖ਼ਜ਼ਾਨਾ। ਹਹਿ—ਤੂੰ ਹੈਂ। ਗੁਰ ਸਬਦੀ—ਗੁਰੂ ਦੇ ਸ਼ਬਦ ਦੀ ਰਾਹੀਂ।

ਅਰਥ:- (ਪ੍ਰਭੂ) ਆਪ ਹੀ ਜਗਤ ਬਣਾ ਕੇ (ਜੀਵਾਂ ਦੇ) ਗੁਣਾਂ ਤੇ ਔਗੁਣਾਂ ਦਾ ਲੇਖਾ ਕਰਦਾ ਹੈ। (ਮਾਇਆ ਦੇ) ਤਿੰਨ ਗੁਣ (ਭੀ ਜੋ) ਨਿਰਾ ਜੰਜਾਲ (ਭਾਵ, ਵਿਕਾਰਾਂ ਵਿਚ ਫਸਾਣ ਵਾਲਾ) ਹੀ ਹੈ (ਇਹ ਭੀ ਪ੍ਰਭੂ ਨੇ ਆਪ ਹੀ ਰਚਿਆ ਹੈ, ਇਸ ਵਿਚ ਫਸ ਕੇ ਜਗਤ) ਪ੍ਰਭੂ ਦੇ ਨਾਮ ਵਿਚ ਪਿਆਰ ਨਹੀਂ ਪਾਂਦਾ; (ਇਸ ਵਾਸਤੇ ਜੀਵ) ਗੁਣ ਛੱਡ ਕੇ ਅਉਗਣ ਕਮਾਂਦੇ ਹਨ ਤੇ (ਆਖ਼ਰ) ਪ੍ਰਭੂ ਦੀ ਹਜ਼ੂਰੀ ਵਿਚ ਸ਼ਰਮਿੰਦੇ ਹੁੰਦੇ ਹਨ। ਅਜੇਹੇ ਜੀਵ (ਮਾਨੋ) ਜੂਏ ਵਿਚ ਮਨੁੱਖਾ-ਜਨਮ ਹਾਰ ਜਾਂਦੇ ਹਨ, ਉਹਨਾਂ ਦਾ ਜਗਤ ਵਿਚ ਆਉਣਾ ਕਿਸੇ ਅਰਥ ਨਹੀਂ ਹੁੰਦਾ ਹੈ।

(ਪਰ) ਜਿਨ੍ਹਾਂ ਮਨੁੱਖਾਂ ਨੇ (ਗੁਰੂ ਦੇ) ਸੱਚੇ ਸ਼ਬਦ ਦੀ ਰਾਹੀਂ ਆਪਣਾ ਮਨ ਵੱਸ ਵਿਚ ਲਿਆਂਦਾ ਹੈ, ਜੋ ਦਿਨ ਰਾਤ ਪ੍ਰਭੂ ਦੇ ਨਾਮ ਵਿਚ ਪਿਆਰ ਪਾਂਦੇ ਹਨ, ਜਿਨ੍ਹਾਂ ਨੇ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਅਦ੍ਰਿਸ਼ਟ ਤੇ ਬੇਅੰਤ ਪ੍ਰਭੂ ਵਸਾਇਆ ਹੈ (ਉਹ ਇਉਂ ਬੇਨਤੀ ਕਰਦੇ ਹਨ)—"ਹੇ ਪ੍ਰਭੂ! ਤੂੰ ਗੁਣਾਂ ਦਾ ਦਾਤਾ ਹੈਂ, ਤੂੰ ਗੁਣਾਂ ਦਾ ਖ਼ਜ਼ਾਨਾ ਹੈ, ਅਸੀਂ ਜੀਵ ਅਉਗਣੀ ਹਾਂ। "

ਗੁਰੂ ਦੇ ਸ਼ਬਦ ਦੀ ਰਾਹੀਂ (ਅਜੇਹੀ ਸੁਅੱਛ) ਵਿਚਾਰ ਉਹ ਮਨੁੱਖ ਪ੍ਰਾਪਤ ਕਰਦਾ ਹੈ ਜਿਸ ਉਤੇ (ਪਰਮਾਤਮਾ ਆਪ) ਮਿਹਰ ਕਰਦਾ ਹੈ।13।

ਸਲੋਕ ਮਃ ੫ ॥ ਰਾਤਿ ਨ ਵਿਹਾਵੀ ਸਾਕਤਾਂ ਜਿਨ੍ਹਾ ਵਿਸਰੈ ਨਾਉ ॥ ਰਾਤੀ ਦਿਨਸ ਸੁਹੇਲੀਆ ਨਾਨਕ ਹਰਿ ਗੁਣ ਗਾਂਉ ॥੧॥ {ਪੰਨਾ 1284}

ਪਦ ਅਰਥ:- ਸਾਕਤ—ਪਰਮਾਤਮਾ ਨਾਲੋਂ ਟੁੱਟਾ ਹੋਇਆ। ਵਿਹਾਵੀ—ਬੀਤਦੀ। ਸੁਹੇਲੀਆ—ਸੁਖੀ ਜੀਵ-ਇਸਤਰੀਆਂ।

ਅਰਥ:- ਜੋ ਬੰਦੇ ਪਰਮਾਤਮਾ ਦੇ ਚਰਨਾਂ ਨਾਲੋਂ ਵਿੱਛੜੇ ਹੋਏ ਹਨ, ਜਿਨ੍ਹਾਂ ਨੂੰ ਕਰਤਾਰ ਦਾ ਨਾਮ ਭੁੱਲਿਆ ਹੋਇਆ ਹੈ ਉਹਨਾਂ ਦੀ ਰਾਤਿ ਬੀਤਣ ਵਿਚ ਨਹੀਂ ਆਉਂਦੀ (ਭਾਵ, ਉਹਨਾਂ ਦੀ ਜ਼ਿੰਦਗੀ-ਰੂਪ ਰਾਤ ਦੁੱਖਾਂ ਵਿਚ ਹੀ ਲੰਘਦੀ ਹੈ; ਉਹ ਇਤਨੇ ਦੁਖੀ ਹੁੰਦੇ ਹਨ ਕਿ ਉਹਨਾਂ ਨੂੰ ਉਮਰ ਭਾਰੂ ਹੋਈ ਜਾਪਦੀ ਹੈ)। ਪਰ, ਹੇ ਨਾਨਕ! ਜਿਹੜੀਆਂ ਜੀਵ-ਇਸਤ੍ਰੀਆਂ ਪ੍ਰਭੂ ਦੇ ਗੁਣ ਗਾਂਦੀਆਂ ਹਨ, ਉਹਨਾਂ ਦੇ ਦਿਨ ਰਾਤ (ਭਾਵ, ਸਾਰੀ ਉਮਰ) ਸੁਖੀ ਗੁਜ਼ਰਦੇ ਹਨ।1।

ਮਃ ੫ ॥ ਰਤਨ ਜਵੇਹਰ ਮਾਣਕਾ ਹਭੇ ਮਣੀ ਮਥੰਨਿ ॥ ਨਾਨਕ ਜੋ ਪ੍ਰਭਿ ਭਾਣਿਆ ਸਚੈ ਦਰਿ ਸੋਹੰਨਿ ॥੨॥ {ਪੰਨਾ 1284}

ਪਦ ਅਰਥ:- ਹਭੇ—ਸਾਰੇ। ਮਥੰਨਿ—ਮੱਥੇ ਉੱਤੇ। ਪ੍ਰਭ ਭਾਣਿਆ—ਜੋ ਪ੍ਰਭੂ ਨੂੰ ਭਾ ਗਏ ਹਨ। ਦਰਿ—ਦਰ ਤੇ। ਸਚੈ ਦਰਿ—ਸਦਾ-ਥਿਰ ਪ੍ਰਭੂ ਦੇ ਦਰ ਤੇ। ਸੋਹੰਨਿ—ਸੋਭਦੇ ਹਨ।

ਅਰਥ:- ਹੇ ਨਾਨਕ! ਜੋ ਜੀਵ ਪ੍ਰਭੂ ਨੂੰ ਪਿਆਰੇ ਲੱਗ ਗਏ ਹਨ ਉਹ ਉਸ ਸਦਾ-ਥਿਰ ਰਹਿਣ ਵਾਲੇ ਦੇ ਦਰ ਤੇ ਸੋਭਾ ਪਾਂਦੇ ਹਨ, ਉਹਨਾਂ ਦੇ ਮੱਥੇ ਉਤੇ (ਮਾਨੋ) ਸਾਰੇ ਰਤਨ ਜਵਾਹਰ ਮੋਤੀ ਤੇ ਮਣੀਆਂ ਹਨ (ਭਾਵ, ਗੁਣਾਂ ਕਰਕੇ ਉਹਨਾਂ ਦੇ ਮੱਥੇ ਉਤੇ ਨੂਰ ਹੀ ਨੂਰ ਹੈ)।2।

ਪਉੜੀ ॥ ਸਚਾ ਸਤਿਗੁਰੁ ਸੇਵਿ ਸਚੁ ਸਮ੍ਾਲਿਆ ॥ ਅੰਤਿ ਖਲੋਆ ਆਇ ਜਿ ਸਤਿਗੁਰ ਅਗੈ ਘਾਲਿਆ ॥ ਪੋਹਿ ਨ ਸਕੈ ਜਮਕਾਲੁ ਸਚਾ ਰਖਵਾਲਿਆ ॥ ਗੁਰ ਸਾਖੀ ਜੋਤਿ ਜਗਾਇ ਦੀਵਾ ਬਾਲਿਆ ॥ ਮਨਮੁਖ ਵਿਣੁ ਨਾਵੈ ਕੂੜਿਆਰ ਫਿਰਹਿ ਬੇਤਾਲਿਆ ॥ ਪਸੂ ਮਾਣਸ ਚੰਮਿ ਪਲੇਟੇ ਅੰਦਰਹੁ ਕਾਲਿਆ ॥ ਸਭੋ ਵਰਤੈ ਸਚੁ ਸਚੈ ਸਬਦਿ ਨਿਹਾਲਿਆ ॥ ਨਾਨਕ ਨਾਮੁ ਨਿਧਾਨੁ ਹੈ ਪੂਰੈ ਗੁਰਿ ਦੇਖਾਲਿਆ ॥੧੪॥ {ਪੰਨਾ 1284}

ਪਦ ਅਰਥ:- ਜਿ—ਜੋ ਕੁਝ। ਸਤਿਗੁਰ ਅਗੈ—ਗੁਰੂ ਦੇ ਸਨਮੁਖ ਹੋ ਕੇ। ਘਾਲਿਆ—ਕਮਾਈ ਕੀਤੀ। ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ। ਸਭੋ—ਹਰ ਥਾਂ। ਸਚੁ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ। ਸਬਦਿ—ਸ਼ਬਦ ਦੀ ਰਾਹੀਂ। ਨਿਧਾਨੁ—ਖ਼ਜ਼ਾਨਾ। ਗੁਰਿ—ਗੁਰੂ ਨੇ। ਸਾਖੀ—ਸਿੱਖਿਆ, ਬਾਣੀ। ਕੂੜਿਆਰ—ਕੂੜ ਦੇ ਵਪਾਰੀ। ਬੇਤਾਲਿਆ—ਬੇਤਾਲ, ਭੂਤ-ਪ੍ਰੇਤ, ਬੇ-ਥਵ੍ਹੇ, ਸਹੀ ਜੀਵਨ-ਚਾਲ ਤੋਂ ਉੱਖੜੇ ਹੋਏ। ਚੰਮਿ—ਚੰਮ ਨਾਲ। ਨਿਹਾਲਿਆ—ਵੇਖਿਆ, ਨਜ਼ਰੀ ਆਇਆ।

ਅਰਥ:- ਜਿਨ੍ਹਾਂ ਮਨੁੱਖਾਂ ਨੇ ਸੱਚੇ ਗੁਰੂ ਦੇ ਹੁਕਮ ਵਿਚ ਤੁਰ ਕੇ ਸਦਾ-ਥਿਰ ਰਹਿਣ ਵਾਲਾ ਪ੍ਰਭੂ ਅਰਾਧਿਆ, ਜੋ ਕਮਾਈ ਉਹਨਾਂ ਗੁਰੂ ਦੇ ਸਨਮੁਖ ਹੋ ਕੇ ਕੀਤੀ ਹੈ ਉਹ ਅੰਤ ਵੇਲੇ (ਜਦੋਂ ਹੋਰ ਸਾਰੇ ਸਾਥ ਮੁੱਕ ਜਾਂਦੇ ਹਨ) ਉਹਨਾਂ ਦਾ ਸਾਥ ਆ ਦੇਂਦੀ ਹੈ। ਸੱਚਾ ਪ੍ਰਭੂ ਉਹਨਾਂ ਦੇ ਸਿਰ ਉਤੇ ਰਾਖਾ ਹੁੰਦਾ ਹੈ, ਇਸ ਲਈ ਮੌਤ ਦਾ ਡਰ ਉਹਨਾਂ ਨੂੰ ਪੋਹ ਨਹੀਂ ਸਕਦਾ, ਗੁਰੂ ਦੀ ਬਾਣੀ-ਰੂਪ ਜੋਤਿ (ਉਹਨਾਂ ਆਪਣੇ ਅੰਦਰ) ਜਗਾਈ ਹੋਈ ਹੈ, ਬਾਣੀ-ਰੂਪ ਦੀਵਾ ਬਾਲਿਆ ਹੋਇਆ ਹੈ।

ਪਰ ਜੋ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦੇ ਹਨ ਉਹ ਪ੍ਰਭੂ ਦੇ ਨਾਮ ਤੋਂ ਵਾਂਜੇ ਹੋਏ ਹਨ ਤੇ ਕੂੜ ਦੇ ਵਪਾਰੀ ਹਨ, ਬੇ-ਥਵ੍ਹੇ ਭਟਕਦੇ ਫਿਰਦੇ ਹਨ; ਉਹ (ਅਸਲ ਵਿਚ) ਪਸ਼ੂ ਹਨ ਅੰਦਰੋਂ ਕਾਲੇ ਹਨ (ਵੇਖਣ ਨੂੰ) ਮਨੁੱਖਾ ਚੰਮ ਨਾਲ ਵਲ੍ਹੇਟੇ ਹੋਏ ਹਨ (ਭਾਵ, ਵੇਖਣ ਨੂੰ ਮਨੁੱਖ ਦਿੱਸਦੇ ਹਨ)।

(ਪਰ ਇਸ ਬਾਰੇ ਕੁਝ ਕਿਹਾ ਨਹੀਂ ਜਾ ਸਕਦਾ) ਹਰ ਥਾਂ ਸਦਾ-ਥਿਰ ਰਹਿਣ ਵਾਲਾ ਪ੍ਰਭੂ ਆਪ ਵੱਸਦਾ ਹੈ—ਇਹ ਗੱਲ ਗੁਰੂ ਦੇ ਸੱਚੇ ਸ਼ਬਦ ਦੀ ਰਾਹੀਂ ਵੇਖਣ ਵਿਚ ਆਉਂਦੀ ਹੈ। ਹੇ ਨਾਨਕ! ਪ੍ਰਭੂ ਦਾ ਨਾਮ ਹੀ (ਅਸਲ) ਖ਼ਜ਼ਾਨਾ ਹੈ ਜੋ ਪੂਰੇ ਗੁਰੂ ਨੇ (ਕਿਸੇ ਭਾਗਾਂ ਵਾਲੇ ਨੂੰ) ਵਿਖਾਇਆ ਹੈ।14।

ਸਲੋਕ ਮਃ ੩ ॥ ਬਾਬੀਹੈ ਹੁਕਮੁ ਪਛਾਣਿਆ ਗੁਰ ਕੈ ਸਹਜਿ ਸੁਭਾਇ ॥ ਮੇਘੁ ਵਰਸੈ ਦਇਆ ਕਰਿ ਗੂੜੀ ਛਹਬਰ ਲਾਇ ॥ ਬਾਬੀਹੇ ਕੂਕ ਪੁਕਾਰ ਰਹਿ ਗਈ ਸੁਖੁ ਵਸਿਆ ਮਨਿ ਆਇ ॥ ਨਾਨਕ ਸੋ ਸਾਲਾਹੀਐ ਜਿ ਦੇਂਦਾ ਸਭਨਾਂ ਜੀਆ ਰਿਜਕੁ ਸਮਾਇ ॥੧॥ {ਪੰਨਾ 1284}

ਪਦ ਅਰਥ:- ਬਾਬੀਹੈ—ਬਬੀਹੇ ਨੇ। ਬਾਬੀਹੇ—ਬਬੀਹੇ ਦੀ (ਨੋਟ:- ਇਹਨਾਂ ਦੋਹਾਂ ਲਫ਼ਜ਼ਾਂ ਤੇ 'ਜੋੜ' ਤੇ 'ਅਰਥ' ਵਿਚ ਫ਼ਰਕ ਵੇਖਣ-ਜੋਗ ਹੈ)। ਸਮਾਇ—ਸੰਬਾਹਿ, ਅਪੜਾ ਕੇ, ਇਕੱਠਾ ਕਰ ਕੇ। ਸਹਜਿ—ਆਤਮਕ ਅਡੋਲਤਾ ਵਿਚ ਟਿਕ ਕੇ। ਗੁਰ ਕੈ ਸੁਭਾਇ—ਗੁਰੂ ਦੇ ਅਨੁਸਾਰ ਤੁਰ ਕੇ। ਛਹਬਰ—ਝੜੀ। ਰਹਿ ਗਈ—ਮੁੱਕ ਜਾਂਦੀ ਹੈ। ਮਨਿ—ਮਨ ਵਿਚ। ਜਿ—ਜਿਹੜਾ ਪ੍ਰਭੂ।

ਅਰਥ:- ਜਿਸ (ਜੀਵ-) ਪਪੀਹੇ ਨੇ ਆਤਮਕ ਅਡੋਲਤਾ ਵਿਚ ਟਿਕ ਕੇ ਗੁਰੂ ਦੇ ਅਨੁਸਾਰ ਤੁਰ ਕੇ ਪ੍ਰਭੂ ਦਾ ਹੁਕਮ ਸਮਝਿਆ ਹੈ, (ਸਤਿਗੁਰੂ-) ਬੱਦਲ ਮਿਹਰ ਕਰ ਕੇ ਲੰਮੀ ਝੜੀ ਲਾ ਕੇ (ਉਸ ਉਤੇ 'ਨਾਮ'-ਅੰਮ੍ਰਿਤ ਦੀ) ਵਰਖਾ ਕਰਦਾ ਹੈ, ਉਸ (ਜੀਵ-) ਪਪੀਹੇ ਦੀ ਕੂਕ ਪੁਕਾਰ ਮੁੱਕ ਜਾਂਦੀ ਹੈ, ਉਸ ਦੇ ਮਨ ਵਿਚ ਸੁਖ ਆ ਵੱਸਦਾ ਹੈ।

ਹੇ ਨਾਨਕ! ਜੋ ਪ੍ਰਭੂ ਸਭ ਜੀਵਾਂ ਨੂੰ ਰੋਜ਼ੀ ਅਪੜਾਂਦਾ ਹੈ, ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ।1।

ਮਃ ੩ ॥ ਚਾਤ੍ਰਿਕ ਤੂ ਨ ਜਾਣਹੀ ਕਿਆ ਤੁਧੁ ਵਿਚਿ ਤਿਖਾ ਹੈ ਕਿਤੁ ਪੀਤੈ ਤਿਖ ਜਾਇ ॥ ਦੂਜੈ ਭਾਇ ਭਰੰਮਿਆ ਅੰਮ੍ਰਿਤ ਜਲੁ ਪਲੈ ਨ ਪਾਇ ॥ ਨਦਰਿ ਕਰੇ ਜੇ ਆਪਣੀ ਤਾਂ ਸਤਿਗੁਰੁ ਮਿਲੈ ਸੁ ਭਾਇ ॥ ਨਾਨਕ ਸਤਿਗੁਰ ਤੇ ਅੰਮ੍ਰਿਤ ਜਲੁ ਪਾਇਆ ਸਹਜੇ ਰਹਿਆ ਸਮਾਇ ॥੨॥ {ਪੰਨਾ 1284}

ਪਦ ਅਰਥ:- ਕਿਤੁ ਪੀਤੈ—ਕੀਹ ਪੀਤਿਆਂ? ('ਸਤਿਗੁਰੁ' ਅਤੇ 'ਸਤਿਗੁਰ ਤੇ' ਇਹਨਾਂ ਦੋਹਾਂ ਲਫ਼ਜ਼ਾਂ ਦੇ 'ਜੋੜ' ਅਤੇ 'ਅਰਥ' ਵਿਚ ਫ਼ਰਕ ਵੇਖਣ-ਜੋਗ ਹੈ)। ਸਹਜੇ—ਅਡੋਲਤਾ ਵਿਚ। ਨ ਜਾਣਹੀ—ਤੂੰ ਨਹੀਂ ਜਾਣਦਾ। ਦੂਜੈ ਭਾਇ—ਮਾਇਆ ਦੇ ਮੋਹ ਵਿਚ। ਸਤਿਗੁਰ ਤੇ—ਗੁਰੂ ਪਾਸੋਂ। ਅੰਮ੍ਰਿਤ ਜਲੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਪਲੈ ਨ ਪਾਇ—ਨਹੀਂ ਮਿਲਦਾ। ਸੁਭਾਇ—ਉਸ ਦੀ ਰਜ਼ਾ ਵਿਚ।

ਅਰਥ:- ਹੇ ਪਪੀਹੇ (ਜੀਵ)! ਤੈਨੂੰ ਨਹੀਂ ਪਤਾ ਕਿ ਤੇਰੇ ਅੰਦਰ ਕੇਹੜੀ ਤ੍ਰੇਹ ਹੈ (ਜੋ ਤੈਨੂੰ ਭਟਕਣਾ ਵਿਚ ਪਾ ਰਹੀ ਹੈ; ਨਾਹ ਹੀ ਤੈਨੂੰ ਇਹ ਪਤਾ ਹੈ ਕਿ) ਕੀਹ ਪੀਤਿਆਂ ਇਹ ਤ੍ਰੇਹ ਮਿਟੇਗੀ; ਤੂੰ ਮਾਇਆ ਦੇ ਮੋਹ ਵਿਚ ਭਟਕ ਰਿਹਾ ਹੈਂ, ਤੈਨੂੰ (ਤ੍ਰੇਹ ਮਿਟਾਣ ਲਈ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਲੱਭਦਾ ਨਹੀਂ।

ਜੇ ਅਕਾਲ ਪੁਰਖ ਆਪਣੀ ਮਿਹਰ ਦੀ ਨਜ਼ਰ ਕਰੇ ਤਾਂ ਉਸ ਦੀ ਰਜ਼ਾ ਵਿਚ ਗੁਰੂ ਮਿਲ ਪੈਂਦਾ ਹੈ। ਹੇ ਨਾਨਕ! ਗੁਰੂ ਤੋਂ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਮਿਲਦਾ ਹੈ (ਤੇ ਉਸ ਦੀ ਬਰਕਤਿ ਨਾਲ) ਅਡੋਲ ਅਵਸਥਾ ਵਿਚ ਟਿਕੇ ਰਹੀਦਾ ਹੈ।2।

ਪਉੜੀ ॥ ਇਕਿ ਵਣ ਖੰਡਿ ਬੈਸਹਿ ਜਾਇ ਸਦੁ ਨ ਦੇਵਹੀ ॥ ਇਕਿ ਪਾਲਾ ਕਕਰੁ ਭੰਨਿ ਸੀਤਲੁ ਜਲੁ ਹੇਂਵਹੀ ॥ ਇਕਿ ਭਸਮ ਚੜ੍ਹਾਵਹਿ ਅੰਗਿ ਮੈਲੁ ਨ ਧੋਵਹੀ ॥ ਇਕਿ ਜਟਾ ਬਿਕਟ ਬਿਕਰਾਲ ਕੁਲੁ ਘਰੁ ਖੋਵਹੀ ॥ ਇਕਿ ਨਗਨ ਫਿਰਹਿ ਦਿਨੁ ਰਾਤਿ ਨੀਂਦ ਨ ਸੋਵਹੀ ॥ ਇਕਿ ਅਗਨਿ ਜਲਾਵਹਿ ਅੰਗੁ ਆਪੁ ਵਿਗੋਵਹੀ ॥ ਵਿਣੁ ਨਾਵੈ ਤਨੁ ਛਾਰੁ ਕਿਆ ਕਹਿ ਰੋਵਹੀ ॥ ਸੋਹਨਿ ਖਸਮ ਦੁਆਰਿ ਜਿ ਸਤਿਗੁਰੁ ਸੇਵਹੀ ॥੧੫॥ {ਪੰਨਾ 1284-1285}

ਪਦ ਅਰਥ:- ਵਣਖੰਡਿ—ਵਣ ਦੇ ਖੰਡ ਵਿਚ, ਜੰਗਲ ਦੇ ਕਿਸੇ ਹਿੱਸੇ ਵਿਚ। ਸਦੁ—ਵਾਜ। ਹੇਂਵਹੀ—ਸਹਾਰਦੇ ਹਨ ('ਜਲੁ ਹੇਵਤ ਭੂਖ ਅਰੁ ਨੰਗਾ'—ਕਾਨੜਾ ਮ: 5)। ਇਕਿ—ਕਈ (ਬਹੁ-ਵਚਨ)। ਜਾਇ—ਜਾ ਕੇ। ਅੰਗਿ—ਸਰੀਰ ਉਤੇ (ਨੋਟ:- ਲਫ਼ਜ਼ 'ਅੰਗਿ' ਅਤੇ ਛੇਵੀਂ ਤੁਕ ਦੇ 'ਅੰਗੁ' ਦਾ ਜੋੜ ਤੇ ਅਰਥ ਵਿਚਾਰਨ-ਜੋਗ ਹਨ)। ਬਿਕਟ—ਔਖੀਆਂ। ਬਿਕਰਾਲ—ਡਰਾਉਣੀ। ਆਪੁ—ਆਪਣੇ ਆਪ ਨੂੰ। ਵਿਗੋਵਹੀ—ਖ਼ੁਆਰ ਕਰਦੇ ਹਨ। ਛਾਰੁ—ਸੁਆਹ।

ਅਰਥ:- ਕਈ ਮਨੁੱਖ ਜੰਗਲ ਦੇ ਗੋਸ਼ੇ ਵਿਚ ਜਾ ਬੈਠਦੇ ਹਨ ਤੇ ਮੋਨ ਧਾਰ ਲੈਂਦੇ ਹਨ; ਕਈ ਪਾਲਾ-ਕੱਕਰ ਭੰਨ ਕੇ ਠੰਢਾ ਪਾਣੀ ਸਹਾਰਦੇ ਹਨ (ਭਾਵ, ਉਸ ਠੰਢੇ ਪਾਣੀ ਵਿਚ ਬੈਠਦੇ ਹਨ, ਜਿਸ ਉੱਤੇ ਕੱਕਰ ਜੰਮਿਆ ਪਿਆ ਹੈ); ਕਈ ਮਨੁੱਖ ਪਿੰਡੇ ਤੇ ਸੁਆਹ ਮਲਦੇ ਹਨ ਤੇ (ਪਿੰਡੇ ਦੀ) ਮੈਲ ਕਦੇ ਨਹੀਂ ਧੋਂਦੇ (ਭਾਵ, ਇਸ਼ਨਾਨ ਨਹੀਂ ਕਰਦੇ); ਕਈ ਮਨੁੱਖ ਔਖੀਆਂ ਡਰਾਉਣੀਆਂ ਜਟਾਂ ਵਧਾ ਲੈਂਦੇ ਹਨ (ਫ਼ਕੀਰ ਬਣ ਕੇ ਆਪਣੀ) ਕੁਲ ਤੇ ਆਪਣਾ ਘਰ ਗਵਾ ਲੈਂਦੇ ਹਨ; ਕਈ ਬੰਦੇ ਦਿਨੇ ਰਾਤ ਨੰਗੇ ਪਏ ਫਿਰਦੇ ਹਨ, ਕਈ ਸੌਂਦੇ ਭੀ ਨਹੀਂ ਹਨ; ਕਈ ਮਨੁੱਖ ਅੱਗ ਨਾਲ ਆਪਣਾ ਸਰੀਰ ਸਾੜਦੇ ਹਨ (ਭਾਵ; ਧੂਣੀਆਂ ਤਪਾਂਦੇ ਹਨ ਤੇ ਇਸ ਤਰ੍ਹਾਂ) ਅਪਾਣਾ ਆਪ ਖ਼ੁਆਰ ਕਰਦੇ ਹਨ।

ਪਰ ਪ੍ਰਭੂ ਦੇ ਨਾਮ ਤੋਂ ਵਾਂਜੇ ਰਹਿ ਕੇ ਮਨੁੱਖਾ-ਸਰੀਰ ਵਿਅਰਥ ਗਵਾਇਆ, ਹੁਣ ਉਹ ਕੀਹ ਆਖ ਕੇ ਰੋਣ? (ਨਾਮ-ਸਿਮਰਨ ਦਾ ਮੌਕਾ ਗਵਾ ਕੇ ਪਛਤਾਣ ਦਾ ਕੋਈ ਲਾਭ ਨਹੀਂ)।

ਕੇਵਲ ਉਹ ਜੀਵ ਮਾਲਕ-ਪ੍ਰਭੂ ਦੀ ਹਜ਼ੂਰੀ ਵਿਚ ਸੋਭਦੇ ਹਨ ਜੋ ਗੁਰੂ ਦੇ ਹੁਕਮ ਵਿਚ ਤੁਰਦੇ ਹਨ।15।

ਸਲੋਕ ਮਃ ੩ ॥ ਬਾਬੀਹਾ ਅੰਮ੍ਰਿਤ ਵੇਲੈ ਬੋਲਿਆ ਤਾਂ ਦਰਿ ਸੁਣੀ ਪੁਕਾਰ ॥ ਮੇਘੈ ਨੋ ਫੁਰਮਾਨੁ ਹੋਆ ਵਰਸਹੁ ਕਿਰਪਾ ਧਾਰਿ ॥ ਹਉ ਤਿਨ ਕੈ ਬਲਿਹਾਰਣੈ ਜਿਨੀ ਸਚੁ ਰਖਿਆ ਉਰਿ ਧਾਰਿ ॥ ਨਾਨਕ ਨਾਮੇ ਸਭ ਹਰੀਆਵਲੀ ਗੁਰ ਕੈ ਸਬਦਿ ਵੀਚਾਰਿ ॥੧॥ {ਪੰਨਾ 1285}

ਪਦ ਅਰਥ:- ਦਰਿ—(ਪ੍ਰਭੂ ਦੇ) ਦਰ ਤੇ। ਮੇਘੈ—(ਗੁਰੂ) ਬੱਦਲ ਨੂੰ। ਉਰਿ—ਹਿਰਦੇ ਵਿਚ। (ਨੋਟ:- 'ਭੂਤਕਾਲ ਕ੍ਰਿਆ' ਦਾ ਅਰਥ 'ਵਰਤਮਾਨ' ਵਿਚ ਕਰਨਾ ਹੈ।)

ਅਰਥ:- (ਜਦੋਂ ਜੀਵ-) ਪਪੀਹਾ ਅੰਮ੍ਰਿਤ ਵੇਲੇ ਅਰਜ਼ੋਈ ਕਰਦਾ ਹੈ ਤਾਂ ਉਸ ਦੀ ਅਰਦਾਸ ਪ੍ਰਭੂ ਦੀ ਦਰਗਾਹ ਵਿਚ ਸੁਣੀ ਜਾਂਦੀ ਹੈ (ਪ੍ਰਭੂ ਵਲੋਂ ਗੁਰੂ-) ਬੱਦਲ ਨੂੰ ਹੁਕਮ ਦੇਂਦਾ ਹੈ ਕਿ (ਇਸ ਅਰਜ਼ੋਈ ਕਰਨ ਵਾਲੇ ਉਤੇ) ਮਿਹਰ ਕਰ ਕੇ ('ਨਾਮ' ਦੀ) ਵਰਖਾ ਕਰੋ।

ਜਿਨ੍ਹਾਂ ਮਨੁੱਖਾਂ ਨੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਇਆ ਹੈ, ਮੈਂ ਉਹਨਾਂ ਤੋਂ ਸਦਕੇ ਹਾਂ। ਹੇ ਨਾਨਕ! ਸਤਿਗੁਰੂ ਦੇ ਸ਼ਬਦ ਦੀ ਰਾਹੀਂ ('ਨਾਮ' ਦੀ) ਵੀਚਾਰ ਕੀਤਿਆਂ (ਭਾਵ, ਨਾਮ ਸਿਮਰਿਆਂ) 'ਨਾਮ' ਦੀ ਬਰਕਤਿ ਨਾਲ ਸਾਰੀ ਸ੍ਰਿਸ਼ਟੀ ਹਰੀ-ਭਰੀ ਹੋ ਜਾਂਦੀ ਹੈ।1।

ਮਃ ੩ ॥ ਬਾਬੀਹਾ ਇਵ ਤੇਰੀ ਤਿਖਾ ਨ ਉਤਰੈ ਜੇ ਸਉ ਕਰਹਿ ਪੁਕਾਰ ॥ ਨਦਰੀ ਸਤਿਗੁਰੁ ਪਾਈਐ ਨਦਰੀ ਉਪਜੈ ਪਿਆਰੁ ॥ ਨਾਨਕ ਸਾਹਿਬੁ ਮਨਿ ਵਸੈ ਵਿਚਹੁ ਜਾਹਿ ਵਿਕਾਰ ॥੨॥ {ਪੰਨਾ 1285}

ਪਦ ਅਰਥ:- ਇਵ—ਇਸ ਤਰ੍ਹਾਂ। ਤਿਖਾ—ਮਾਇਆ ਦੀ ਤ੍ਰਿਸ਼ਨਾ। ਸਉ—ਸੌ ਵਾਰੀ। ਕਰਹਿ ਪੁਕਾਰ—ਤੂੰ ਤਰਲੇ ਕਰੇਂ। ਨਦਰੀ—ਪਰਮਾਤਮਾ ਦੀ ਮਿਹਰ ਦੀ ਨਜ਼ਰ ਨਾਲ। ਪਾਈਐ—ਮਿਲਦਾ ਹੈ। ਉਪਜੈ—ਪੈਦਾ ਹੁੰਦਾ ਹੈ। ਮਨਿ—ਮਨ ਵਿਚ। ਜਾਹਿ—ਦੂਰ ਹੋ ਜਾਂਦੇ ਹਨ।

ਅਰਥ:- ਹੇ (ਜੀਵ-) ਪਪੀਹੇ! ਜੇ ਤੂੰ ਸੌ ਵਾਰੀ ਤਰਲੇ ਲਏਂ ਤਾਂ ਭੀ ਇਸ ਤਰ੍ਹਾਂ ਤੇਰੀ (ਮਾਇਆ ਦੀ) ਤ੍ਰਿਸ਼ਨਾ ਮਿਟ ਨਹੀਂ ਸਕਦੀ, (ਕੇਵਲ) ਪ੍ਰਭੂ ਦੀ ਮੇਹਰ ਦੀ ਨਜ਼ਰ ਨਾਲ ਹੀ ਗੁਰੂ ਮਿਲਦਾ ਹੈ, ਤੇ ਮੇਹਰ ਨਾਲ ਹੀ ਹਿਰਦੇ ਵਿਚ ਪਿਆਰ ਪੈਦਾ ਹੁੰਦਾ ਹੈ। ਹੇ ਨਾਨਕ! (ਜਦੋਂ ਆਪਣੀ ਮੇਹਰ ਨਾਲ) ਮਾਲਕ-ਪ੍ਰਭੂ (ਜੀਵ ਦੇ) ਮਨ ਵਿਚ ਆ ਵੱਸਦਾ ਹੈ ਤਾਂ (ਉਸ ਦੇ ਅੰਦਰੋਂ) ਸਾਰੇ ਵਿਕਾਰ ਨਾਸ ਹੋ ਜਾਂਦੇ ਹਨ।2।

ਪਉੜੀ ॥ ਇਕਿ ਜੈਨੀ ਉਝੜ ਪਾਇ ਧੁਰਹੁ ਖੁਆਇਆ ॥ ਤਿਨ ਮੁਖਿ ਨਾਹੀ ਨਾਮੁ ਨ ਤੀਰਥਿ ਨ੍ਹਾਇਆ ॥ ਹਥੀ ਸਿਰ ਖੋਹਾਇ ਨ ਭਦੁ ਕਰਾਇਆ ॥ ਕੁਚਿਲ ਰਹਹਿ ਦਿਨ ਰਾਤਿ ਸਬਦੁ ਨ ਭਾਇਆ ॥ ਤਿਨ ਜਾਤਿ ਨ ਪਤਿ ਨ ਕਰਮੁ ਜਨਮੁ ਗਵਾਇਆ ॥ ਮਨਿ ਜੂਠੈ ਵੇਜਾਤਿ ਜੂਠਾ ਖਾਇਆ ॥ ਬਿਨੁ ਸਬਦੈ ਆਚਾਰੁ ਨ ਕਿਨ ਹੀ ਪਾਇਆ ॥ ਗੁਰਮੁਖਿ ਓਅੰਕਾਰਿ ਸਚਿ ਸਮਾਇਆ ॥ ੧੬॥ {ਪੰਨਾ 1285}

ਪਦ ਅਰਥ:- ਧੁਰਹੁ—ਮੁੱਢ ਤੋਂ ਹੀ। ਭਦੁ—ਸਿਰ ਮੁਨਾਣਾ। ਵੇਜਾਤਿ—ਕੁਜਾਤਿ ਮਨੁੱਖ। ਆਚਾਰੁ—ਚੰਗੀ ਰੀਹਣੀ। ਓਅੰਕਾਰਿ—ਅਕਾਲ ਪੁਰਖ ਵਿਚ। ਤੀਰਥਿ—ਪ੍ਰਭੂ-ਤੀਰਥ ਉਤੇ (ਵੇਖੋ ਪਉੜੀ 18, ਸਤਰ 4)। ਉਝੜ—ਉਜਾੜ ਵਾਲੇ ਰਾਹੇ, ਜੀਵਨ ਦੇ ਗ਼ਲਤ ਰਸਤੇ ਉਤੇ। ਖੁਆਇਆ—ਸਹੀ ਰਾਹ ਤੋਂ ਖੁੰਝਾਏ ਹੋਏ ਹਨ। ਮੁਖਿ—ਮੂੰਹ ਵਿਚ। ਹਥੀ—ਹਥੀਂ, ਹੱਥਾਂ ਨਾਲ ਹੀ। ਕੁਚਿਲ—ਗੰਦੇ। ਭਾਇਆ—ਚੰਗਾ ਲੱਗਾ। ਪਤਿ—ਇੱਜ਼ਤ। ਮਨਿ ਜੂਠੈ—ਜੂਠੇ ਮਨ ਦੇ ਕਾਰਨ, ਨਾਮ-ਹੀਣ ਮਨ ਦੇ ਕਾਰਨ। ਕਿਨ ਹੀ—ਕਿਨਿ ਹੀ, ਕਿਸੇ ਨੇ ਹੀ (ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਕਿਨਿ' ਦੀ 'ਿ' ਉੱਡ ਗਈ)। ਸਚਿ—ਸਦਾ-ਥਿਰ ਪ੍ਰਭੂ ਵਿਚ।

ਅਰਥ:- ਕਈ ਬੰਦੇ (ਜੋ) ਜੈਨੀ (ਅਖਵਾਂਦੇ ਹਨ) ਪ੍ਰਭੂ ਨੇ ਔਝੜੇ ਪਾ ਕੇ ਮੁੱਢ ਤੋਂ ਹੀ ਕੁਰਾਹੇ ਪਾ ਦਿੱਤੇ ਹਨ; ਉਹਨਾਂ

ਦੇ ਮੂੰਹ ਵਿਚ ਕਦੇ ਪ੍ਰਭੂ ਦਾ ਨਾਮ ਨਹੀਂ ਆਉਂਦਾ, ਨਾਹ ਹੀ ਉਹ (ਪ੍ਰਭੂ) ਤੀਰਥ ਉਤੇ ਇਸ਼ਨਾਨ ਕਰਦੇ ਹਨ; ਉਹ ਸਿਰ ਮੁਨਾਂਦੇ ਨਹੀਂ ਹਨ; ਹੱਥਾਂ ਨਾਲ ਸਿਰ (ਦੇ ਵਾਲ) ਪੁੱਟ ਲੈਂਦੇ ਹਨ; ਦਿਨ ਰਾਤ ਗੰਦੇ ਰਹਿੰਦੇ ਹਨ; ਉਹਨਾਂ ਨੂੰ ਗੁਰ-ਸ਼ਬਦ ਚੰਗਾ ਨਹੀਂ ਲੱਗਦਾ। ਇਹ ਲੋਕ ਜਨਮ (ਵਿਅਰਥ ਹੀ) ਗਵਾਂਦੇ ਹਨ, ਕੋਈ ਕੰਮ ਐਸਾ ਨਹੀਂ ਕਰਦੇ ਜਿਸ ਤੋਂ ਚੰਗੀ ਜਾਤਿ ਦੇ ਸਮਝੇ ਜਾ ਸਕਣ ਜਾਂ ਇੱਜ਼ਤ ਪਾ ਸਕਣ; ਇਹ ਕੁਜਾਤੀ ਲੋਕ ਮਨੋਂ ਭੀ ਜੂਠੇ ਹਨ ਤੇ ਜੂਠਾ ਭੋਜਨ ਹੀ ਖਾਂਦੇ ਹਨ।

(ਹੇ ਭਾਈ!) ਗੁਰੂ ਦੇ ਸ਼ਬਦ ਤੋਂ ਬਿਨਾ ਕਿਸੇ ਨੇ ਭੀ ਚੰਗੀ ਰਹਿਣੀ ਨਹੀਂ ਲੱਭੀ। ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੈ ਉਹ ਸਦਾ-ਥਿਰ ਰਹਿਣ ਵਾਲੇ ਅਕਾਲ ਪੁਰਖ ਵਿਚ ਟਿਕਿਆ ਰਹਿੰਦਾ ਹੈ।6।

ਸਲੋਕ ਮਃ ੩ ॥ ਸਾਵਣਿ ਸਰਸੀ ਕਾਮਣੀ ਗੁਰ ਸਬਦੀ ਵੀਚਾਰਿ ॥ ਨਾਨਕ ਸਦਾ ਸੁਹਾਗਣੀ ਗੁਰ ਕੈ ਹੇਤਿ ਅਪਾਰਿ ॥੧॥ {ਪੰਨਾ 1285}

ਪਦ ਅਰਥ:- ਸਰਸੀ—ਸ-ਰਸੀ=ਰਸ ਵਾਲੀ। ਸਾਵਣਿ—ਸਾਵਣ (ਦੇ ਮਹੀਨੇ) ਵਿਚ। ਕਾਮਣੀ—ਇਸਤ੍ਰੀ, ਜੀਵ-ਇਸਤ੍ਰੀ। ਸਬਦੀ—ਸ਼ਬਦ ਦੀ ਰਾਹੀਂ। ਵੀਚਾਰਿ—ਵਿਚਾਰ ਕਰ ਕੇ। ਹੇਤਿ ਅਪਾਰਿ—ਅਪਾਰ ਹਿਤ ਦੇ ਕਾਰਨ।

ਅਰਥ:- (ਜਿਵੇਂ) ਸਾਵਣ ਦੇ ਮਹੀਨੇ ਵਿਚ (ਵਰਖਾ ਨਾਲ ਸਾਰੇ ਬੂਟੇ ਹਰੇ ਹੋ ਜਾਂਦੇ ਹਨ; ਤਿਵੇਂ) ਜੀਵ-ਇਸਤ੍ਰੀ ਸਤਿਗੁਰੂ ਦੇ ਸ਼ਬਦ ਦੀ ਰਾਹੀਂ 'ਨਾਮ' ਦੀ ਵੀਚਾਰ ਕਰ ਕੇ ('ਨਾਮ'-ਵਰਖਾ ਨਾਲ) ਰਸ ਵਾਲੀ (ਰਸੀਏ ਜੀਵਨ ਵਾਲੀ) ਹੋ ਜਾਂਦੀ ਹੈ। ਹੇ ਨਾਨਕ! ਸਤਿਗੁਰੂ ਨਾਲ ਅਪਾਰ ਪਿਆਰ ਕੀਤਿਆਂ ਜੀਵ-ਇਸਤ੍ਰੀ ਸਦਾ ਸੁਹਾਗਵਤੀ ਰਹਿੰਦੀ ਹੈ।1।

ਮਃ ੩ ॥ ਸਾਵਣਿ ਦਝੈ ਗੁਣ ਬਾਹਰੀ ਜਿਸੁ ਦੂਜੈ ਭਾਇ ਪਿਆਰੁ ॥ ਨਾਨਕ ਪਿਰ ਕੀ ਸਾਰ ਨ ਜਾਣਈ ਸਭੁ ਸੀਗਾਰੁ ਖੁਆਰੁ ॥੨॥ {ਪੰਨਾ 1285}

ਪਦ ਅਰਥ:- ਦਝੈ—ਸੜਦੀ ਹੈ। ਗੁਣ ਬਾਹਰੀ—ਗੁਣਾਂ ਤੋਂ ਸੱਖਣੀ। ਦੂਜੈ ਭਾਇ—ਦੂਜੇ ਪਾਸੇ ਵਲ, ਮਾਇਆ ਵਾਲੇ ਪਾਸੇ। ਸਾਰ—ਕਦਰ। ਜਾਣਈ—ਜਾਣਏ, ਜਾਣੈ, ਜਾਣਦੀ।

ਅਰਥ:- (ਜਿਵੇਂ) ਸਾਵਣ ਦੇ ਮਹੀਨੇ ਵਿਚ (ਮੀਂਹ ਪਿਆਂ ਹੋਰ ਤਾਂ ਸਾਰੇ ਵਣਤ੍ਰਿਣ ਹਰੇ ਹੁੰਦੇ ਹਨ, ਪਰ ਅੱਕ ਤੇ ਜਿਵਾਹ ਸੜ ਜਾਂਦੇ ਹਨ, ਜਿਵੇਂ ਨਾਮ-ਅੰਮ੍ਰਿਤ ਦੀ ਵਰਖਾ ਹੋਇਆਂ) ਗੁਣ-ਵਿਹੂਣੀ ਜੀਵ-ਇਸਤ੍ਰੀ (ਸਗੋਂ) ਸੜਦੀ ਹੈ ਕਿਉਂਕਿ ਉਸ ਦਾ ਪਿਆਰ ਦੂਜੇ ਪਾਸੇ ਹੈ। ਹੇ ਨਾਨਕ! ਇਸਤ੍ਰੀ ਨੂੰ ਪਤੀ ਦੀ ਸਾਰ ਨਹੀਂ ਪਈ, ਉਸ ਦਾ (ਹੋਰ) ਸਾਰਾ ਸਿੰਗਾਰ (ਉਸ ਨੂੰ) ਖ਼ੁਆਰ ਕਰਨ ਵਾਲਾ ਹੀ ਹੈ।2।

ਪਉੜੀ ॥ ਸਚਾ ਅਲਖ ਅਭੇਉ ਹਠਿ ਨ ਪਤੀਜਈ ॥ ਇਕਿ ਗਾਵਹਿ ਰਾਗ ਪਰੀਆ ਰਾਗਿ ਨ ਭੀਜਈ ॥ ਇਕਿ ਨਚਿ ਨਚਿ ਪੂਰਹਿ ਤਾਲ ਭਗਤਿ ਨ ਕੀਜਈ ॥ ਇਕਿ ਅੰਨੁ ਨ ਖਾਹਿ ਮੂਰਖ ਤਿਨਾ ਕਿਆ ਕੀਜਈ ॥ ਤ੍ਰਿਸਨਾ ਹੋਈ ਬਹੁਤੁ ਕਿਵੈ ਨ ਧੀਜਈ ॥ ਕਰਮ ਵਧਹਿ ਕੈ ਲੋਅ ਖਪਿ ਮਰੀਜਈ ॥ ਲਾਹਾ ਨਾਮੁ ਸੰਸਾਰਿ ਅੰਮ੍ਰਿਤੁ ਪੀਜਈ ॥ ਹਰਿ ਭਗਤੀ ਅਸਨੇਹਿ ਗੁਰਮੁਖਿ ਘੀਜਈ ॥੭॥ {ਪੰਨਾ 1285}

ਪਦ ਅਰਥ:- ਅਭੇਉ—ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ। ਪਤੀਜਈ—ਪਤੀਜਏ, ਪਤੀਜੈ, ਪਤੀਜਦਾ, ਖ਼ੁਸ਼ ਹੁੰਦਾ। ਇਕਿ—ਕਈ (ਲਫ਼ਜ਼ 'ਇਕ' ਤੋਂ ਬਹੁ-ਵਚਨ)। ਗਾਵਹਿ—ਗਾਂਦੇ ਹਨ। ਨਚਿ—ਨੱਚ ਕੇ। ਪੂਰਹਿ ਤਾਲ—ਤਾਲ ਦੇਂਦੇ ਹਨ, ਜੋੜੀ ਦੇ ਤਾਲ ਨਾਲ ਆਪਣੇ ਪੈਰਾਂ ਦਾ ਤਾਲ ਮਿਲਾਂਦੇ ਹਨ। ਕਿਵੈ—ਕਿਸੇ ਤਰ੍ਹਾਂ ਭੀ।

ਸੰਸਾਰਿ—ਸੰਸਾਰ ਵਿਚ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਪਰੀਆ—ਰਾਗਣੀਆਂ। ਧੀਜਈ—ਧੀਰਜ ਆਉਂਦੀ। ਕੈ ਲੋਅ—ਕਈ ਲੋਕਾਂ (ਧਰਤੀਆਂ) ਦੇ। ਘੀਜਈ—ਭਿੱਜਦਾ ਹੈ। ਵਧਹਿ—ਵਧਦੇ ਹਨ (ਲਫ਼ਜ਼ "ਵਧਹਿ" ਦਾ ਅਰਥ 'ਬੱਧੇ ਹਨ' ਕਰਨਾ ਗ਼ਲਤ ਹੈ। "ਵਧਹਿ" ਵਰਤਮਾਨ ਕਾਲ, ਅੱਨ ਪੁਰਖ, ਬਹੁ-ਵਚਨ ਹੈ; ਜਿਵੇਂ ਏਸੇ ਹੀ ਪਉੜੀ ਵਿਚ ਲਫ਼ਜ਼ 'ਗਾਵਹਿ', 'ਪੂਰਹਿ', 'ਖਾਹਿ' ਹਨ)। ਅਸਨੇਹਿ—ਅਸਨੇਹ ਨਾਲ, ਪਿਆਰ ਨਾਲ (ਲਫ਼ਜ਼ 'ਅਸਨੇਹਿ' ਦਾ ਅਰਥ' 'ਪਿਆਰ' ਗ਼ਲਤ ਹੈ; ਇਸੇ ਹੀ ਪਉੜੀ ਵਿਚ ਵੇਖੋ 'ਹਠਿ'—ਹਠ ਨਾਲ; 'ਰਾਗਿ'—ਰਾਗ ਨਾਲ)।

ਅਰਥ:- (ਜੀਵਾਂ ਦੇ) ਹਠ ਨਾਲ (ਭਾਵ, ਕਿਸੇ ਹਠ-ਕਰਮ ਨਾਲ) ਉਹ ਸੱਚਾ ਪ੍ਰਭੂ ਰਾਜ਼ੀ ਨਹੀਂ ਹੁੰਦਾ ਜੋ ਅਦ੍ਰਿਸ਼ਟ ਹੈ ਤੇ ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ। ਕਈ ਲੋਕ ਰਾਗ ਰਾਗਣੀਆਂ ਗਾਂਦੇ ਹਨ, ਪਰ ਪ੍ਰਭੂ ਰਾਗ ਨਾਲ ਭੀ ਨਹੀਂ ਪ੍ਰਸੰਨ ਹੁੰਦਾ; ਕਈ ਬੰਦੇ ਨੱਚ ਨੱਚ ਕੇ ਤਾਲ ਪੂਰਦੇ ਹਨ, ਪਰ (ਇਸ ਤਰ੍ਹਾਂ ਭੀ ਭਗਤੀ ਨਹੀਂ ਕੀਤੀ ਜਾ ਸਕਦੀ; ਕਈ ਮੂਰਖ ਬੰਦੇ ਅੰਨ ਨਹੀਂ ਖਾਂਦੇ, ਪਰ (ਦੱਸੋ) ਇਹਨਾਂ ਦਾ ਕੀਹ ਕੀਤਾ ਜਾਏ? (ਇਹਨਾਂ ਨੂੰ ਕਿਵੇਂ ਸਮਝਾਈਏ ਕਿ ਇਸ ਤਰ੍ਹਾਂ ਪ੍ਰਭੂ ਖ਼ੁਸ਼ ਨਹੀਂ ਕੀਤਾ ਜਾ ਸਕਦਾ)। (ਜੀਵ ਦੀ) ਵਧੀ ਹੋਈ ਤ੍ਰਿਸ਼ਨਾ (ਇਹਨਾਂ ਹਠ-ਕਰਮਾਂ ਨਾਲ) ਕਿਸੇ ਤਰ੍ਹਾਂ ਭੀ ਸ਼ਾਂਤ ਨਹੀਂ ਕੀਤੀ ਜਾ ਸਕਦੀ; ਭਾਵੇਂ ਕਈ ਹੋਰ ਧਰਤੀਆਂ (ਦੇ ਬੰਦਿਆਂ ਦੇ) ਕਰਮ-ਕਾਂਡ (ਇਥੇ) ਵਧ ਜਾਣ (ਤਾਂ ਭੀ) ਖਪ ਕੇ ਹੀ ਮਰੀਦਾ ਹੈ।

ਜਗਤ ਵਿਚ ਪ੍ਰਭੂ ਦਾ ਨਾਮ ਹੀ ਖੱਟੀ ਹੈ, ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਹੀ ਪੀਣਾ ਚਾਹੀਦਾ ਹੈ। ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪ੍ਰਭੂ ਦੀ ਬੰਦਗੀ ਨਾਲ ਤੇ ਪ੍ਰਭੂ ਦੇ ਪਿਆਰ ਨਾਲ ਭਿੱਜਦਾ ਹੈ। 17।

ਸਲੋਕ ਮਃ ੩ ॥ ਗੁਰਮੁਖਿ ਮਲਾਰ ਰਾਗੁ ਜੋ ਕਰਹਿ ਤਿਨ ਮਨੁ ਤਨੁ ਸੀਤਲੁ ਹੋਇ ॥ ਗੁਰ ਸਬਦੀ ਏਕੁ ਪਛਾਣਿਆ ਏਕੋ ਸਚਾ ਸੋਇ ॥ ਮਨੁ ਤਨੁ ਸਚਾ ਸਚੁ ਮਨਿ ਸਚੇ ਸਚੀ ਸੋਇ ॥ ਅੰਦਰਿ ਸਚੀ ਭਗਤਿ ਹੈ ਸਹਜੇ ਹੀ ਪਤਿ ਹੋਇ ॥ ਕਲਿਜੁਗ ਮਹਿ ਘੋਰ ਅੰਧਾਰੁ ਹੈ ਮਨਮੁਖ ਰਾਹੁ ਨ ਕੋਇ ॥ ਸੇ ਵਡਭਾਗੀ ਨਾਨਕਾ ਜਿਨ ਗੁਰਮੁਖਿ ਪਰਗਟੁ ਹੋਇ ॥੧॥ {ਪੰਨਾ 1285}

ਪਦ ਅਰਥ:- ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ। ਸੋਇ—ਸੋਭਾ। ਸਹਜੇ—ਸਹਜਿ, ਆਤਮਕ ਅਡੋਲਤਾ ਵਿਚ।

ਅਰਥ:- (ਆਮ ਪਰਚਲਤ ਖ਼ਿਆਲ ਇਹ ਹੈ ਕਿ ਜਦੋਂ ਕੋਈ ਮਨੁੱਖ ਮਲਾਰ ਰਾਗ ਗਾਵੇ ਤਾਂ ਘਟਾ ਆ ਜਾਂਦੀ ਹੈ ਤੇ ਮੀਂਹ ਪੈਣ ਲੱਗ ਪੈਂਦਾ ਹੈ, ਪਰ) ਜਿਹੜੇ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਮਲਾਰ ਰਾਗ ਗਾਂਦੇ ਹਨ (ਨਾਮ-ਜਲ ਦੀ ਵਰਖਾ ਨਾਲ) ਉਹਨਾਂ ਦਾ ਮਨ ਤੇ ਸਰੀਰ ਠੰਢੇ ਹੋ ਜਾਂਦੇ ਹਨ (ਭਾਵ, ਉਹਨਾਂ ਦੇ ਮਨ ਵਿਚ ਤੇ ਇੰਦ੍ਰਿਆਂ ਵਿਚ ਸ਼ਾਂਤੀ ਆ ਜਾਂਦੀ ਹੈ) ਕਿਉਂਕਿ ਸਤਿਗੁਰ ਦੇ ਸ਼ਬਦ ਦੀ ਰਾਹੀਂ ਉਹ ਉਸ ਇੱਕ ਪ੍ਰਭੂ ਨੂੰ ਪਛਾਣਦੇ ਹਨ (ਪ੍ਰਭੂ ਨਾਲ ਡੂੰਘੀ ਸਾਂਝ ਪਾਂਦੇ ਹਨ) ਜੋ ਸਦਾ ਕਾਇਮ ਰਹਿਣ ਵਾਲਾ ਹੈ। ਉਹਨਾਂ ਦਾ ਮਨ ਤੇ ਤਨ ਸੱਚੇ ਦਾ ਰੂਪ ਹੋ ਜਾਂਦਾ ਹੈ (ਭਾਵ, ਮਨ ਤੇ ਸਰੀਰ ਸੱਚੇ ਦੇ ਪ੍ਰੇਮ ਵਿਚ ਰੰਗੇ ਜਾਂਦੇ ਹਨ), ਸੱਚਾ ਪ੍ਰਭੂ ਉਹਨਾਂ ਦੇ ਮਨ ਵਿਚ ਵੱਸ ਪੈਂਦਾ ਹੈ ਤੇ ਸੱਚੇ ਦਾ ਰੂਪ ਹੋਣ ਕਰਕੇ ਉਹਨਾਂ ਦੀ ਸੋਭਾ ਸਦਾ-ਥਿਰ ਹੋ ਜਾਂਦੀ ਹੈ। ਉਹਨਾਂ ਦੇ ਅੰਦਰ ਸਦਾ-ਟਿਕਵੀਂ ਭਗਤੀ ਪੈਦਾ ਹੁੰਦੀ ਹੈ, ਸਦਾ ਆਤਮਕ ਅਡੋਲਤਾ ਵਿਚ ਟਿਕੇ ਰਹਿਣ ਦੇ ਕਾਰਨ ਉਹਨਾਂ ਨੂੰ ਇੱਜ਼ਤ ਮਿਲਦੀ ਹੈ।

ਕਲਿਜੁਗ ਵਿਚ (ਭਾਵ, ਇਸ ਵਿਕਾਰਾਂ-ਭਰੇ ਜਗਤ ਵਿਚ ਵਿਕਾਰਾਂ ਦਾ) ਘੁੱਪ ਹਨੇਰਾ ਹੈ, (ਆਪਣੇ) ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਨੂੰ (ਇਸ ਹਨੇਰੇ ਵਿਚੋਂ ਨਿਕਲਣ ਲਈ) ਰਾਹ ਨਹੀਂ ਲੱਭਦਾ।

ਹੇ ਨਾਨਕ! ਉਹ ਮਨੁੱਖ ਭਾਗਾਂ ਵਾਲੇ ਹਨ ਜਿਨ੍ਹਾਂ ਦੇ ਅੰਦਰ ਪਰਮਾਤਮਾ ਗੁਰੂ ਰਾਹੀਂ ਪਰਗਟ ਹੁੰਦਾ ਹੈ।1।

ਮਃ ੩ ॥ ਇੰਦੁ ਵਰਸੈ ਕਰਿ ਦਇਆ ਲੋਕਾਂ ਮਨਿ ਉਪਜੈ ਚਾਉ ॥ ਜਿਸ ਕੈ ਹੁਕਮਿ ਇੰਦੁ ਵਰਸਦਾ ਤਿਸ ਕੈ ਸਦ ਬਲਿਹਾਰੈ ਜਾਂਉ ॥ ਗੁਰਮੁਖਿ ਸਬਦੁ ਸਮ੍ਹ੍ਹਾਲੀਐ ਸਚੇ ਕੇ ਗੁਣ ਗਾਉ ॥ ਨਾਨਕ ਨਾਮਿ ਰਤੇ ਜਨ ਨਿਰਮਲੇ ਸਹਜੇ ਸਚਿ ਸਮਾਉ ॥੨॥ {ਪੰਨਾ 1285-1286}

ਪਦ ਅਰਥ:- ਇੰਦੁ—ਰਾਜਾ ਇੰਦਰ, (ਭਾਵ,) ਬੱਦਲ। ਕਰਿ—ਕਰ ਕੇ। ਮਨਿ—ਮਨ ਵਿਚ। ਕੈ ਹੁਕਮਿ—ਦੇ ਹੁਕਮ ਅਨੁਸਾਰ। ਜਿਸ ਕੈ—(ਸੰਬੰਧਕ 'ਕੈ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ)। ਸਦ—ਸਦਾ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਸਮ੍ਹ੍ਹਾਲੀਐ—ਹਿਰਦੇ ਵਿਚ ਸਾਂਭਿਆ ਜਾ ਸਕਦਾ ਹੈ। ਨਾਮਿ—ਵਿਚ। ਸਹਜੇ—ਸਹਜਿ, ਆਤਮਕ ਅਡੋਲਤਾ ਵਿਚ ਟਿਕ ਕੇ। ਸਚਿ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ। ਸਮਾਉ—ਲੀਨਤਾ।

ਅਰਥ:- ਜਦੋਂ ਮਿਹਰ ਕਰ ਕੇ ਇੰਦਰ ਵਰਖਾ ਕਰਦਾ ਹੈ, ਲੋਕਾਂ ਦੇ ਮਨ ਵਿਚ ਖ਼ੁਸ਼ੀ ਪੈਦਾ ਹੁੰਦੀ ਹੈ, ਪਰ ਮੈਂ ਉਸ ਪ੍ਰਭੂ ਤੋਂ ਸਦਕੇ ਜਾਂਦਾ ਹਾਂ ਜਿਸ ਦੇ ਹੁਕਮ ਨਾਲ ਇੰਦਰ ਵਰਖਾ ਕਰਦਾ ਹੈ।

ਗੁਰੂ ਦੇ ਸਨਮੁਖ ਹੋਇਆਂ ਹੀ (ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ) ਸ਼ਬਦ (ਹਿਰਦੇ ਵਿਚ) ਸੰਭਾਲਿਆ ਜਾ ਸਕਦਾ ਹੈ ਤੇ ਸਦਾ-ਥਿਰ ਹਰੀ ਦੇ ਗੁਣ ਗਾਏ ਜਾ ਸਕਦੇ ਹਨ। ਹੇ ਨਾਨਕ! ਉਹ ਮਨੁੱਖ ਪਵਿੱਤ੍ਰ ਹਨ ਜੋ ਪ੍ਰਭੂ ਦੇ ਨਾਮ ਵਿਚ ਰੰਗੇ ਹੋਏ ਹਨ, ਉਹ ਆਤਮਕ ਅਡੋਲਤਾ ਦੀ ਰਾਹੀਂ ਸਦਾ-ਥਿਰ ਪ੍ਰਭੂ ਵਿਚ ਜੁੜੇ ਰਹਿੰਦੇ ਹਨ।2।

ਪਉੜੀ ॥ ਪੂਰਾ ਸਤਿਗੁਰੁ ਸੇਵਿ ਪੂਰਾ ਪਾਇਆ ॥ ਪੂਰੈ ਕਰਮਿ ਧਿਆਇ ਪੂਰਾ ਸਬਦੁ ਮੰਨਿ ਵਸਾਇਆ ॥ ਪੂਰੈ ਗਿਆਨਿ ਧਿਆਨਿ ਮੈਲੁ ਚੁਕਾਇਆ ॥ ਹਰਿ ਸਰਿ ਤੀਰਥਿ ਜਾਣਿ ਮਨੂਆ ਨਾਇਆ ॥ ਸਬਦਿ ਮਰੈ ਮਨੁ ਮਾਰਿ ਧੰਨੁ ਜਣੇਦੀ ਮਾਇਆ ॥ ਦਰਿ ਸਚੈ ਸਚਿਆਰੁ ਸਚਾ ਆਇਆ ॥ ਪੁਛਿ ਨ ਸਕੈ ਕੋਇ ਜਾਂ ਖਸਮੈ ਭਾਇਆ ॥ ਨਾਨਕ ਸਚੁ ਸਲਾਹਿ ਲਿਖਿਆ ਪਾਇਆ ॥ ੧੮॥ {ਪੰਨਾ 1286}

ਪਦ ਅਰਥ:- ਕਰਮਿ—ਬਖ਼ਸ਼ਸ਼ ਦੁਆਰਾ। ਮੰਨਿ—ਮਨਿ, ਮਨ ਵਿਚ। ਗਿਆਨਿ—ਗਿਆਨ ਦੀ ਰਾਹੀਂ। ਜਣੇਦੀ—ਜੰਮਣ ਵਾਲੀ। ਮਾਇਆ—ਮਾਂ। ਸਲਾਹਿ—ਸਿਫ਼ਤ ਕਰ ਕੇ। ਹਰਿ ਸਰਿ—ਪ੍ਰਭੂ-ਰੂਪ ਤਲਾਬ ਵਿਚ, ਹਰਿ-ਨਾਮ (ਦੇ) ਸਰੋਵਰ ਵਿਚ। ਜਾਣਿ—ਸਮਝ ਕੇ। ਮਨੂਆ—ਸੋਹਣਾ ਮਨ। ਗਿਆਨੁ—ਆਤਮਕ ਜੀਵਨ ਦੀ ਸੂਝ, ਪਰਮਾਤਮਾ ਨਾਲ ਜਾਣ-ਪਛਾਣ। ਗਿਆਨਿ—ਪ੍ਰਭੂ ਨਾਲ ਡੂੰਘੀ ਸਾਂਝ ਦੀ ਰਾਹੀਂ। ਧਿਆਨਿ—ਅਡੋਲ ਜੁੜੀ ਸੁਰਤਿ ਦੀ ਰਾਹੀਂ। ਤੀਰਥਿ—ਤੀਰਥ ਉਤੇ। ਜਾਣਿ—ਜਾਣ ਕੇ, ਸੂਝ ਹਾਸਲ ਕਰ ਕੇ। ਸਬਦਿ—ਸ਼ਬਦ ਦੀ ਰਾਹੀਂ। ਮਾਰਿ—ਮਾਰ ਕੇ, ਵੱਸ ਵਿਚ ਲਿਆ ਕੇ। ਦਰਿ ਸਚੈ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੇ ਦਰ ਤੇ। ਸਚਿਆਰੁ—ਸੁਰਖ਼ਰੂ।

ਅਰਥ:- ਜਿਸ ਨੇ ਪੂਰੇ ਗੁਰੂ ਦਾ ਹੁਕਮ ਮੰਨਿਆ ਹੈ ਉਸ ਨੂੰ ਪੂਰਾ ਪ੍ਰਭੂ ਮਿਲ ਪੈਂਦਾ ਹੈ; ਪੂਰੇ (ਭਾਵ, ਅਭੁੱਲ) ਪ੍ਰਭੂ ਦੀ ਬਖ਼ਸ਼ਸ਼ ਨਾਲ ਪ੍ਰਭੂ ਨੂੰ ਸਿਮਰ ਕੇ ਸਿਫ਼ਤਿ-ਸਾਲਾਹ ਦੀ ਬਾਣੀ ਉਹ ਮਨੁੱਖ ਆਪਣੇ ਮਨ ਵਿਚ ਵਸਾਂਦਾ ਹੈ; ਪੂਰਨ ਆਤਮਕ ਸਮਝ ਤੇ ਅਡੋਲ ਸੁਰਤਿ ਦੀ ਬਰਕਤਿ ਨਾਲ ਉਹ ਆਪਣੇ ਮਨ ਦੀ ਮੈਲ ਦੂਰ ਕਰਦਾ ਹੈ (ਇਸ ਤਰ੍ਹਾਂ ਉਸ ਦਾ) ਸੋਹਣਾ (ਹੋਇਆ) ਮਨ ਆਤਮਕ ਜੀਵਨ ਦੀ ਸੂਝ ਹਾਸਲ ਕਰ ਕੇ ਪ੍ਰਭੂ-ਰੂਪ ਸਰੋਵਰ ਵਿਚ ਪ੍ਰਭੂ-ਰੂਪ ਤੀਰਥ ਉਤੇ ਇਸ਼ਨਾਨ ਕਰਦਾ ਹੈ।

ਉਸ ਮਨੁੱਖ ਦੀ ਮਾਂ ਭਾਗਾਂ ਵਾਲੀ ਹੈ ਜੋ ਗੁਰ-ਸ਼ਬਦ ਦੀ ਰਾਹੀਂ ਮਨ ਨੂੰ ਵੱਸ ਵਿਚ ਲਿਆ ਕੇ (ਮਾਇਆ ਦੇ ਮੋਹ ਵਲੋਂ, ਮਾਨੋ) ਮਰ ਜਾਂਦਾ ਹੈ; ਉਹ ਮਨੁੱਖ ਸੱਚੇ ਪ੍ਰਭੂ ਦੀ ਹਜ਼ੂਰੀ ਵਿਚ ਸੱਚਾ ਤੇ ਸੱਚ ਦਾ ਵਪਾਰੀ ਮੰਨਿਆ ਜਾਂਦਾ ਹੈ। ਉਸ ਮਨੁੱਖ ਦੇ ਜੀਵਨ ਤੇ ਕੋਈ ਹੋਰ ਉਂਗਲ ਨਹੀਂ ਕਰ ਸਕਦਾ ਕਿਉਂਕਿ ਉਹ ਖਸਮ-ਪ੍ਰਭੂ ਨੂੰ ਭਾ ਜਾਂਦਾ ਹੈ। ਹੇ ਨਾਨਕ!

ਸਦਾ-ਥਿਰ ਪ੍ਰਭੂ ਦੇ ਗੁਣ ਗਾ ਕੇ ਉਹ (ਸਿਫ਼ਤਿ ਸਾਲਾਹ-ਰੂਪ ਮੱਥੇ ਉਤੇ) ਲਿਖਿਆ (ਭਾਗ) ਹਾਸਲ ਕਰ ਲੈਂਦਾ ਹੈ। 18।

ਨੋਟ:- ਇਸ ਪਉੜੀ ਦੀ ਚੌਥੀ ਤੁਕ ਵਿਚ ਲਫ਼ਜ਼ 'ਹਰਿ ਸਰਿ' ਨੂੰ ਧਿਆਨ ਨਾਲ ਪੜ੍ਹੋ। ਰਾਮਕਲੀ ਰਾਗ ਦੀ ਬਾਣੀ 'ਸਦੁ' ਦੀ ਪੰਜਵੀਂ ਪਉੜੀ ਵਿਚ ਭੀ ਇਹੀ ਲਫ਼ਜ਼ ਹੈ 'ਹਰਿ ਸਰਿ ਪਾਵਏ'।

ਸਲੋਕ ਮਃ ੧ ॥ ਕੁਲਹਾਂ ਦੇਂਦੇ ਬਾਵਲੇ ਲੈਂਦੇ ਵਡੇ ਨਿਲਜ ॥ ਚੂਹਾ ਖਡ ਨ ਮਾਵਈ ਤਿਕਲਿ ਬੰਨ੍ਹੈ ਛਜ ॥ ਦੇਨ੍ਹਿ ਦੁਆਈ ਸੇ ਮਰਹਿ ਜਿਨ ਕਉ ਦੇਨਿ ਸਿ ਜਾਹਿ ॥ ਨਾਨਕ ਹੁਕਮੁ ਨ ਜਾਪਈ ਕਿਥੈ ਜਾਇ ਸਮਾਹਿ ॥ ਫਸਲਿ ਅਹਾੜੀ ਏਕੁ ਨਾਮੁ ਸਾਵਣੀ ਸਚੁ ਨਾਉ ॥ ਮੈ ਮਹਦੂਦੁ ਲਿਖਾਇਆ ਖਸਮੈ ਕੈ ਦਰਿ ਜਾਇ ॥ ਦੁਨੀਆ ਕੇ ਦਰ ਕੇਤੜੇ ਕੇਤੇ ਆਵਹਿ ਜਾਂਹਿ ॥ ਕੇਤੇ ਮੰਗਹਿ ਮੰਗਤੇ ਕੇਤੇ ਮੰਗਿ ਮੰਗਿ ਜਾਹਿ ॥੧॥ {ਪੰਨਾ 1286}

ਪਦ ਅਰਥ:- ਕੁਲਹ—ਟੋਪੀ (ਭਾਵ, ਉਹ ਸਹੇਲੀ-ਟੋਪੀ ਜੋ ਇਕ ਮੁਰਸ਼ਿਦ ਆਪਣੇ ਕਿਸੇ ਚੇਲੇ ਨੂੰ ਆਪਣੇ ਪਿੱਛੋਂ ਆਪਣੀ ਗੱਦੀ ਤੇ ਬਿਠਾਣ ਵੇਲੇ ਦੇਂਦਾ ਹੈ) (ਨੋਟ:- ਇਸ ਸ਼ਲੋਕ ਦੇ ਹੁੰਦਿਆਂ ਗੁਰੂ-ਘਰ ਵਿਚ 'ਸਹੇਲੀ-ਟੋਪੀ' ਦਾ ਰਿਵਾਜ ਦੱਸਣਾ ਨਿਰੀ ਬਣੌਟ ਹੈ)। ਤਿਕਲਿ—ਲੱਕ ਨਾਲ। ਦੁਆਈ—ਅਸੀਸਾਂ। ਸਮਾਹਿ—(ਇਥੇ ਪਾਠ 'ਸਮਾਇ' ਨਹੀਂ ਹੈ, 'ਸਮਾਇ' ਅਤੇ 'ਸਮਾਹਿ' ਵਿਚ ਫ਼ਰਕ ਸਮਝਣ-ਜੋਗ ਹੈ) ਪੈਂਦੇ ਹਨ। ਮਹਦੂਦੁ—ਹੱਦ ਵਿਚ ਲਿਆਂਦੀ ਹੋਈ ਚੀਜ਼, ਇਕ ਮੰਨਿਆ-ਪ੍ਰਮੰਨਿਆ ਪਰਵਾਨਾ। ਦਰ—(ਪੀਰਾਂ ਮੁਰਸ਼ਿਦਾਂ ਦੇ) ਦਰਵਾਜ਼ੇ। ਬਾਵਲੇ—ਮੂਰਖ। ਨਿਲਜ—ਬੇ-ਸ਼ਰਮ। ਨ ਮਾਵਈ—ਵੜ ਨਹੀਂ ਸਕਦਾ, ਨ ਮਾਵਏ, ਨ ਮਾਵੈ। ਦੇਨ੍ਹਿ—ਦੇਂਦੇ ਹਨ। ਸਿ—ਸੇ, ਉਹ ਬੰਦੇ ਭੀ। ਨ ਜਾਪਈ—ਨ ਜਾਪਏ, ਨ ਜਾਪੇ; ਸਮਝਿਆ ਨਹੀਂ ਜਾ ਸਕਦਾ। ਜਾਇ—ਜਾ ਕੇ। ਕੈ ਦਰਿ—ਦੇ ਦਰ ਤੇ।

ਅਰਥ:- ਉਹ ਲੋਕ ਮੂਰਖ ਕਮਲੇ ਹਨ ਜੋ (ਚੇਲਿਆਂ ਨੂੰ) (ਸੇਹਲੀ-) ਟੋਪੀ ਦੇਂਦੇ ਹਨ (ਤੇ ਆਪਣੇ ਆਪ ਨੂੰ ਮਸ਼ਹੂਰ ਕਰਨ ਲਈ ਆਪਣੇ ਥਾਂ ਗੱਦੀ ਦੇਂਦੇ ਹਨ; ਇਹ ਸੇਹਲੀ-ਟੋਪੀ) ਲੈਣ ਵਾਲੇ ਭੀ ਬਦੀਦ ਹਨ (ਜੋ ਨਿਰੀ ਸੇਹਲੀ-ਟੋਪੀ ਨਾਲ ਆਪਣੇ ਆਪ ਨੂੰ ਬਰਕਤਿ ਦੇਣ ਦੇ ਸਮਰੱਥ ਸਮਝ ਲੈਂਦੇ ਹਨ) (ਇਹਨਾਂ ਦੀ ਹਾਲਤ ਤਾਂ ਇਉਂ ਹੀ ਹੈ ਜਿਵੇਂ) ਚੂਹਾ (ਆਪ ਹੀ) ਖੁੱਡ ਵਿਚ ਸਮਾ (ਵੜ) ਨਹੀਂ ਸਕਦਾ, (ਤੇ ਉਤੋਂ) ਲੱਕ ਨਾਲ ਛੱਜ ਬੰਨ੍ਹ ਲੈਂਦਾ ਹੈ।

ਹੇ ਨਾਨਕ! (ਇਹੋ ਜਿਹੀਆਂ ਗੱਦੀਆਂ ਥਾਪ ਕੇ) ਜੋ ਹੋਰਨਾਂ ਨੂੰ ਅਸੀਸਾਂ ਦੇਂਦੇ ਹਨ ਉਹ ਭੀ ਮਰ ਜਾਂਦੇ ਹਨ ਤੇ ਅਸੀਸਾਂ ਲੈਣ ਵਾਲੇ ਭੀ ਮਰ ਜਾਂਦੇ ਹਨ, ਪਰ ਪਰਮਾਤਮਾ ਦੀ ਰਜ਼ਾ ਸਮਝੀ ਨਹੀਂ ਜਾ ਸਕਦੀ ਕਿ ਉਹ (ਮਰ ਕੇ) ਕਿਥੇ ਜਾ ਪੈਂਦੇ ਹਨ (ਭਾਵ, ਨਿਰੀਆਂ ਸੇਹਲੀ-ਟੋਪੀ ਤੇ ਅਸੀਸਾਂ ਪ੍ਰਭੂ ਦੀ ਹਜ਼ੂਰੀ ਵਿਚ ਕਬੂਲ ਪੈਣ ਲਈ ਕਾਫ਼ੀ ਨਹੀਂ ਹਨ; ਮੁਰਸ਼ਿਦ ਦੀ ਚੇਲੇ ਨੂੰ ਅਸੀਸ ਤੇ ਸੇਹਲੀ-ਟੋਪੀ ਜੀਵਨ ਦਾ ਸਹੀ ਰਸਤਾ ਨਹੀਂ ਹੈ)।

ਮੈਂ ਤਾਂ ਸਿਰਫ਼ 'ਨਾਮ' ਹੀ ਹਾੜੀ ਦੀ ਫ਼ਸਲ ਬਣਾਇਆ ਹੈ ਤੇ ਸੱਚਾ ਨਾਮ ਹੀ ਸਾਉਣੀ ਦੀ ਫ਼ਸਲ, (ਭਾਵ, 'ਨਾਮ' ਹੀ ਮੇਰੇ ਜੀਵਨ-ਸਫ਼ਰ ਦੀ ਪੂੰਜੀ ਹੈ), ਇਹ ਮੈਂ ਇਕ ਐਸਾ ਪਟਾ ਲਿਖਾਇਆ ਹੈ ਜੋ ਖਸਮ-ਪ੍ਰਭੂ ਦੀ ਹਜ਼ੂਰੀ ਵਿਚ ਜਾ ਅੱਪੜਦਾ ਹੈ (ਨੋਟ:- ਪੀਰ ਆਪਣੇ ਚੇਲਿਆਂ ਤੋਂ ਹਾੜੀ ਤੇ ਸਾਵਣੀ ਦੇ ਫ਼ਸਲ ਸਮੇ ਜਾ ਕੇ ਕਾਰ-ਭੇਟ ਲੈਂਦੇ ਹਨ)।

ਦੁਨੀਆ ਦੇ (ਪੀਰਾਂ ਮੁਰਸ਼ਿਦਾਂ ਦੇ ਤਾਂ) ਬੜੇ ਅੱਡੇ ਹਨ, ਕਈ ਇਥੇ ਆਉਂਦੇ ਤੇ ਜਾਂਦੇ ਹਨ; ਕਈ ਮੰਗਤੇ ਇਹਨਾਂ ਪਾਸੋਂ ਮੰਗਦੇ ਹਨ ਤੇ ਕਈ ਮੰਗ ਮੰਗ ਕੇ ਤੁਰ ਜਾਂਦੇ ਹਨ (ਪਰ ਪ੍ਰਭੂ ਦਾ 'ਨਾਮ'-ਰੂਪ ਪਟਾ ਇਹਨਾਂ ਤੋਂ ਨਹੀਂ ਮਿਲ ਸਕਦਾ)।1।

ਮਃ ੧ ॥ ਸਉ ਮਣੁ ਹਸਤੀ ਘਿਉ ਗੁੜੁ ਖਾਵੈ ਪੰਜਿ ਸੈ ਦਾਣਾ ਖਾਇ ॥ ਡਕੈ ਫੂਕੈ ਖੇਹ ਉਡਾਵੈ ਸਾਹਿ ਗਇਐ ਪਛੁਤਾਇ ॥ ਅੰਧੀ ਫੂਕਿ ਮੁਈ ਦੇਵਾਨੀ ॥ ਖਸਮਿ ਮਿਟੀ ਫਿਰਿ ਭਾਨੀ ॥ ਅਧੁ ਗੁਲ੍ਹਾ ਚਿੜੀ

ਕਾ ਚੁਗਣੁ ਗੈਣਿ ਚੜੀ ਬਿਲਲਾਇ ॥ ਖਸਮੈ ਭਾਵੈ ਓਹਾ ਚੰਗੀ ਜਿ ਕਰੇ ਖੁਦਾਇ ਖੁਦਾਇ ॥ ਸਕਤਾ ਸੀਹੁ ਮਾਰੇ ਸੈ ਮਿਰਿਆ ਸਭ ਪਿਛੈ ਪੈ ਖਾਇ ॥ ਹੋਇ ਸਤਾਣਾ ਘੁਰੈ ਨ ਮਾਵੈ ਸਾਹਿ ਗਇਐ ਪਛੁਤਾਇ ॥ ਅੰਧਾ ਕਿਸ ਨੋ ਬੁਕਿ ਸੁਣਾਵੈ ॥ ਖਸਮੈ ਮੂਲਿ ਨ ਭਾਵੈ ॥ ਅਕ ਸਿਉ ਪ੍ਰੀਤਿ ਕਰੇ ਅਕ ਤਿਡਾ ਅਕ ਡਾਲੀ ਬਹਿ ਖਾਇ ॥ ਖਸਮੈ ਭਾਵੈ ਓਹੋ ਚੰਗਾ ਜਿ ਕਰੇ ਖੁਦਾਇ ਖੁਦਾਇ ॥ ਨਾਨਕ ਦੁਨੀਆ ਚਾਰਿ ਦਿਹਾੜੇ ਸੁਖਿ ਕੀਤੈ ਦੁਖੁ ਹੋਈ ॥ ਗਲਾ ਵਾਲੇ ਹੈਨਿ ਘਣੇਰੇ ਛਡਿ ਨ ਸਕੈ ਕੋਈ ॥ ਮਖੀ ਮਿਠੈ ਮਰਣਾ ॥ ਜਿਨ ਤੂ ਰਖਹਿ ਤਿਨ ਨੇੜਿ ਨ ਆਵੈ ਤਿਨ ਭਉ ਸਾਗਰੁ ਤਰਣਾ ॥੨॥ {ਪੰਨਾ 1286}

ਪਦ ਅਰਥ:- ਸਉ ਮਣੁ, ਪੰਜਿ ਸੈ (ਮਣ)—(ਭਾਵ,) ਬਹੁਤ ਸਾਰਾ, ਕਈ ਮਣਾਂ। ਡਕੈ—ਡਕਾਰਦਾ ਹੈ। ਫੂਕੈ—ਫੂਕਾਂ ਮਾਰਦਾ ਹੈ, ਸ਼ੂਕਦਾ ਹੈ। ਸਾਹਿ ਗਇਐ—ਜਦੋਂ ਜਿੰਦ ਨਿਕਲ ਜਾਂਦੀ ਹੈ। ਪਛੁਤਾਇ—(ਭਾਵ,) ਉਹ ਡਕਾਰਨਾ ਸ਼ੂਕਣਾ ਮਿਟ ਜਾਂਦਾ ਹੈ। ਫੂਕਿ—ਫੂਕਾਂ ਮਾਰ ਕੇ, (ਭਾਵ,) ਅਹੰਕਾਰ ਵਿਚ। ਮਿਟੀ—ਸਮਾਈ। ਭਾਨੀ—ਚੰਗੀ ਲੱਗੀ। ਗੁਲ੍ਹਾ—ਗੁੱਲੀ। ਗੈਣਿ—ਆਕਾਸ਼ ਵਿਚ। ਸਕਤਾ—ਬਲਵਾਨ। ਸੀਹੁ—ਸ਼ੇਰ। ਮਿਰਿਆ—ਮਿਰਗਾਂ ਨੂੰ। ਸਤਾਣਾ—ਤਕੜਾ। ਘੁਰੈ—ਘੁਰਨੇ ਵਿਚ। ਬੁਕਿ—ਬੁੱਕ ਕੇ, ਗੱਜ ਕੇ। ਓਹਾ—ਉਹ ਚਿੜੀ ਹੀ। ਓਹੋ—ਉਹ ਅੱਕ-ਤਿੱਡਾ ਹੀ ('ਓਹਾ' ਇਸਤ੍ਰੀ ਲਿੰਗ ਹੈ ਤੇ 'ਓਹੋ' ਪੁਲਿੰਗ ਹੈ)। ਸੁਖਿ ਕੀਤੈ—ਮੌਜ ਮਾਣਿਆਂ। ਮਖੀ—ਮੱਖੀਆਂ ਨੇ। ਮਿਠੈ—ਮਿਠਾਸ ਵਿਚ। ਕਿਸ ਨੋ—(ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਕਿਸੁ' ਦਾ ੁ ਉੱਡ ਗਿਆ ਹੈ)। ਭਉ ਸਾਗਰੁ—ਸੰਸਾਰ-ਸਮੁੰਦਰ। ਪਿਛੈ ਪੈ—ਪਿੱਛੇ ਤੁਰ ਕੇ। ਖਾਇ—ਖਾਂਦੀ ਹੈ। ਸੈ—ਸੈਂਕੜੇ।

ਅਰਥ:- ਹਾਥੀ ਕਿਤਨਾ ਹੀ ਘਿਉ ਗੁੜ ਤੇ ਕਈ ਮਣਾਂ ਦਾਣਾ ਖਾਂਦਾ ਹੈ; (ਰੱਜ ਕੇ) ਡਕਾਰਦਾ ਹੈ, ਸ਼ੂਕਦਾ ਹੈ, ਮਿੱਟੀ (ਸੁੰਡ ਨਾਲ) ਉਡਾਂਦਾ ਹੈ, ਪਰ ਜਦੋਂ ਸਾਹ ਨਿਕਲ ਜਾਂਦਾ ਹੈ ਤਾਂ ਉਸ ਦਾ ਡਕਾਰਨਾ ਸ਼ੂਕਣਾ ਮੁੱਕ ਜਾਂਦਾ ਹੈ। (ਧਨ-ਪਦਾਰਥ ਦੇ ਮਾਣ ਵਿਚ) ਅੰਨ੍ਹੀ ਤੇ ਕਮਲੀ (ਹੋਈ ਦੁਨੀਆ ਭੀ ਹਾਥੀ ਵਾਂਘ) ਫੂਕਰਾਂ ਮਾਰ ਕੇ ਮਰਦੀ ਹੈ: (ਆਤਮਕ ਮੌਤ ਸਹੇੜਦੀ ਹੈ)। ਜੇ (ਅਹੰਕਾਰ ਗਵਾ ਕੇ) ਖਸਮ ਵਿਚ ਸਮਾਏ ਤਾਂ ਹੀ ਖਸਮ ਨੂੰ ਭਾਉਂਦੀ ਹੈ।

ਚਿੜੀ ਦੀ ਚੋਗ ਹੈ ਅੱਧਾ ਦਾਣਾ (ਭਾਵ, ਬਹੁਤ ਥੋੜ੍ਹੀ ਜਿਹੀ), (ਇਹ ਥੋੜ੍ਹੀ ਜਿਹੀ ਚੋਗ ਚੁਗ ਕੇ) ਉਹ ਆਕਾਸ਼ ਵਿਚ ਉੱਡਦੀ ਹੈ ਤੇ ਬੋਲਦੀ ਹੈ; ਜੇ ਜੋ ਉਹ ਮਾਲਕ-ਪ੍ਰਭੂ ਨੂੰ ਯਾਦ ਕਰਦੀ ਹੈ ਤੇ ਉਸ ਨੂੰ ਭਾਉਂਦੀ ਹੈ ਤਾਂ ਉਹ ਚਿੜੀ ਹੀ ਚੰਗੀ ਹੈ (ਡਕਾਰਨ ਤੇ ਫੂਕਰਾਂ ਮਾਰਨ ਵਾਲੇ ਹਾਥੀ ਨਾਲੋਂ ਇਹ ਨਿੱਕੀ ਜਿਹੀ ਚਿੜੀ ਚੰਗੀ ਹੈ)।

ਇਕ ਬਲੀ ਸ਼ੇਰ ਸੈਂਕੜੇ ਮਿਰਗਾਂ ਨੂੰ ਮਾਰਦਾ ਹੈ, ਉਸ ਸ਼ੇਰ ਦੇ ਪਿੱਛੇ ਕਈ ਹੋਰ ਜੰਗਲੀ ਪਸ਼ੂ ਭੀ ਪੇਟ ਭਰਦੇ ਹਨ; ਤਾਕਤ ਦੇ ਮਾਣ ਵਿਚ ਉਹ ਸ਼ੇਰ ਆਪਣੇ ਘੁਰਨੇ ਵਿਚ ਨਹੀਂ ਸਮਾਂਦਾ, ਪਰ ਜਦੋਂ ਉਸ ਦਾ ਸਾਹ ਨਿਕਲ ਜਾਂਦਾ ਹੈ ਤਾਂ ਉਸ ਦਾ ਬੁੱਕਣਾ ਮੁੱਕ ਜਾਂਦਾ ਹੈ। ਉਹ ਅੰਨ੍ਹਾ ਕਿਸ ਨੂੰ ਬੁੱਕ ਬੁੱਕ ਕੇ ਸੁਣਾਂਦਾ ਹੈ? ਖਸਮ-ਪ੍ਰਭੂ ਨੂੰ ਤਾਂ ਉਸ ਦਾ ਬੁੱਕਣਾ ਚੰਗਾ ਨਹੀਂ ਲੱਗਦਾ। (ਇਸ ਸ਼ੇਰ ਦੇ ਟਾਕਰੇ ਤੇ, ਵੇਖੋ,) ਅੱਕ-ਤਿੱਡਾ ਅੱਕ ਨਾਲ ਪਿਆਰ ਕਰਦਾ ਹੈ, ਅੱਕ ਦੀ ਡਾਲੀ ਉਤੇ ਬੈਠ ਕੇ ਅੱਕ ਹੀ ਖਾਂਦਾ ਹੈ; ਪਰ ਜੇ ਉਹ ਮਾਲਕ-ਪ੍ਰਭੂ ਨੂੰ ਯਾਦ ਕਰਦਾ ਹੈ ਤੇ ਉਸ ਨੂੰ ਭਾਉਂਦਾ ਹੈ ਤਾਂ (ਬੁੱਕ ਬੁੱਕ ਕੇ ਹੋਰਨਾਂ ਨੂੰ ਡਰਾਣ ਵਾਲੇ ਸ਼ੇਰ ਨਾਲੋਂ) ਉਹ ਅੱਕ-ਤਿੱਡਾ ਹੀ ਚੰਗਾ ਹੈ।

ਹੇ ਨਾਨਕ! ਦੁਨੀਆ (ਵਿਚ ਜੀਉਣ) ਚਾਰ ਦਿਨਾਂ ਦਾ ਹੈ, ਇਥੇ ਮੌਜ ਮਾਣਿਆਂ ਦੁੱਖ ਹੀ ਨਿਕਲਦਾ ਹੈ, (ਇਹ ਦੁਨੀਆ ਦੀ ਮਿਠਾਸ ਐਸੀ ਹੈ ਕਿ ਜ਼ਬਾਨੀ ਗਿਆਨ ਦੀਆਂ) ਗੱਲਾਂ ਕਰਨ ਵਾਲੇ ਤਾਂ ਬੜੇ ਹਨ ਪਰ (ਇਸ ਮਿਠਾਸ ਨੂੰ) ਕੋਈ ਛੱਡ ਨਹੀਂ ਸਕਦਾ।

ਮੱਖੀਆਂ ਇਸ ਮਿਠਾਸ ਉਤੇ ਮਰਦੀਆਂ ਹਨ। ਪਰ, ਹੇ ਪ੍ਰਭੂ! ਜਿਨ੍ਹਾਂ ਨੂੰ ਤੂੰ ਬਚਾਏਂ ਉਹਨਾਂ ਦੇ ਇਹ ਮਿਠਾਸ ਨੇੜੇ ਨਹੀਂ ਢੁਕਦੀ, ਉਹ ਸੰਸਾਰ-ਸਮੁੰਦਰ ਤੋਂ (ਸਾਫ਼) ਤਰ ਕੇ ਲੰਘ ਜਾਂਦੇ ਹਨ।2।

ਪਉੜੀ ॥ ਅਗਮ ਅਗੋਚਰੁ ਤੂ ਧਣੀ ਸਚਾ ਅਲਖ ਅਪਾਰੁ ॥ ਤੂ ਦਾਤਾ ਸਭਿ ਮੰਗਤੇ ਇਕੋ ਦੇਵਣਹਾਰੁ ॥ ਜਿਨੀ ਸੇਵਿਆ ਤਿਨੀ ਸੁਖੁ ਪਾਇਆ ਗੁਰਮਤੀ ਵੀਚਾਰੁ ॥ ਇਕਨਾ ਨੋ ਤੁਧੁ ਏਵੈ ਭਾਵਦਾ ਮਾਇਆ ਨਾਲਿ ਪਿਆਰੁ ॥ ਗੁਰ ਕੈ ਸਬਦਿ ਸਲਾਹੀਐ ਅੰਤਰਿ ਪ੍ਰੇਮ ਪਿਆਰੁ ॥ ਵਿਣੁ ਪ੍ਰੀਤੀ ਭਗਤਿ ਨ ਹੋਵਈ ਵਿਣੁ ਸਤਿਗੁਰ ਨ ਲਗੈ ਪਿਆਰੁ ॥ ਤੂ ਪ੍ਰਭੁ ਸਭਿ ਤੁਧੁ ਸੇਵਦੇ ਇਕ ਢਾਢੀ ਕਰੇ ਪੁਕਾਰ ॥ ਦੇਹਿ ਦਾਨੁ ਸੰਤੋਖੀਆ ਸਚਾ ਨਾਮੁ ਮਿਲੈਆਧਾਰੁ ॥੧੯॥ {ਪੰਨਾ 1286}

ਪਦ ਅਰਥ:- ਅਗੋਚਰੁ—(ਗੋ-ਇੰਦ੍ਰੇ। ਚਰੁ—ਪਹੁੰਚ। ਗੋਚਰੁ—ਜਿਸ ਤਕ ਇੰਦ੍ਰਿਆਂ ਦੀ ਪਹੁੰਚ ਹੋ ਸਕੇ) ਜਿਸ ਤਕ ਇੰਦ੍ਰਿਆਂ ਦੀ ਪਹੁੰਚ ਨਾਹ ਹੋ ਸਕੇ। ਧਣੀ—ਮਾਲਕ। ਵੀਚਾਰੁ—ਸਮਝ। ਇਕਨਾ ਨੋ—ਕਈ ਜੀਵਾਂ ਨੂੰ। ਇਕ ਪੁਕਾਰ—ਇਕ ਇਹੀ ਅਰਜ਼ੋਈ। ਸੰਤੋਖੀਆ—ਮੈਂ ਸੰਤੋਖੀ ਹੋ ਜਾਵਾਂ। ਆਧਾਰੁ—ਆਸਰਾ। ਸਭਿ—ਸਾਰੇ। ਏਵੈ ਭਾਵਦਾ—ਇਉਂ ਹੀ ਚੰਗਾ ਲੱਗਦਾ ਹੈ। ਤੁਧੁ—ਤੈਨੂੰ।

ਅਰਥ:- ਹੇ ਪ੍ਰਭੂ! ਤੂੰ ਅਪਹੁੰਚ ਹੈਂ, ਤੂੰ (ਮਾਨੁੱਖੀ) ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈਂ, ਤੂੰ ਸਭ ਦਾ ਮਾਲਕ ਹੈਂ ਸਦਾ-ਥਿਰ ਹੈਂ, ਅਦ੍ਰਿਸ਼ਟ ਹੈਂ ਤੇ ਬੇਅੰਤ ਹੈਂ। ਸਾਰੇ ਜੀਵ ਮੰਗਤੇ ਹਨ ਤੂੰ ਦਾਤਾ ਹੈਂ, ਤੂੰ ਇਕੋ ਹੀ ਸਭ ਨੂੰ ਦੇਣ-ਜੋਗਾ ਹੈਂ।

ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਮਤਿ ਦੀ ਰਾਹੀਂ (ਉੱਚੀ) ਸਮਝ ਹਾਸਲ ਕਰ ਕੇ ਤੈਨੂੰ ਸਿਮਰਿਆ ਹੈ ਉਹਨਾਂ ਨੇ ਸੁਖ ਪ੍ਰਾਪਤ ਕੀਤਾ ਹੈ; ਪਰ, ਹੇ ਪ੍ਰਭੂ! ਕਈ ਜੀਵਾਂ ਨੂੰ ਤੂੰ ਮਾਇਆ ਨਾਲ ਪਿਆਰ ਕਰਨਾ ਹੀ ਦਿੱਤਾ ਹੈ, ਤੈਨੂੰ ਇਉਂ ਹੀ ਚੰਗਾ ਲੱਗਦਾ ਹੈ।

ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹਿਰਦੇ ਵਿਚ ਪ੍ਰੇਮ-ਪਿਆਰ ਪੈਦਾ ਕਰ ਕੇ ਹੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕੀਤੀ ਜਾ ਸਕਦੀ ਹੈ; ਪ੍ਰੇਮ ਤੋਂ ਬਿਨਾ ਬੰਦਗੀ ਨਹੀਂ ਹੋ ਸਕਦੀ, ਤੇ ਪ੍ਰੇਮ ਸਤਿਗੁਰੂ ਤੋਂ ਬਿਨਾ ਨਹੀਂ ਮਿਲਦਾ।

ਤੂੰ ਸਭ ਦਾ ਮਾਲਕ ਹੈਂ, ਸਾਰੇ ਜੀਵ ਤੈਨੂੰ ਹੀ ਸਿਮਰਦੇ ਹਨ; ਮੈਂ (ਤੇਰਾ) ਢਾਢੀ (ਤੇਰੇ ਅੱਗੇ) ਇਕ ਇਹੀ ਅਰਜ਼ੋਈ ਕਰਦਾ ਹਾਂ—ਹੇ ਪ੍ਰਭੂ! ਮੈਨੂੰ ਆਪਣਾ 'ਨਾਮ' ਬਖ਼ਸ਼, ਮੈਨੂੰ ਤੇਰਾ ਸਦਾ ਕਾਇਮ ਰਹਿਣ ਵਾਲਾ ਨਾਮ ਹੀ (ਜ਼ਿੰਦਗੀ ਦਾ) ਆਸਰਾ ਮਿਲੇ, (ਜਿਸ ਦੀ ਬਰਕਤਿ ਨਾਲ) ਮੈਂ ਸੰਤੋਖ ਵਾਲਾ ਹੋ ਜਾਵਾਂ। 19।

ਸਲੋਕ ਮਃ ੧ ॥ ਰਾਤੀ ਕਾਲੁ ਘਟੈ ਦਿਨਿ ਕਾਲੁ ॥ ਛਿਜੈ ਕਾਇਆ ਹੋਇ ਪਰਾਲੁ ॥ ਵਰਤਣਿ ਵਰਤਿਆ ਸਰਬ ਜੰਜਾਲੁ ॥ ਭੁਲਿਆ ਚੁਕਿ ਗਇਆ ਤਪ ਤਾਲੁ ॥ ਅੰਧਾ ਝਖਿ ਝਖਿ ਪਇਆ ਝੇਰਿ ॥ ਪਿਛੈ ਰੋਵਹਿ ਲਿਆਵਹਿ ਫੇਰਿ ॥ ਬਿਨੁ ਬੂਝੇ ਕਿਛੁ ਸੂਝੈ ਨਾਹੀ ॥ ਮੋਇਆ ਰੋਂਹਿ ਰੋਂਦੇ ਮਰਿ ਜਾਂਹੀ ॥ ਨਾਨਕ ਖਸਮੈ ਏਵੈ ਭਾਵੈ ॥ ਸੇਈ ਮੁਏ ਜਿਨ ਚਿਤਿ ਨ ਆਵੈ ॥੧॥ {ਪੰਨਾ 1287}

ਪਦ ਅਰਥ:- ਰਾਤੀ ਦਿਨਿ—ਰਾਤਿ ਤੇ ਦਿਨ ਦੀ ਰਾਹੀਂ; (ਭਾਵ) ਜਿਉਂ ਜਿਉਂ ਦਿਨ ਰਾਤਿ ਬੀਤਦੇ ਹਨ। ਕਾਲੁ—ਜ਼ਿੰਦਗੀ ਦਾ ਸਮਾ। ਕਾਇਆ—ਸਰੀਰ। ਛਿਜੈ—ਪੁਰਾਣਾ ਹੋ ਰਿਹਾ ਹੈ, ਬਿਰਧ ਹੋ ਰਿਹਾ ਹੈ। ਪਰਾਲੁ—ਪਰਾਲੀ ਵਾਂਗ ਫੋਕਾ ਕਮਜ਼ੋਰ। ਵਰਤਣਿ—ਜਗਤ ਦਾ ਵਰਤਣ-ਵਲੇਵਾ। ਜੰਜਾਲੁ—ਫਾਹੀ। ਤਪ ਤਾਲੁ—ਤਪ ਦੀ ਜਾਚ, ਬੰਦਗੀ ਦਾ ਵੱਲ। ਝੇਰਿ—ਝੇੜੇ ਵਿਚ, ਗੇੜ ਵਿਚ। ਲਿਆਵਹਿ ਫੇਰਿ—ਮੋੜ ਲਿਆਈਏ। ਰੋਂਹਿ—ਰੋਂਦੇ ਹਨ। ਮਰਿ ਜਾਂਹੀ—ਖਪਦੇ ਹਨ।

ਅਰਥ:- ਜਿਉਂ ਜਿਉਂ ਰਾਤਿ ਦਿਨ ਬੀਤਦੇ ਹਨ ਉਮਰ ਦਾ ਸਮਾ ਘਟਦਾ ਹੈ, ਸਰੀਰ ਬੁੱਢਾ ਹੁੰਦਾ ਜਾਂਦਾ ਹੈ ਤੇ ਕਮਜ਼ੋਰ ਪੈਂਦਾ ਜਾਂਦਾ ਹੈ; ਜਗਤ ਦਾ ਵਰਤਣਿ-ਵਲੇਵਾ (ਜੀਵ ਲਈ) ਸਾਰਾ ਫਾਹੀ ਬਣਦਾ ਜਾਂਦਾ ਹੈ (ਇਸ ਵਿਚ) ਭੁੱਲੇ ਹੋਏ ਨੂੰ ਬੰਦਗੀ ਦੀ ਜਾਚ ਵਿੱਸਰ ਜਾਂਦੀ ਹੈ। (ਜਗਤ ਦੇ ਵਰਤਣਿ-ਵਲੇਵੇ ਵਿਚ) ਅੰਨ੍ਹਾ ਹੋਇਆ ਜੀਵ (ਇਸ ਵਿਚ) ਝਖਾਂ ਮਾਰ ਮਾਰ ਕੇ (ਕਿਸੇ ਲੰਮੇ) ਝੰਬੇਲੇ ਵਿਚ ਜਾ ਪੈਂਦਾ ਹੈ, ਤੇ, (ਉਸ ਦੇ ਮਰਨ) ਪਿਛੋਂ (ਉਸ ਦੇ ਸਨਬੰਧੀ) ਰੋਂਦੇ ਹਨ (ਤੇ ਵੈਣ ਕਰਦੇ ਹਨ ਕਿ ਉਸ ਨੂੰ ਕਿਵੇਂ) ਮੋੜ ਲਿਆਈਏ।

ਸਮਝਣ ਤੋਂ ਬਿਨਾ ਜਗਤ ਨੂੰ (ਵਰਤਣਿ-ਵਲੇਵੇ ਵਿਚ) ਕੁਝ ਸੁੱਝਦਾ ਨਹੀਂ; (ਮਰਨ ਵਾਲਾ ਤਾਂ) ਮਰ ਗਿਆ, (ਪਿਛਲੇ) ਰੋਂਦੇ ਹਨ ਤੇ ਰੋ ਰੋ ਕੇ ਖਪਦੇ ਹਨ। ਪਰ, ਹੇ ਨਾਨਕ! ਖਸਮ ਪ੍ਰਭੂ ਨੂੰ ਇਉਂ ਹੀ ਚੰਗਾ ਲੱਗਦਾ ਹੈ (ਕਿ ਜੀਵ ਇਸੇ ਤਰ੍ਹਾਂ ਪਏ ਖਪਣ)।

(ਅਸਲ ਵਿਚ) ਆਤਮਕ ਮੌਤੇ ਮਰੇ ਹੋਏ ਉਹੀ ਹਨ ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਨਹੀਂ ਵੱਸਦਾ।

ਮਃ ੧ ॥ ਮੁਆ ਪਿਆਰੁ ਪ੍ਰੀਤਿ ਮੁਈ ਮੁਆ ਵੈਰੁ ਵਾਦੀ ॥ ਵੰਨੁ ਗਇਆ ਰੂਪੁ ਵਿਣਸਿਆ ਦੁਖੀ ਦੇਹ ਰੁਲੀ ॥ ਕਿਥਹੁ ਆਇਆ ਕਹ ਗਇਆ ਕਿਹੁ ਨ ਸੀਓ ਕਿਹੁ ਸੀ ॥ ਮਨਿ ਮੁਖਿ ਗਲਾ ਗੋਈਆ ਕੀਤਾ ਚਾਉ ਰਲੀ ॥ ਨਾਨਕ ਸਚੇ ਨਾਮ ਬਿਨੁ ਸਿਰ ਖੁਰ ਪਤਿ ਪਾਟੀ ॥੨॥ {ਪੰਨਾ 1287}

ਪਦ ਅਰਥ:- ਵਾਦੀ—ਵਾਦ ਕਰਨ ਵਾਲਾ, (ਵਾਦੁ—ਝਗੜਾ) ਝਗੜਿਆਂ ਦਾ ਮੂਲ (ਜਿਵੇਂ 'ਧਨ' ਤੋਂ 'ਧਨੀ')। ਵੰਨੁ—ਰੰਗ। ਦੁਖੀ ਦੇਹ—ਵਿਚਾਰਾ ਸਰੀਰ। ਕਹ—ਕਿਥੇ? ਕਿਹੁ ਨ ਸੀਓ—ਇਹ ਕੁਝ ਉਹ ਨਹੀਂ ਸੀ। ਮਨਿ—ਮਨ ਵਿਚ। ਮੁਖਿ—ਮੂੰਹ ਨਾਲ। ਗੋਈਆ—ਆਖੀਆਂ। ਰਲੀ—ਰਲੀਆਂ। ਸਿਰ ਖੁਰ—ਸਿਰ ਤੋਂ ਪੈਰਾਂ ਤਕ, ਸਾਰੀ ਦੀ ਸਾਰੀ। ਪਤਿ—ਇੱਜ਼ਤ। (ਨੋਟ:- ਇਉਂ ਮਲੂਮ ਹੁੰਦਾ ਹੈ ਕਿ ਇਹ ਸ਼ਲੋਕ ਉਚਾਰਨ ਵੇਲੇ ਗੁਰੂ ਨਾਨਕ ਸਾਹਿਬ ਦੇ ਸਾਹਮਣੇ ਅਜੇ ਐਮਨਾਬਾਦ ਦੀ ਕਤਲਾਮ ਦੀ ਘਟਨਾ ਤਾਜ਼ਾ ਸੀ, ਜਿਥੇ ਇਸਤ੍ਰੀਆਂ ਦੀ ਬੇ-ਪਤੀ ਬਾਰੇ ਉਹਨਾਂ ਇਹ ਦਰਦ-ਭਰੇ ਬਚਨ ਉਚਾਰੇ ਸਨ—'ਇਕਨ੍ਹਾ ਪੇਰਣ ਸਿਰਖੁਰ ਪਾਟੇ ਇਕਨ੍ਹਾ ਵਾਸੁ ਮਸਾਣੀ')।

ਅਰਥ:- (ਜਦੋਂ ਮਨੁੱਖ ਮਰ ਜਾਂਦਾ ਹੈ ਤਾਂ ਉਸ ਦਾ ਉਹ) ਪ੍ਰੀਤ-ਪਿਆਰ ਮੁੱਕ ਜਾਂਦਾ ਹੈ (ਜੋ ਉਹ ਆਪਣੇ ਸਨਬੰਧੀਆਂ ਨਾਲ ਕਰਦਾ ਸੀ) ਝਗੜਿਆਂ ਦਾ ਮੂਲ ਵੈਰ ਭੀ ਖ਼ਤਮ ਹੋ ਜਾਂਦਾ ਹੈ; (ਸਰੀਰ ਦਾ ਸੋਹਣਾ) ਰੰਗ ਰੂਪ ਨਾਸ ਹੋ ਜਾਂਦਾ ਹੈ, ਵਿਚਾਰਾ ਸਰੀਰ ਭੀ ਰੁਲ ਜਾਂਦਾ ਹੈ (ਅੱਗ ਜਾਂ ਮਿੱਟੀ ਆਦਿਕ ਦੇ ਹਵਾਲੇ ਹੋ ਜਾਂਦਾ ਹੈ)। (ਉਸ ਦੇ ਸਨਬੰਧੀ ਤੇ ਭਾਈਚਾਰੇ ਦੇ ਬੰਦੇ) ਮਨ ਵਿਚ (ਖ਼ਿਆਲ ਕਰਦੇ ਹਨ) ਤੇ ਮੂੰਹੋਂ ਗੱਲਾਂ ਕਰਦੇ ਹਨ ਕਿ ਉਹ ਕਿਥੋਂ ਆਇਆ ਸੀ ਕਿਥੇ ਤੁਰ ਗਿਆ (ਭਾਵ, ਜਿਥੋਂ ਆਇਆ ਸੀ ਓਥੇ ਚਲਾ ਗਿਆ) ਉਹ ਇਹੋ ਜਿਹਾ ਨਹੀਂ ਸੀ ਤੇ ਇਹੋ ਜਿਹਾ ਹੈਸੀ (ਭਾਵ ਉਸ ਵਿਚ ਫਲਾਣੇ ਐਬ ਨਹੀਂ ਸਨ, ਤੇ, ਉਸ ਵਿਚ ਫਲਾਣੇ ਗੁਣ ਸਨ), ਉਹ ਬੜੇ ਚਾਉ ਤੇ ਰਲੀਆਂ ਮਾਣ ਗਿਆ ਹੈ।

ਪਰ, ਹੇ ਨਾਨਕ! (ਲੋਕ ਜੋ ਚਾਹੇ ਆਖੇ) ਪਰਮਾਤਮਾ ਦੇ ਨਾਮ ਤੋਂ ਬਿਨਾ (ਲੋਕਾਂ ਵਲੋਂ ਹੋਈ ਹੋਈ) ਸਾਰੀ ਦੀ ਸਾਰੀ ਇੱਜ਼ਤ ਲੀਰਾਂ ਹੋ ਗਈ (ਸਮਝੋ)।2।

ਪਉੜੀ ॥ ਅੰਮ੍ਰਿਤ ਨਾਮੁ ਸਦਾ ਸੁਖਦਾਤਾ ਅੰਤੇ ਹੋਇ ਸਖਾਈ ॥ ਬਾਝੁ ਗੁਰੂ ਜਗਤੁ ਬਉਰਾਨਾ ਨਾਵੈ ਸਾਰ ਨ ਪਾਈ ॥ ਸਤਿਗੁਰੁ ਸੇਵਹਿ ਸੇ ਪਰਵਾਣੁ ਜਿਨ੍ਹ ਜੋਤੀ ਜੋਤਿ ਮਿਲਾਈ ॥ ਸੋ ਸਾਹਿਬੁ ਸੋ ਸੇਵਕੁ ਤੇਹਾ ਜਿਸੁ ਭਾਣਾ ਮੰਨਿ ਵਸਾਈ ॥ ਆਪਣੈ ਭਾਣੈ ਕਹੁ ਕਿਨਿ ਸੁਖੁ ਪਾਇਆ ਅੰਧਾ ਅੰਧੁ ਕਮਾਈ ॥ ਬਿਖਿਆ ਕਦੇ ਹੀ ਰਜੈ ਨਾਹੀ ਮੂਰਖ ਭੁਖ ਨ ਜਾਈ ॥ ਦੂਜੈ ਸਭੁ ਕੋ ਲਗਿ ਵਿਗੁਤਾ ਬਿਨੁ ਸਤਿਗੁਰ ਬੂਝ ਨ ਪਾਈ ॥ ਸਤਿਗੁਰੁ ਸੇਵੇ ਸੋ ਸੁਖੁ ਪਾਏ ਜਿਸ ਨੋ ਕਿਰਪਾ ਕਰੇ ਰਜਾਈ ॥੨੦॥ {ਪੰਨਾ 1287}

ਪਦ ਅਰਥ:- ਸਖਾਈ—ਸਖਾ, ਮਿੱਤਰ। ਬਉਰਾਨਾ—ਕਮਲਾ ਜਿਹਾ। ਸਾਰ—ਕਦਰ, ਸੂਝ। ਜੋਤਿ—ਜਿੰਦ, ਸੁਰਤਿ। ਮੰਨਿ—ਮਨ ਵਿਚ। ਕਹੁ ਕਿਨਿ—ਦੱਸ, ਕਿਸ ਨੇ? (ਭਾਵ) ਕਿਸੇ ਨੇ ਨਹੀਂ। ਅੰਧੁ—ਅੰਨ੍ਹ-ਪੁਣਾ, ਅੰਨ੍ਹਿਆਂ ਵਾਲਾ ਕੰਮ। ਬਿਖਿਆ—ਮਾਇਆ। ਵਿਗੁਤਾ—ਖ਼ੁਆਰ ਹੁੰਦਾ ਹੈ। ਰਜਾਈ—ਰਜ਼ਾ ਦਾ ਮਾਲਕ-ਪ੍ਰਭੂ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ। ਨਾਵੈ—ਨਾਮ ਦੀ। ਜਿਸੁ ਮੰਨਿ—ਜਿਸ ਦੇ ਮਨ ਵਿਚ। ਸਭੁ ਕੋ—ਹਰੇਕ ਜੀਵ। ਲਗਿ—ਲੱਗ ਕੇ। ਦੂਜੈ—(ਪਰਮਾਤਮਾ ਤੋਂ ਬਿਨਾ) ਹੋਰ (ਦੇ ਪਿਆਰ) ਵਿਚ। ਬੂਝ—ਸਮਝ। ਜਿਸ ਨੋ—(ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ)। ਜੋਤੀ—ਪਰਮਾਤਮਾ ਵਿਚ।

ਅਰਥ:- ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਸਦਾ ਸੁਖ ਦੇਣ ਵਾਲਾ ਹੈ, ਆਖ਼ਰ ('ਨਾਮ' ਹੀ) ਮਿੱਤਰ ਬਣਦਾ ਹੈ। ਪਰ ਜਗਤ, ਗੁਰੂ ਤੋਂ ਬਿਨਾ ਕਮਲਾ ਜਿਹਾ ਹੋ ਰਿਹਾ ਹੈ, (ਕਿਉਂਕਿ ਗੁਰੂ ਤੋਂ ਬਿਨਾ ਇਸ ਨੂੰ) ਨਾਮ ਦੀ ਕਦਰ ਨਹੀਂ ਪੈਂਦੀ।

ਜਿਹੜੇ ਬੰਦੇ ਗੁਰੂ ਦੇ ਕਹੇ ਅਨੁਸਾਰ ਤੁਰਦੇ ਹਨ (ਤੇ ਇਸ ਤਰ੍ਹਾਂ) ਜਿਨ੍ਹਾਂ ਨੇ ਪ੍ਰਭੂ ਵਿਚ ਆਪਣੀ ਸੁਰਤਿ ਜੋੜੀ ਹੈ ਉਹ (ਪ੍ਰਭੂ-ਦਰ ਤੇ) ਕਬੂਲ ਹਨ। ਜਿਸ ਮਨੁੱਖ ਨੂੰ ਪ੍ਰਭੂ ਆਪਣਾ ਭਾਣਾ (ਮਿੱਠਾ ਕਰ) ਮਨਾਂਦਾ ਹੈ ਉਹ ਸੇਵਕ ਉਹੋ ਜਿਹਾ ਹੋ ਜਾਂਦਾ ਹੈ ਜੈਸਾ ਪ੍ਰਭੂ-ਮਾਲਕ ਹੈ।

ਆਪਣੀ ਮਰਜ਼ੀ ਅਨੁਸਾਰ ਤੁਰ ਕੇ ਕਦੇ ਕੋਈ ਮਨੁੱਖ ਸੁਖ ਨਹੀਂ ਪਾਂਦਾ, ਅੰਨ੍ਹਾ ਸਦਾ ਅੰਨ੍ਹਿਆਂ ਵਾਲਾ ਕੰਮ ਹੀ ਕਰਦਾ ਹੈ; ਮੂਰਖ ਦੀ (ਮਾਇਆ ਦੀ) ਭੁੱਖ ਮੁੱਕਦੀ ਨਹੀਂ, ਮਾਇਆ ਵਿਚ ਕਦੇ ਉਹ ਰੱਜਦਾ ਨਹੀਂ ਹੈ। ਮਾਇਆ ਵਿਚ ਲੱਗ ਕੇ ਹਰ ਕੋਈ ਖ਼ੁਆਰ ਹੀ ਹੁੰਦਾ ਹੈ, ਗੁਰੂ ਤੋਂ ਬਿਨਾ ਸਮਝ ਨਹੀਂ ਪੈਂਦੀ (ਕਿ ਮਾਇਆ ਦਾ ਮੋਹ ਖ਼ੁਆਰੀ ਦਾ ਹੀ ਮੂਲ ਹੈ)।

ਜਿਸ ਮਨੁੱਖ ਉਤੇ ਪ੍ਰਭੂ ਮਿਹਰ ਕਰਦਾ ਹੈ ਉਹ ਗੁਰੂ ਦੇ ਕਹੇ ਅਨੁਸਾਰ ਤੁਰਦਾ ਹੈ ਤੇ ਸੁਖ ਪਾਂਦਾ ਹੈ। 20।

ਸਲੋਕ ਮਃ ੧ ॥ ਸਰਮੁ ਧਰਮੁ ਦੁਇ ਨਾਨਕਾ ਜੇ ਧਨੁ ਪਲੈ ਪਾਇ ॥ ਸੋ ਧਨੁ ਮਿਤ੍ਰੁ ਨ ਕਾਂਢੀਐ ਜਿਤੁ ਸਿਰਿ ਚੋਟਾਂ ਖਾਇ ॥ ਜਿਨ ਕੈ ਪਲੈ ਧਨੁ ਵਸੈ ਤਿਨ ਕਾ ਨਾਉ ਫਕੀਰ ॥ ਜਿਨ੍ ਕੈ ਹਿਰਦੈ ਤੂ ਵਸਹਿ ਤੇ ਨਰ ਗੁਣੀ ਗਹੀਰ ॥੧॥ {ਪੰਨਾ 1287}

ਪਦ ਅਰਥ:- ਪਲੈ ਪਾਇ—ਮਿਲ ਜਾਏ (ਨੋਟ:- 'ਧਨੁ ਪਲੈ ਪਾਇ' ਅਤੇ 'ਪਲੈ ਧਨੁ ਵਸੈ' ਵਿਚ ਲਫ਼ਜ਼ 'ਪੱਲਾ' ਸਾਂਝਾ ਹੋਣ ਤੋਂ ਇਉਂ ਜਾਪਦਾ ਹੈ ਕਿ ਲਫ਼ਜ਼ 'ਧਨ' ਦਾ ਅਰਥ ਦੋਹੀਂ ਥਾਈਂ ਇੱਕੋ ਹੀ ਹੈ। ਸੋ 'ਧਨੁ ਪਲੈ ਪਾਇ' ਵਿਚ 'ਨਾਮ-ਧਨ' ਦਾ ਜ਼ਿਕਰ ਨਹੀਂ ਹੈ। 'ਸਰਮੁ ਧਰਮੁ ਦੁਇ'—ਇਹ ਲਫ਼ਜ਼ ਦੱਸਦੇ ਹਨ ਕਿ ਗੁਰੂ ਨਾਨਕ ਸਾਹਿਬ ਦੇ ਸਾਹਮਣੇ ਉਹ ਘਟਨਾ ਮੌਜੂਦ ਹੈ ਜਿਸ ਬਾਰੇ ਉਹਨਾਂ ਉਚਾਰਿਆ ਸੀ 'ਸਰਮੁ ਧਰਮੁ ਦੁਇ ਛਪਿ ਖਲੋਏ'। ਸ਼ੁਰੂ ਵਿਚ ਇਹ ਦੱਸਿਆ ਗਿਆ ਹੈ ਕਿ ਇਹ ਵਾਰ ਐਮਨਾਬਾਦ ਦੀ ਕਤਲਾਮ ਤੋਂ ਛੇਤੀ ਹੀ ਪਿਛੋਂ ਲਿਖੀ ਜਾਪਦੀ ਹੈ, ਪਰ ਇਹ ਗੱਲ ਭੀ ਸੁਆਦਲੀ ਹੈ ਕਿ ਗੁਰੂ ਅਰਜਨ ਸਾਹਿਬ ਨੇ ਗੁਰੂ ਨਾਨਕ ਦੇਵ ਜੀ ਦੇ ਕੁਝ ਸ਼ਲੋਕ ਭੀ ਐਸੇ ਇਥੇ ਦਰਜ ਕੀਤੇ ਹਨ ਜੋ ਉਸੇ ਹੀ ਘਟਨਾ ਦਾ ਚੇਤਾ ਕਰਾਂਦੇ ਹਨ)। ਕਾਂਢੀਐ—ਕਿਹਾ ਜਾਂਦਾ ਹੈ। ਸਰਮੁ—ਇੱਜ਼ਤ। ਦੁਇ—ਦੋਵੇਂ। ਜਿਤੁ—ਜਿਸ (ਧਨ) ਦੀ ਰਾਹੀਂ। ਸਿਰਿ—ਸਿਰ ਉਤੇ। ਖਾਇ—ਖਾਂਦਾ ਹੈ, ਸਹਾਰਦਾ ਹੈ। ਕੈ ਪਲੈ—ਦੇ ਪੱਲੇ ਵਿਚ। ਹਿਰਦੈ—ਹਿਰਦੇ ਵਿਚ। ਗੁਣੀ ਗਹੀਰ—ਗੁਣਾਂ ਦੇ ਸਮੁੰਦਰ।

ਅਰਥ:- ਹੇ ਨਾਨਕ! (ਜਗਤ ਸਮਝਦਾ ਹੈ ਕਿ) ਜੇ ਧਨ ਮਿਲ ਜਾਏ ਤਾਂ ਇੱਜ਼ਤ ਬਣੀ ਰਹਿੰਦੀ ਹੈ ਤੇ ਧਰਮ ਕਮਾ ਸਕੀਦਾ ਹੈ। ਪਰ, ਜਿਸ (ਧਨ) ਦੇ ਕਾਰਣ ਸਿਰ ਉਤੇ ਚੋਟਾਂ ਪੈਣ ਉਹ ਧਨ ਮਿੱਤ੍ਰ (ਭਾਵ, ਸ਼ਰਮ ਧਰਮ ਵਿਚ ਸਹਾਈ) ਨਹੀਂ ਕਿਹਾ ਜਾ ਸਕਦਾ। ਜਿਨ੍ਹਾਂ ਪਾਸ ਧਨ ਹੈ ਉਹਨਾਂ ਦਾ ਨਾਮ 'ਕੰਗਾਲ' ਹੈ; (ਉਹ ਆਤਮਕ ਜੀਵਨ ਵਿਚ ਕੰਗਾਲ ਹਨ); ਤੇ ਹੇ ਪ੍ਰਭੂ! ਜਿਨ੍ਹਾਂ ਦੇ ਹਿਰਦੇ ਵਿਚ ਤੂੰ ਆਪ ਵੱਸਦਾ ਹੈਂ ਉਹ ਹਨ ਗੁਣਾਂ ਦੇ ਸਮੁੰਦਰ।1।

ਮਃ ੧ ॥ ਦੁਖੀ ਦੁਨੀ ਸਹੇੜੀਐ ਜਾਇ ਤ ਲਗਹਿ ਦੁਖ ॥ ਨਾਨਕ ਸਚੇ ਨਾਮ ਬਿਨੁ ਕਿਸੈ ਨ ਲਥੀ ਭੁਖ ॥ ਰੂਪੀ ਭੁਖ ਨ ਉਤਰੈ ਜਾਂ ਦੇਖਾਂ ਤਾਂ ਭੁਖ ॥ ਜੇਤੇ ਰਸ ਸਰੀਰ ਕੇ ਤੇਤੇ ਲਗਹਿ ਦੁਖ ॥ ੨॥ {ਪੰਨਾ 1287}

ਪਦ ਅਰਥ:- ਦੁਨੀ—ਦੁਨੀਆ, ਮਾਇਆ। ਰੂਪੀ—ਰੂਪਾਂ ਦੀ ਰਾਹੀਂ, ਰੂਪ ਵੇਖ ਵੇਖ ਕੇ। ਰਸ—ਚਸਕੇ। ਦੁਖੀ—ਦੁੱਖਾਂ ਨਾਲ। ਸਹੇੜੀਐ—ਜੋੜੀਦੀ ਹੈ। ਲਗਹਿ—ਲੱਗਦੇ ਹਨ। ਤੇਤੇ—ਉਤਨੇ ਹੀ।

ਅਰਥ:- ਦੁੱਖ ਸਹਿ ਸਹਿ ਕੇ ਧਨ ਇਕੱਠਾ ਕਰੀਦਾ ਹੈ, ਜੇ ਇਹ ਗੁਆਚ ਜਾਏ ਤਾਂ ਭੀ ਦੁੱਖ ਹੀ ਮਾਰਦੇ ਹਨ। ਹੇ

ਨਾਨਕ! ਪ੍ਰਭੂ ਦੇ ਸੱਚੇ ਨਾਮ ਤੋਂ ਬਿਨਾ ਕਿਸੇ ਦੀ ਤ੍ਰਿਸ਼ਨਾ ਮਿਟਦੀ ਨਹੀਂ। 'ਰੂਪ' ਵੇਖਣ ਨਾਲ (ਰੂਪ ਵੇਖਣ ਦੀ) ਤ੍ਰਿਸ਼ਨਾ ਜਾਂਦੀ ਨਹੀਂ (ਸਗੋਂ) ਜਿਉਂ ਜਿਉਂ ਵੇਖੀਏ, ਤਿਉਂ ਤਿਉਂ ਹੋਰ ਤ੍ਰਿਸ਼ਨਾ (ਵਧਦੀ ਹੈ)। ਜਿਸਮ ਦੇ ਜਿਤਨੇ ਭੀ ਵਧੀਕ ਚਸਕੇ ਹਨ, ਉਤਨੇ ਹੀ ਵਧੀਕ ਇਸ ਨੂੰ ਦੁੱਖ ਵਿਆਪਦੇ ਹਨ।2।

ਮਃ ੧ ॥ ਅੰਧੀ ਕੰਮੀ ਅੰਧੁ ਮਨੁ ਮਨਿ ਅੰਧੈ ਤਨੁ ਅੰਧੁ ॥ ਚਿਕੜਿ ਲਾਇਐ ਕਿਆ ਥੀਐ ਜਾਂ ਤੁਟੈ ਪਥਰ ਬੰਧੁ ॥ ਬੰਧੁ ਤੁਟਾ ਬੇੜੀ ਨਹੀ ਨਾ ਤੁਲਹਾ ਨਾ ਹਾਥ ॥ ਨਾਨਕ ਸਚੇ ਨਾਮ ਵਿਣੁ ਕੇਤੇ ਡੁਬੇ ਸਾਥ ॥੩॥ {ਪੰਨਾ 1287}

ਪਦ ਅਰਥ:- ਅੰਧੀ ਕੰਮੀ—ਉਹਨਾਂ ਕੰਮਾਂ ਦੇ ਕਾਰਨ ਜੋ ਵਿਚਾਰ-ਹੀਣ ਹੋ ਕੇ ਕੀਤੇ ਜਾਣ। ਅੰਧੁ—ਅੰਨ੍ਹਾ, ਵਿਚਾਰ ਤੋਂ ਸੱਖਣਾ। ਤਨੁ—(ਭਾਵ,) ਗਿਆਨ-ਇੰਦ੍ਰੇ। ਪਥਰ ਬੰਧੁ—ਪੱਥਰਾਂ ਦਾ ਬੰਨ੍ਹ; (ਭਾਵ,) ਪ੍ਰਭੂ ਦੇ ਨਾਮ ਦੀ ਵਿਚਾਰ। ਤੁਲਹਾ—ਹੌਲੀਆਂ ਹੌਲੀਆਂ ਲੱਕੜਾਂ ਦਾ ਬੱਧਾ ਹੋਇਆ ਗੱਠਾ ਜੋ ਦਰੀਆ ਦੇ ਕੰਢੇ ਦੇ ਲੋਕ ਬੇੜੀ ਦੇ ਥਾਂ ਵਰਤਦੇ ਹਨ। ਹਾਥ—ਡੂੰਘਾਈ, ਥਾਹ। ਸਾਥ—ਕਾਫ਼ਲੇ, ਪੂਰਾਂ ਦੇ ਪੂਰ। ਮਨਿ ਅੰਧੈ—ਜੇ ਮਨ ਅੰਨ੍ਹਾ ਹੋ ਜਾਏ। ਚਿਕੜਿ ਲਾਇਐ—ਜੇ ਚਿੱਕੜ ਲਾਇਆ ਜਾਏ। ਕੇਤੇ—ਅਨੇਕਾਂ।

ਅਰਥ:- ਜਿਉਂ ਜਿਉਂ ਵਿਚਾਰ-ਹੀਣ ਹੋ ਕੇ ਮੰਦੇ ਕੰਮ ਕੀਤੇ ਜਾਣ, ਤਿਉਂ ਤਿਉਂ ਮਨ ਅੰਨ੍ਹਾ (ਭਾਵ, ਵਿਚਾਰੋਂ ਸੱਖਣਾ) ਹੁੰਦਾ ਜਾਂਦਾ ਹੈ; ਤੇ ਮਨ ਵਿਚਾਰ-ਹੀਣ ਹੋਇਆ ਗਿਆਨ-ਇੰਦ੍ਰੇ ਭੀ ਅੰਨ੍ਹੇ ਹੋ ਜਾਂਦੇ ਹਨ (ਭਾਵ, ਅੱਖਾਂ ਕੰਨ ਆਦਿਕ ਭੀ ਮੰਦੇ ਪਾਸੇ ਲੈ ਤੁਰਦੇ ਹਨ)। ਸੋ, ਜਦੋਂ ਪੱਥਰਾਂ ਦਾ ਬੰਨ੍ਹ (ਭਾਵ, ਪ੍ਰਭੂ-ਨਾਮ ਦੇ ਵਿਚਾਰ ਦਾ ਪੱਕਾ ਆਸਰਾ) ਟੁੱਟ ਜਾਂਦਾ ਹੈ ਤਾਂ ਚਿੱਕੜ ਲਾਇਆਂ ਕੁਝ ਨਹੀਂ ਬਣਦਾ (ਭਾਵ, ਹੋਰ ਹੋਰ ਆਸਰੇ ਢੂੰਢਿਆਂ)। (ਜਦੋਂ) ਬੰਨ੍ਹ ਟੁੱਟ ਗਿਆ, ਨਾਹ ਬੇੜੀ ਰਹੀ, ਨਾਹ ਤੁਲਹਾ ਰਿਹਾ, ਨਾਹ (ਪਾਣੀ ਦੀ) ਹਾਥ ਪੈ ਸਕੀ। (ਭਾਵ, ਪਾਣੀ ਭੀ ਬਹੁਤ ਡੂੰਘਾ ਹੋਇਆ), (ਅਜੇਹੀ ਹਾਲਤ ਵਿਚ) ਹੇ ਨਾਨਕ! ਪ੍ਰਭੂ ਦੇ ਸੱਚੇ ਨਾਮ (-ਰੂਪ ਬੰਨ੍ਹ ਬੇੜੀ ਤੁਲਹੇ) ਤੋਂ ਬਿਨਾ ਕਈ ਪੂਰਾਂ ਦੇ ਪੂਰ ਡੁੱਬਦੇ ਹਨ।3।

ਮਃ ੧ ॥ ਲਖ ਮਣ ਸੁਇਨਾ ਲਖ ਮਣ ਰੁਪਾ ਲਖ ਸਾਹਾ ਸਿਰਿ ਸਾਹ ॥ ਲਖ ਲਸਕਰ ਲਖ ਵਾਜੇ ਨੇਜੇ ਲਖੀ ਘੋੜੀ ਪਾਤਿਸਾਹ ॥ ਜਿਥੈ ਸਾਇਰੁ ਲੰਘਣਾ ਅਗਨਿ ਪਾਣੀ ਅਸਗਾਹ ॥ ਕੰਧੀ ਦਿਸਿ ਨ ਆਵਈ ਧਾਹੀ ਪਵੈ ਕਹਾਹ ॥ ਨਾਨਕ ਓਥੈ ਜਾਣੀਅਹਿ ਸਾਹ ਕੇਈ ਪਾਤਿਸਾਹ ॥੪॥ {ਪੰਨਾ 1287}

ਪਦ ਅਰਥ:- ਰੁਪਾ—ਚਾਂਦੀ। ਘੋੜੀ ਪਾਤਿਸਾਹ—ਘੋੜਿਆਂ ਵਾਲੇ, (ਭਾਵ,) ਰਸਾਲਿਆਂ ਦੇ ਮਾਲਕ ਬਾਦਸ਼ਾਹ। ਸਾਇਰੁ—ਸਮੁੰਦਰ। ਅਸਗਾਹ—ਬਹੁਤ ਡੂੰਘਾ, ਅਥਾਹ। ਕੰਧੀ—ਕੰਢਾ। ਧਾਹੀ—ਧਾਹੀਂ। ਕਹਾਹ—ਸ਼ੋਰ, ਰੌਲਾ। ਧਾਹੀ ਕਹਾਹ—ਢਾਹਾਂ ਦਾ ਰੌਲਾ, ਹਾਏ ਹਾਏ ਦਾ ਸ਼ੋਰ। ਸਿਰਿ—ਸਿਰ ਉਤੇ, ਤੋਂ ਵੱਡੇ।

ਅਰਥ:- ਲੱਖਾਂ ਮਣਾਂ ਸੋਨਾ ਹੋਵੇ ਤੇ ਲੱਖਾਂ ਮਣਾਂ ਚਾਂਦੀ—ਅਜੇਹੇ ਲੱਖਾਂ ਧਨੀਆਂ ਨਾਲੋਂ ਭੀ ਜੇ ਵੱਡੇ ਧਨੀ ਹੋਣ, ਲੱਖਾਂ ਸਿਪਾਹੀਆਂ ਦੀਆਂ ਫ਼ੌਜਾਂ ਹੋਣ ਲੱਖਾਂ ਵਾਜੇ ਵੱਜਦੇ ਹੋਣ, ਨੇਜ਼ੇ-ਬਰਦਾਰ ਲੱਖਾਂ ਫ਼ੌਜੀ ਰਸਾਲਿਆਂ ਦੇ ਮਾਲਕ ਬਾਦਸ਼ਾਹ ਹੋਣ; ਪਰ, ਜਿੱਥੇ (ਵਿਕਾਰਾਂ ਦੀ) ਅੱਗ ਤੇ ਪਾਣੀ ਦਾ ਅਥਾਹ ਸਮੁੰਦਰ ਲੰਘਣਾ ਪੈਂਦਾ ਹੈ, (ਇਸ ਸਮੁੰਦਰ ਦਾ) ਕੰਢਾ ਭੀ ਨਹੀਂ ਦਿੱਸਦਾ, ਹਾਏ ਹਾਏ ਦਾ ਕੁਰਲਾਟ ਭੀ ਪੈ ਰਿਹਾ ਹੈ, ਓਥੇ, ਹੇ ਨਾਨਕ! ਪਰਖੇ ਜਾਂਦੇ ਹਨ ਕਿ ਕੌਣ ਧਨੀ ਹਨ ਤੇ ਕੌਣ ਬਾਦਸ਼ਾਹ (ਭਾਵ, ਦੁਨੀਆ ਦਾ ਧਨ ਤੇ ਬਾਦਸ਼ਾਹੀ ਵਿਕਾਰਾਂ ਦੀ ਅੱਗ ਵਿਚ ਸੜਨੋਂ ਤੇ ਵਿਕਾਰਾਂ ਦੀਆਂ ਲਹਿਰਾਂ ਵਿਚ ਡੁੱਬਣੋਂ ਬਚਾ ਨਹੀਂ ਸਕਦੇ; ਧਨ ਤੇ ਬਾਦਸ਼ਾਹੀ ਹੁੰਦਿਆਂ ਭੀ 'ਹਾਏ ਹਾਏ' ਨਹੀਂ ਮਿਟਦੀ)।4।

ਪਉੜੀ ॥ ਇਕਨ੍ਹਾ ਗਲੀਂ ਜੰਜੀਰ ਬੰਦਿ ਰਬਾਣੀਐ ॥ ਬਧੇ ਛੁਟਹਿ ਸਚਿ ਸਚੁ ਪਛਾਣੀਐ ॥ ਲਿਖਿਆ ਪਲੈ ਪਾਇ ਸੋ ਸਚੁ ਜਾਣੀਐ ॥ ਹੁਕਮੀ ਹੋਇ ਨਿਬੇੜੁ ਗਇਆ ਜਾਣੀਐ ॥ ਭਉਜਲ ਤਾਰਣਹਾਰੁ

ਸਬਦਿ ਪਛਾਣੀਐ ॥ ਚੋਰ ਜਾਰ ਜੂਆਰ ਪੀੜੇ ਘਾਣੀਐ ॥ ਨਿੰਦਕ ਲਾਇਤਬਾਰ ਮਿਲੇ ਹੜ੍ਵਾਣੀਐ ॥ ਗੁਰਮੁਖਿ ਸਚਿ ਸਮਾਇ ਸੁ ਦਰਗਹ ਜਾਣੀਐ ॥੨੧॥ {ਪੰਨਾ 1287-1288}

ਪਦ ਅਰਥ:- ਗਲੀਂ—ਗਲਾਂ ਵਿਚ। ਜੰਜੀਰ—'ਬਿਖਿਆ' ਦੇ ਬੰਧਨ (ਵੇਖੋ ਪਿਛਲੀ ਪਉੜੀ "ਬਿਖਿਆ ਕਦੇ ਹੀ ਰਜੈ ਨਾਹੀ")। ਬੰਦਿ—ਬੰਦੀਖ਼ਾਨੇ ਵਿਚ। ਗਇਆ ਜਾਣੀਐ—ਇਥੋਂ ਤੁਰਿਆਂ ਸਮਝ ਪੈਂਦੀ ਹੈ (ਭਾਵ, ਜਦੋਂ ਮਾਇਆ ਨਾਲੋਂ ਵਿਛੋੜਾ ਹੋਣ ਲੱਗਦਾ ਹੈ ਤਦੋਂ ਸਮਝ ਆਉਂਦੀ ਹੈ ਕਿ ਮਾਇਆ ਦੇ ਮੋਹ ਦੇ ਕਿਤਨੇ ਕੁ ਪੱਕੇ ਜੰਜੀਰ ਪਏ ਹੋਏ ਸਨ)। ਨਿਬੇੜੁ—ਨਿਰਨਾ, ਨਿਆਂ। ਭਉਜਲੁ—ਸੰਸਾਰ-ਸਮੁੰਦਰ। ਜਾਰ—ਵਿਭਚਾਰੀ। ਲਾਇਤਬਾਰ—ਚੁਗਲਖ਼ੋਰ। ਹੜ੍ਵਾਣੀ—ਹੱਥ-ਕੜੀ, ਕਾਠ। ਸਚਿ—ਸਦਾ-ਥਿਰ ਹਰਿ-ਨਾਮ ਦੀ ਰਾਹੀਂ। ਪਲੈ ਪਾਇ—ਮਿਲਦਾ ਹੈ। ਸਮਾਇ—ਲੀਨ ਹੋ ਕੇ।

ਅਰਥ:- (ਜੋ 'ਬਿਖਿਆ' ਵਿਚ ਲੱਗੇ ਰਹੇ) ਉਹਨਾਂ ਦੇ ਗਲਾਂ ਵਿਚ (ਮਾਇਆ ਦੇ ਮੋਹ ਦੇ ਬੰਧਨ-ਰੂਪ) ਜ਼ੰਜੀਰ ਪਏ ਹੋਏ ਹਨ, ਉਹ, (ਮਾਨੋ,) ਰੱਬ ਦੇ ਬੰਦੀਖ਼ਾਨੇ ਵਿਚ (ਕੈਦ) ਹਨ; ਜੇ ਸੱਚੇ ਪ੍ਰਭੂ ਦੀ ਪਛਾਣ ਆ ਜਾਏ (ਜੇ ਸਦਾ-ਥਿਰ ਪ੍ਰਭੂ ਨਾਲ ਡੂੰਘੀ ਸਾਂਝ ਬਣ ਜਾਏ) ਤਾਂ ਸਦਾ-ਥਿਰ ਹਰਿ-ਨਾਮ ਦੀ ਰਾਹੀਂ ਹੀ (ਇਹਨਾਂ ਜ਼ੰਜੀਰਾਂ ਵਿਚ) ਬੱਝੇ ਹੋਏ ਛੁੱਟ ਸਕਦੇ ਹਨ। ਤਾਂ ਤੇ ਉਸ ਸੱਚੇ ਪ੍ਰਭੂ ਨਾਲ ਸਾਂਝ ਬਣਾਈਏ, ਤਦੋਂ ਹੀ (ਨਾਮ-ਸਿਮਰਨ-ਰੂਪ) ਲਿਖਿਆ ਹੋਇਆ (ਲੇਖ) ਮਿਲਦਾ ਹੈ ਇਹ ਸਾਰਾ ਨਿਰਨਾ ਪ੍ਰਭੂ ਦੇ ਹੁਕਮ ਵਿਚ ਹੀ ਹੁੰਦਾ ਹੈ, ਤੇ ਇਸ ਦੀ ਸਮਝ (ਇਥੋਂ ਜਗਤ ਤੋਂ) ਤੁਰਿਆਂ ਹੀ ਪੈਂਦੀ ਹੈ। (ਸੋ,) ਗੁਰੂ ਦੇ ਸ਼ਬਦ ਦੀ ਰਾਹੀਂ ਉਸ ਪ੍ਰਭੂ ਨਾਲ ਡੂੰਘੀ ਸਾਂਝ ਪਾਣੀ ਚਾਹੀਦੀ ਹੈ ਜੋ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੇ ਸਮਰਥ ਹੈ।

ਚੋਰਾਂ ਵਿਭਚਾਰੀਆਂ ਤੇ ਜੂਏ-ਬਾਜ਼ (ਆਦਿਕ ਵਿਕਾਰੀਆਂ ਦਾ ਇਉਂ ਹਾਲ ਹੁੰਦਾ ਹੈ ਜਿਵੇਂ) ਕੋਲ੍ਹੂ ਵਿਚ ਪੀੜੇ ਜਾ ਰਹੇ ਹਨ; ਨਿੰਦਕਾਂ ਤੇ ਚੁਗ਼ਲਖ਼ੋਰਾਂ ਨੂੰ (ਮਾਨੋ, ਨਿੰਦਾ ਤੇ ਚੁਗਲੀ ਦੀ) ਹਥਕੜੀ ਵੱਜੀ ਹੋਈ ਹੈ (ਭਾਵ, ਇਸ ਭੈੜੀ ਵਾਦੀ ਵਿਚੋਂ ਉਹ ਆਪਣੇ ਆਪ ਨੂੰ ਕੱਢ ਨਹੀਂ ਸਕਦੇ)।

ਪਰ ਜੋ ਮਨੁੱਖ ਗੁਰੂ ਦੇ ਸਨਮੁਖ ਹਨ ਉਹ ਪ੍ਰਭੂ ਵਿਚ ਲੀਨ ਹੋ ਕੇ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਪਾਂਦੇ ਹਨ। 21।

ਸਲੋਕ ਮਃ ੨ ॥ ਨਾਉ ਫਕੀਰੈ ਪਾਤਿਸਾਹੁ ਮੂਰਖ ਪੰਡਿਤੁ ਨਾਉ ॥ ਅੰਧੇ ਕਾ ਨਾਉ ਪਾਰਖੂ ਏਵੈ ਕਰੇ ਗੁਆਉ ॥ ਇਲਤਿ ਕਾ ਨਾਉ ਚਉਧਰੀ ਕੂੜੀ ਪੂਰੇ ਥਾਉ ॥ ਨਾਨਕ ਗੁਰਮੁਖਿ ਜਾਣੀਐ ਕਲਿ ਕਾ ਏਹੁ ਨਿਆਉ ॥੧॥ {ਪੰਨਾ 1288}

ਪਦ ਅਰਥ:- ਏਵੈ—ਇਸ ਤਰ੍ਹਾਂ। ਗੁਆਉ—ਗੁਫ਼ਤਗੂ, ਬਚਨ। ਇਲਤਿ—ਇੱਲਤਿ, ਸ਼ਰਾਰਤ। ਕੂੜੀ—ਝੂਠੀ ਜ਼ਨਾਨੀ। ਪੂਰੇ ਥਾਉ—ਸਭ ਤੋਂ ਅੱਗੇ ਥਾਂ ਮੱਲਦੀ ਹੈ। ਨਿਆਉ—ਨਿਆਂ। ਪਾਰਖੂ—ਚੰਗੀ ਪਰਖ ਕਰ ਸਕਣ ਵਾਲਾ।

ਅਰਥ:- ਕੰਗਾਲ ਦਾ ਨਾਮ ਬਾਦਸ਼ਾਹ (ਰੱਖਿਆ ਜਾਂਦਾ ਹੈ), ਮੂਰਖ ਦਾ ਪੰਡਿਤ ਨਾਮ (ਪਾਇਆ ਜਾਂਦਾ ਹੈ), ਅੰਨ੍ਹੇ ਨੂੰ ਪਾਰਖੂ (ਆਖਿਆ ਜਾਂਦਾ ਹੈ)—(ਬੱਸ! ਜਗਤ) ਇਸ ਤਰ੍ਹਾਂ ਦੀਆਂ (ਉਲਟੀਆਂ) ਗੱਲਾਂ ਕਰਦਾ ਹੈ। ਸ਼ਰਾਰਤਿ (ਕਰਨ ਵਾਲੇ) ਦਾ ਨਾਮ ਚੌਧਰੀ (ਪੈ ਜਾਂਦਾ ਹੈ) ਤੇ ਝੂਠੀ ਜ਼ਨਾਨੀ ਸਭ ਤੋਂ ਅੱਗੇ ਥਾਂ ਮੱਲਦੀ ਹੈ (ਭਾਵ, ਹਰ ਥਾਂ ਪ੍ਰਧਾਨ ਬਣਦੀ ਹੈ)। ਹੇ ਨਾਨਕ! ਇਹ ਹੈ ਨਿਆਂ ਕਲਿਜੁਗ ਦਾ (ਭਾਵ, ਜਿੱਥੇ ਇਹ ਰਵਈਆ ਵਰਤੀਂਦਾ ਹੈ ਓਥੇ ਕਲਿਜੁਗ ਦਾ ਪਹਰਾ ਜਾਣੋ)। ਪਰ, ਗੁਰੂ ਦੇ ਸਨਮੁਖ ਹੋਇਆਂ ਹੀ ਇਹ ਸਮਝ ਪੈਂਦੀ ਹੈ (ਕਿ ਇਹ ਵਤੀਰਾ ਮਾੜਾ ਹੈ। ਮਨ ਦੇ ਪਿੱਛੇ ਤੁਰਨ ਵਾਲੇ ਲੋਕ ਇਸ ਰਵਈਏ ਦੇ ਆਦੀ ਹੋਏ ਰਹਿੰਦੇ ਹਨ)।1।

ਮਃ ੧ ॥ ਹਰਣਾਂ ਬਾਜਾਂ ਤੈ ਸਿਕਦਾਰਾਂ ਏਨ੍ਾ ਪੜ੍ਿਆ ਨਾਉ ॥ ਫਾਂ ਧੀ ਲਗੀ ਜਾਤਿ ਫਹਾਇਨਿ ਅਗੈ ਨਾਹੀ ਥਾਉ ॥ ਸੋ ਪੜਿਆ ਸੋ ਪੰਡਿਤੁ ਬੀਨਾ ਜਿਨ੍ਹੀ ਕਮਾਣਾ ਨਾਉ ॥ ਪਹਿਲੋ ਦੇ ਜੜ ਅੰਦਰਿ ਜੰਮੈ ਤਾ

ਉਪਰਿ ਹੋਵੈ ਛਾਂਉ ॥ ਰਾਜੇ ਸੀਹ ਮੁਕਦਮ ਕੁਤੇ ॥ ਜਾਇ ਜਗਾਇਨਿ੍ ਬੈਠੇ ਸੁਤੇ ॥ ਚਾਕਰ ਨਹਦਾ ਪਾਇਨਿ੍ ਘਾਉ ॥ ਰਤੁ ਪਿਤੁ ਕੁਤਿਹੋ ਚਟਿ ਜਾਹੁ ॥ ਜਿਥੈ ਜੀਆਂ ਹੋਸੀ ਸਾਰ ॥ ਨਕੀ ˙ ਵਢੀ ਲਾਇਤਬਾਰ ॥੨॥ {ਪੰਨਾ 1288}

ਪਦ ਅਰਥ:- ਤੈ—ਅਤੇ। ਸਿਕਦਾਰ—ਅਹਲਕਾਰ। ਏਨ੍ਾ ਪੜਿਆ ਨਾਉ—ਇਹਨਾਂ ਦਾ ਨਾਮ ਹੈ "ਪੜ੍ਹੇ ਹੋਏ। " (ਨੋਟ:- ਗਿਝਾਇਆ ਹੋਇਆ ਹਰਨ ਤੇ ਬਾਜ਼ ਆਪਣੇ ਹੀ ਜਾਤਿ-ਭਰਾਵਾਂ ਨੂੰ ਲਿਆ ਫਸਾਂਦਾ ਹੈ ਤਿਵੇਂ ਹੀ ਅਹਲਕਾਰ ਆਪਣੇ ਹੀ ਹਮ-ਜਿਨਸ ਮਨੁੱਖਾਂ ਦਾ ਲਹੂ ਪੀਂਦਾ ਹੈ)। ਫਾਂਧੀ—ਫਾਹੀ। ਅਗੈ—ਪ੍ਰਭੂ ਹੀ ਹਜ਼ੂਰੀ ਵਿਚ। ਥਾਉ ਨਾਹੀ—ਕਬੂਲ ਨਹੀਂ ਹਨ। ਬੀਨਾ—ਸਿਆਣਾ। ਪਹਿਲੋ ਦੇ—ਸਭ ਤੋਂ ਪਹਿਲਾ। ਮੁਕਦਮ—ਮੁਕੱਦਮ, ਮੁਸਾਹਿਬ। ਨਹਦਾ—ਨਹੁੰਦ੍ਹਾਂ। ਘਾਉ—ਜ਼ਖ਼ਮ। ਰਤੁ ਪਿਤੁ—ਲਹੂ ਤੇ ਪਿੱਤਾ। ਕੁਤਿਹੋ—(ਮੁਕੱਦਮ) ਕੁੱਤਿਆਂ ਦੀ ਰਾਹੀਂ। ਲਾਇਤਬਾਰ—ਬੇ-ਇਤਬਾਰੇ। ਸਾਰ—ਪਰਖ, ਕਦਰ। ਨਕੀ· ਵਢੀ?—ਵੱਢੇ ਨੱਕਾਂ ਨਾਲ, ਨੱਕ-ਵੱਢੇ।

ਅਰਥ:- ਹਰਨ, ਬਾਜ਼ ਤੇ ਅਹਲਕਾਰ—ਇਹਨਾਂ ਦਾ ਨਾਮ ਲੋਕ "ਪੜ੍ਹੇ ਹੋਏ" ਰੱਖਦੇ ਹਨ (ਪਰ ਇਹ ਵਿੱਦਿਆ ਕਾਹਦੀ ਹੈ? ਇਹ ਤਾਂ) ਫਾਹੀ ਲੱਗੀ ਹੋਈ ਹੈ ਜਿਸ ਵਿਚ ਆਪਣੇ ਹੀ ਜਾਤਿ-ਭਰਾਵਾਂ ਨੂੰ ਫਸਾਂਦੇ ਹਨ; ਪ੍ਰਭੂ ਦੀ ਹਜ਼ੂਰੀ ਵਿਚ ਐਸੇ ਪੜ੍ਹੇ ਹੋਏ ਕਬੂਲ ਨਹੀਂ ਹਨ।

ਜਿਸ ਜਿਸ ਨੇ 'ਨਾਮ' ਦੀ ਕਮਾਈ ਕੀਤੀ ਹੈ ਉਹੀ ਵਿਦਵਾਨ ਹੈ ਪੰਡਿਤ ਹੈ ਤੇ ਸਿਆਣਾ ਹੈ (ਕਿਉਂਕਿ ਰੁੱਖ ਦੀ) ਜੜ੍ਹ ਸਭ ਤੋਂ ਪਹਿਲਾਂ (ਜ਼ਮੀਨ ਦੇ) ਅੰਦਰ ਜੰਮਦੀ ਹੈ ਤਾਂ ਹੀ (ਰੁੱਖ ਉੱਗ ਕੇ) ਬਾਹਰ ਛਾਂ ਬਣਦੀ ਹੈ (ਸੋ, ਸੁਖਦਾਤੀ ਵਿੱਦਿਆ ਉਹੀ ਹੈ ਜੇ ਪਹਿਲਾਂ ਮਨੁੱਖ ਆਪਣੇ ਮਨ ਵਿਚ 'ਨਾਮ' ਬੀਜੇ)।

('ਨਾਮ' ਤੋਂ ਸੱਖਣੀ ਵਿੱਦਿਆ ਦਾ ਹਾਲ ਤੱਕੋ), ਰਾਜੇ (ਮਾਨੋ) ਸ਼ੇਰ ਹਨ (ਉਹਨਾਂ ਦੇ, ਪੜ੍ਹੇ ਹੋਏ) ਅਹਲਕਾਰ (ਮਾਨੋ) ਕੁੱਤੇ ਹਨ, ਬੈਠੇ-ਸੁੱਤੇ ਬੰਦਿਆਂ ਨੂੰ (ਭਾਵ, ਵੇਲੇ ਕੁਵੇਲੇ) ਜਾ ਜਗਾਂਦੇ ਹਨ (ਭਾਵ, ਤੰਗ ਕਰਦੇ ਹਨ)। ਇਹ ਅਹਲਕਾਰ (ਮਾਨੋ ਸ਼ੇਰਾਂ ਦੀਆਂ) ਨਹੁੰਦ੍ਹਾਂ ਹਨ, ਜੋ (ਲੋਕਾਂ ਦਾ) ਘਾਤ ਕਰਦੀਆਂ ਹਨ, (ਰਾਜੇ-ਸ਼ੀਂਹ ਇਹਨਾਂ ਮੁਕੱਦਮ) ਕੁੱਤਿਆਂ ਦੀ ਰਾਹੀਂ (ਲੋਕਾਂ ਦਾ) ਲਹੂ ਪੀਂਦੇ ਹਨ।

ਪਰ ਜਿੱਥੇ ਜੀਵਾਂ ਦੀ (ਕਰਣੀ ਦੀ) ਪਰਖ ਹੁੰਦੀ ਹੈ, ਓਥੇ ਅਜੇਹੇ (ਪੜ੍ਹੇ ਹੋਏ ਬੰਦੇ) ਬੇ-ਇਤਬਾਰੇ ਨੱਕ-ਵੱਢੇ (ਸਮਝੇ ਜਾਂਦੇ ਹਨ)।2।

ਪਉੜੀ ॥ ਆਪਿ ਉਪਾਏ ਮੇਦਨੀ ਆਪੇ ਕਰਦਾ ਸਾਰ ॥ ਭੈ ਬਿਨੁ ਭਰਮੁ ਨ ਕਟੀਐ ਨਾਮਿ ਨ ਲਗੈ ਪਿਆਰੁ ॥ ਸਤਿਗੁਰ ਤੇ ਭਉ ਊਪਜੈ ਪਾਈਐ ਮੋਖ ਦੁਆਰ ॥ ਭੈ ਤੇ ਸਹਜੁ ਪਾਈਐ ਮਿਲਿ ਜੋਤੀ ਜੋਤਿ ਅਪਾਰ ॥ ਭੈ ਤੇ ਭੈਜਲੁ ਲੰਘੀਐ ਗੁਰਮਤੀ ਵੀਚਾਰੁ ॥ ਭੈ ਤੇ ਨਿਰਭਉ ਪਾਈਐ ਜਿਸ ਦਾ ਅੰਤੁ ਨ ਪਾਰਾਵਾਰੁ ॥ ਮਨਮੁਖ ਭੈ ਕੀ ਸਾਰ ਨ ਜਾਣਨੀ ਤ੍ਰਿਸਨਾ ਜਲਤੇ ਕਰਹਿ ਪੁਕਾਰ ॥ ਨਾਨਕ ਨਾਵੈ ਹੀ ਤੇ ਸੁਖੁ ਪਾਇਆ ਗੁਰਮਤੀ ਉਰਿ ਧਾਰ ॥੨੨॥ {ਪੰਨਾ 1288}

ਪਦ ਅਰਥ:- ਮੇਦਨੀ—ਧਰਤੀ। ਸਾਰ—ਸੰਭਾਲ। ਭਰਮੁ—ਭਟਕਣਾ (-ਰੂਪ ਜ਼ੰਜੀਰ; ਵੇਖੋ ਪਉੜੀ ਨੰ: 21)। ਮੋਖ ਦੁਆਰ—(ਬੰਦੀਖ਼ਾਨੇ ਵਿਚੋਂ) ਖ਼ਲਾਸੀ ਦਾ ਰਸਤਾ। ਸਹਜੁ—ਅਡੋਲ ਅਵਸਥਾ। ਉਰਿ—ਹਿਰਦੇ ਵਿਚ। ਨਾਮਿ—ਨਾਮ ਵਿਚ। ਮਿਲਿ—ਮਿਲ ਕੇ। ਜੋਤੀ—ਪਰਮਾਤਮਾ ਵਿਚ। ਭੈਜਲੁ—ਸੰਸਾਰ-ਸਮੁੰਦਰ। ਪਾਰਾਵਾਰੁ—ਪਾਰ-ਅਵਾਰੁ, ਪਾਰਲਾ ਉਰਲਾ ਬੰਨਾ। ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ। ਸਾਰ—ਕਦਰ। ਨ ਜਾਣਨੀ—ਨ ਜਾਨਣਿ, ਨਹੀਂ ਜਾਣਦੇ। ਜਲਤੇ—ਸੜਦੇ। ਕਰਹਿ—ਕਰਦੇ ਹਨ। ਤੇ—ਤੋਂ। ਉਰਿ—ਹਿਰਦੇ ਵਿਚ।

ਅਰਥ:- (ਜੋ ਪ੍ਰਭੂ) ਆਪ ਜਗਤ ਪੈਦਾ ਕਰਦਾ ਹੈ ਤੇ ਆਪ ਹੀ ਇਸ ਦੀ ਸੰਭਾਲ ਕਰਦਾ ਹੈ, (ਉਸ ਦਾ ਡਰ ਰੱਖਣ ਤੋਂ ਬਿਨਾ (ਮਾਇਆ ਪਿੱਛੇ) ਭਟਕਣ (-ਰੂਪ ਬੰਧਨ) ਕੱਟਿਆ ਨਹੀਂ ਜਾਂਦਾ, ਨਾਹ ਹੀ ਉਸ ਦੇ ਨਾਮ ਵਿਚ ਪਿਆਰ

ਬਣਦਾ ਹੈ। ਪ੍ਰਭੂ ਦਾ ਡਰ ਗੁਰੂ ਦੀ ਸਰਣ ਪਿਆਂ ਪੈਦਾ ਹੁੰਦਾ ਹੈ ਤੇ ('ਰਬਾਣੀ ਬੰਦ' ਵਿਚੋਂ) ਖ਼ਲਾਸੀ ਦਾ ਰਸਤਾ ਮਿਲਦਾ ਹੈ (ਕਿਉਂਕਿ ਪ੍ਰਭੂ ਦਾ) ਡਰ ਰੱਖਿਆਂ ਬੇਅੰਤ ਪ੍ਰਭੂ ਦੀ ਜੋਤਿ ਵਿਚ ਜੋਤਿ ਮਿਲਿਆਂ ਮਨ ਦੀ ਅਡੋਲਤਾ ਪ੍ਰਾਪਤ ਹੁੰਦੀ ਹੈ। ਇਸ ਡਰ ਕਰਕੇ ਹੀ ਗੁਰਮਤਿ ਦੀ ਰਾਹੀਂ (ਉੱਚੀ) ਵੀਚਾਰ ਬਣਦੀ ਹੈ, ਤੇ, ਸੰਸਾਰ-ਸਮੁੰਦਰ ਤੋਂ ਪਾਰ ਲੰਘੀਦਾ ਹੈ, ਇਸ ਡਰ ਦੀ ਰਾਹੀਂ ਹੀ ਡਰ-ਰਹਿਤ ਪ੍ਰਭੂ ਮਿਲਦਾ ਹੈ ਜਿਸ ਦਾ ਅੰਤ ਨਹੀਂ ਪੈਂਦਾ ਜਿਸ ਦਾ ਪਾਰਲਾ ਉਰਲਾ ਬੰਨਾ ਨਹੀਂ ਲੱਭਦਾ।

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਨੂੰ ਪ੍ਰਭੂ ਦੇ ਡਰ (ਵਿਚ ਰਹਿਣ ਦੀ) ਸਾਰ ਨਹੀਂ ਪੈਂਦੀ (ਸਿੱਟਾ ਇਹ ਨਿਕਲਦਾ ਹੈ ਕਿ ਉਹ ਮਾਇਆ ਦੀ) ਤ੍ਰਿਸ਼ਨਾ (-ਅੱਗ) ਵਿਚ ਸੜਦੇ ਵਿਲਕਦੇ ਹਨ। ਹੇ ਨਾਨਕ! ਪ੍ਰਭੂ ਦੇ 'ਨਾਮ' ਤੋਂ ਹੀ ਸੁਖ ਮਿਲਦਾ ਹੈ ਤੇ (ਇਹ 'ਨਾਮ') ਗੁਰੂ ਦੀ ਮਤਿ ਉਤੇ ਤੁਰਿਆਂ ਹੀ ਹਿਰਦੇ ਵਿਚ ਟਿਕਦਾ ਹੈ। 22।

ਸਲੋਕ ਮਃ ੧ ॥ ਰੂਪੈ ਕਾਮੈ ਦੋਸਤੀ ਭੁਖੈ ਸਾਦੈ ਗੰਢੁ ॥ ਲਬੈ ਮਾਲੈ ਘੁਲਿ ਮਿਲਿ ਮਿਚਲਿ ਊਂਘੈ ਸਉੜਿ ਪਲੰਘੁ ॥ ਭੰਉਕੈ ਕੋਪੁ ਖੁਆਰੁ ਹੋਇ ਫਕੜੁ ਪਿਟੇ ਅੰਧੁ ॥ ਚੁਪੈ ਚੰਗਾ ਨਾਨਕਾ ਵਿਣੁ ਨਾਵੈ ਮੁਹਿ ਗੰਧੁ ॥੧॥ {ਪੰਨਾ 1288}

ਪਦ ਅਰਥ:- ਸਾਦੈ—ਸੁਆਦ ਦਾ। ਗੰਢੁ—ਸੰਬੰਧ। ਲਬੈ—ਲੱਬ ਦਾ। ਮਾਲੈ—ਮਾਲ (-ਧਨ) ਨਾਲ। ਘੁਲਿ ਮਿਲਿ—ਚੰਗੀ ਤਰ੍ਹਾਂ ਮਿਲਵਾਂ। ਮਿਚਲਿ—ਮੇਲ, ਇਕ-ਮਿਕਤਾ; ਤਦਾਕਾਰਤਾ। ਊਘੈ—ਊਂਘਣ ਵਾਲੇ ਨੂੰ, ਨੀਂਦ੍ਰਾਲੇ ਨੂੰ। ਸਉੜਿ—ਸਉੜੀ ਥਾਂ। ਭਉਕੈ—ਭੌਂਕਦਾ ਹੈ, ਬਹੁਤਾ ਬੋਲਦਾ ਹੈ। ਕੋਪੁ—ਕ੍ਰੋਧ। ਫਕੜੁ ਪਿਟੇ—ਬਦ-ਜ਼ਬਾਨੀ ਬੋਲਦਾ ਹੈ। ਮੁਹਿ—ਮੂੰਹ ਵਿਚ।

ਅਰਥ:- ਰੂਪ ਦੀ ਕਾਮ (-ਵਾਸਨਾ) ਨਾਲ ਮਿੱਤ੍ਰਤਾ ਹੈ, ਭੁੱਖ ਦਾ ਸੁਆਦ ਨਾਲ ਸੰਬੰਧ ਹੈ। ਲੱਬ ਦੀ ਧਨ ਨਾਲ ਚੰਗੀ ਤਰ੍ਹਾਂ ਮਿਲਵੀਂ ਇਕ-ਮਿਕਤਾ ਹੈ (ਨੀਂਦਰ ਨਾਲ) ਊਂਘ ਰਹੇ ਨੂੰ ਸਉੜੀ ਥਾਂ ਹੀ ਪਲੰਘ ਹੈ। ਕ੍ਰੋਧ ਬਹੁਤ ਬੋਲਦਾ ਹੈ, (ਕ੍ਰੋਧ ਵਿਚ) ਅੰਨ੍ਹਾ (ਹੋਇਆ ਬੰਦਾ) ਖ਼ੁਆਰ ਹੋ ਕੇ ਬਦ-ਜ਼ਬਾਨੀ ਹੀ ਕਰਦਾ ਹੈ।

ਹੇ ਨਾਨਕ! ਪ੍ਰਭੂ ਦੇ ਨਾਮ ਤੋਂ ਬਿਨਾ (ਮਨੁੱਖ ਦੇ) ਮੂੰਹ ਵਿਚ (ਬਦ-ਕਲਾਮੀ ਦੀ) ਬੋ ਹੀ ਹੁੰਦੀ ਹੈ (ਬੋਲਣ ਨਾਲੋਂ ਇਸ ਦਾ) ਚੁੱਪ ਰਹਿਣਾ ਚੰਗਾ ਹੈ।1।

ਭਾਵ:- ਜਿਥੇ ਨਾਮ-ਹੀਣਤਾ ਹੈ ਓਥੇ ਸੁਤੇ ਹੀ ਬਦਕਲਾਮੀ ਹੈ।

ਮਃ ੧ ॥ ਰਾਜੁ ਮਾਲੁ ਰੂਪੁ ਜਾਤਿ ਜੋਬਨੁ ਪੰਜੇ ਠਗ ॥ ਏਨੀ ਠਗੀਂ ਜਗੁ ਠਗਿਆ ਕਿਨੈ ਨ ਰਖੀ ਲਜ॥ ਏਨਾ ਠਗਨਿ੍ ਠਗ ਸੇ ਜਿ ਗੁਰ ਕੀ ਪੈਰੀ ਪਾਹਿ ॥ ਨਾਨਕ ਕਰਮਾ ਬਾਹਰੇ ਹੋਰਿ ਕੇਤੇ ਮੁਠੇ ਜਾਹਿ ॥੨॥ {ਪੰਨਾ 1288}

ਪਦ ਅਰਥ:- ਕਿਨੈ—ਕਿਸੇ ਨੇ (ਭੀ)। ਲਜ—ਇੱਜ਼ਤ। ਮੁਠੇ—ਠੱਗੇ। ਏਨੀ ਠਗੀਂ—ਇਹਨਾਂ (ਪੰਜ) ਠੱਗਾਂ ਨੇ। ਰਖੀ—ਰੱਖੀ, ਬਚਾਈ। ਸੇ ਠਗ—ਉਹ ਠੱਗ, ਉਹ ਸਿਆਣੇ ਬੰਦੇ। ਠਗਨਿ੍—ਠੱਗ ਲੈਂਦੇ ਹਨ, ਚਾਲ ਵਿਚ ਨਹੀਂ ਆਉਂਦੇ। ਜਿ—ਜਿਹੜੇ। ਪਾਹਿ—ਪੈਂਦੇ ਹਨ। ਹੋਰਿ—(ਬਹੁ-ਵਚਨ ਲਫ਼ਜ਼ 'ਹੋਰ' ਤੋਂ)। ਹੋਰਿ ਕੇਤੇ—ਹੋਰ ਅਨੇਕਾਂ। ਮੁਠੈ ਜਾਹਿ—(ਆਤਮਕ ਜੀਵਨ ਦੇ ਸਰਮਾਏ ਵਲੋਂ) ਲੁੱਟੇ ਜਾ ਰਹੇ ਹਨ। ਕਰਮਾ ਬਾਹਰੇ—ਭਾਗ-ਹੀਣ ਬੰਦੇ।

ਅਰਥ:- ਰਾਜ, ਧਨ, ਸੁੰਦਰਤਾ, (ਉੱਚੀ) ਜਾਤਿ, ਤੇ ਜੁਆਨੀ—ਇਹ ਪੰਜੇ ਹੀ (ਮਾਨੋ) ਠੱਗ ਹਨ, ਇਹਨਾਂ ਠੱਗਾਂ ਨੇ ਜਗਤ ਨੂੰ ਠੱਗ ਲਿਆ ਹੈ (ਜੋ ਭੀ ਇਹਨਾਂ ਦੇ ਅੱੜੇ ਚੜ੍ਹਿਆ) ਕਿਸੇ ਨੇ (ਇਹਨਾਂ ਤੋਂ) ਆਪਣੀ ਇੱਜ਼ਤ ਨਹੀਂ ਬਚਾਈ।

ਇਹਨਾਂ (ਠੱਗਾਂ) ਨੂੰ ਭੀ ਉਹ ਠੱਗ (ਭਾਵ, ਸਿਆਣੇ ਬੰਦੇ) ਦਾਉ ਲਾ ਜਾਂਦੇ ਹਨ (ਭਾਵ, ਉਹ ਬੰਦੇ ਇਹਨਾਂ ਦੀ ਚਾਲ ਵਿਚ ਨਹੀਂ ਆਉਂਦੇ) ਜੋ ਸਤਿਗੁਰੂ ਦੀ ਸਰਨ ਆਉਂਦੇ ਹਨ। (ਪਰ) ਹੇ ਨਾਨਕ! ਹੋਰ ਬੜੇ ਭਾਗ-ਹੀਣ (ਇਹਨਾਂ ਦੇ

ਢਹੇ ਚੜ੍ਹ ਕੇ) ਲੁੱਟੇ ਜਾ ਰਹੇ ਹਨ।2।

ਪਉੜੀ ॥ ਪੜਿਆ ਲੇਖੇਦਾਰੁ ਲੇਖਾ ਮੰਗੀਐ ॥ ਵਿਣੁ ਨਾਵੈ ਕੂੜਿਆਰੁ ਅਉਖਾ ਤੰਗੀਐ ॥ ਅਉਘਟ ਰੁਧੇ ਰਾਹ ਗਲੀਆਂ ਰੋਕੀਆਂ ॥ ਸਚਾ ਵੇਪਰਵਾਹੁ ਸਬਦਿ ਸੰਤੋਖੀਆਂ ॥ ਗਹਿਰ ਗਭੀਰ ਅਥਾਹੁ ਹਾਥ ਨ ਲਭਈ ॥ ਮੁਹੇ ਮੁਹਿ ਚੋਟਾ ਖਾਹੁ ਵਿਣੁ ਗੁਰ ਕੋਇ ਨ ਛੁਟਸੀ ॥ ਪਤਿ ਸੇਤੀ ਘਰਿ ਜਾਹੁ ਨਾਮੁ ਵਖਾਣੀਐ ॥ ਹੁਕਮੀ ਸਾਹ ਗਿਰਾਹ ਦੇਂਦਾ ਜਾਣੀਐ ॥੨੩॥ {ਪੰਨਾ 1288}

ਪਦ ਅਰਥ:- ਲੇਖੇਦਾਰੁ—ਲੇਖਾ ਰੱਖਣ ਵਾਲਾ, ਘੁੰਤਰਾਂ ਕੱਢਣ ਵਾਲਾ, ਚਤੁਰਾਈ ਦੀਆਂ ਗੱਲਾਂ ਕਰਨ ਵਾਲਾ। ਕੂੜਿਆਰੁ—ਕੂੜ ਦਾ ਵਪਾਰੀ। ਤੰਗੀਐ—ਔਖਿਆਈ ਪਾਂਦਾ ਹੈ। ਅਉਘਟ—ਔਖੇ। ਰੁਧੇ—ਰੋਕੇ ਹੋਏ। ਮੁਹੇ—ਮੂੰਹ ਉਤੇ ਹੀ। ਮੁਹਿ—ਮੂੰਹ ਉਤੇ ਹੀ। ਮੁਹੇ ਮੁਹਿ—ਮੂੰਹੋ ਮੂੰਹ। ਸਾਹ—(ਭਾਵ,) ਜ਼ਿੰਦਗੀ। ਗਿਰਾਹ—ਗਿਰਾਹੀ, (ਭਾਵ,) ਰੋਜ਼ੀ। ਸਚਾ—ਸਦਾ ਕਾਇਮ ਰਹਿਣ ਵਾਲਾ। ਵੇਪਰਵਾਹੁ—ਬੇ-ਮੁਥਾਜ। ਸਬਦਿ—ਸ਼ਬਦ ਦੀ ਰਾਹੀਂ। ਹਾਥ—ਡੂੰਘਾਈ। ਪਤਿ—ਇੱਜ਼ਤ। ਸੇਤੀ—ਨਾਲ। ਘਰਿ—ਘਰ ਵਿਚ, ਪ੍ਰਭੂ ਦੇ ਦਰ ਤੇ। ਜਾਣੀਐ—ਸਮਝ ਆ ਜਾਂਦੀ ਹੈ।

ਅਰਥ:- ਜੇ ਮਨੁੱਖ ਵਿਦਵਾਨ ਭੀ ਹੋਵੇ ਤੇ ਚਤੁਰਾਈ ਦੀਆਂ ਗੱਲਾਂ ਭੀ ਕਰਨਾ ਜਾਣਦਾ ਹੋਵੇ ('ਤ੍ਰਿਸ਼ਨਾ' ਬਾਰੇ) ਉਸ ਤੋਂ ਭੀ ਲੇਖਾ ਲਈਦਾ ਹੈ (ਭਾਵ, 'ਤ੍ਰਿਸ਼ਨਾ' ਉਸ ਤੋਂ ਭੀ ਲੇਖਾ ਲੈਂਦੀ ਹੈ, ਨਿਰੀ ਵਿੱਦਿਆ ਤੇ ਚਤੁਰਾਈ 'ਤ੍ਰਿਸ਼ਨਾ' ਤੋਂ ਬਚਾ ਨਹੀਂ ਸਕਦੀ), (ਕਿਉਂਕਿ) ਪ੍ਰਭੂ ਦੇ ਨਾਮ ਤੋਂ ਬਿਨਾ (ਪੜ੍ਹਿਆ ਹੋਇਆ ਭੀ) ਕੂੜ ਦਾ ਹੀ ਵਪਾਰੀ ਹੈ; ਔਖਾ ਹੁੰਦਾ ਹੈ ਔਖਿਆਈ ਹੀ ਪਾਂਦਾ ਹੈ। ਉਸ ਦੇ (ਜ਼ਿੰਦਗੀ ਦੇ) ਗਲੀਆਂ ਤੇ ਰਸਤੇ (ਤ੍ਰਿਸ਼ਨਾ ਦੀ ਅੱਗ ਨਾਲ) ਰੁਕੇ ਪਏ ਹਨ (ਉਹਨਾਂ ਵਿਚੋਂ ਦੀ ਲੰਘਣਾ) ਔਖਾ ਹੈ। ਗੁਰ-ਸ਼ਬਦ ਦੀ ਰਾਹੀਂ ਸੰਤੋਖੀ ਬੰਦਿਆਂ ਨੂੰ ਸਦਾ ਕਾਇਮ ਰਹਿਣ ਵਾਲਾ ਬੇ-ਮੁਥਾਜ ਪਰਮਾਤਮਾ ਮਿਲਦਾ ਹੈ। ਪ੍ਰਭੂ (ਮਾਨੋ) ਬੜਾ ਡੂੰਘਾ (ਸਮੁੰਦਰ) ਹੈ, (ਵਿੱਦਿਆ ਚਤੁਰਾਈ ਦੇ ਆਸਰੇ) ਉਸ ਦੀ ਥਾਹ ਨਹੀਂ ਪੈ ਸਕਦੀ। (ਸਗੋਂ 'ਪੜ੍ਹਿਆ ਕੂੜਿਆਰੁ' ਵਿੱਦਿਆ ਦੇ ਮਾਣ ਵਿਚ ਰਹਿ ਕੇ ਤ੍ਰਿਸ਼ਨਾ ਦੀਆਂ) ਚੋਟਾਂ ਦਬਾਦਬ ਖਾਂਦਾ ਹੈ; (ਪਿਆ ਪੜ੍ਹਿਆ ਹੋਇਆ ਹੋਵੇ) ਕੋਈ ਮਨੁੱਖ ਗੁਰੂ (ਦੀ ਸਰਨ) ਤੋਂ ਬਿਨਾ (ਤ੍ਰਿਸ਼ਨਾ ਤੋਂ) ਬੱਚ ਨਹੀਂ ਸਕਦਾ।

(ਪਰਮਾਤਮਾ ਦਾ) ਨਾਮ ਸਿਮਰਨਾ ਚਾਹੀਦਾ ਹੈ (ਜੇ ਨਾਮ ਸਿਮਰੀਏ) ਤਾਂ ਬੇਸ਼ਕ ਇੱਜ਼ਤ ਨਾਲ ਪ੍ਰਭੂ ਦੇ ਦਰ ਤੇ ਅੱਪੜੋ। (ਸਿਮਰਨ ਦੀ ਬਰਕਤਿ ਨਾਲ) ਇਹ ਨਿਸਚਾ ਬਣਦਾ ਹੈ ਕਿ ਪ੍ਰਭੂ ਆਪਣੇ ਹੁਕਮ ਵਿਚ ਜੀਵਾਂ ਨੂੰ ਜੀਵਨ ਤੇ ਰੋਜ਼ੀ ਦੇਂਦਾ ਹੈ। 23।

ਸਲੋਕ ਮਃ ੧ ॥ ਪਉਣੈ ਪਾਣੀ ਅਗਨੀ ਜੀਉ ਤਿਨ ਕਿਆ ਖੁਸੀਆ ਕਿਆ ਪੀੜ ॥ ਧਰਤੀ ਪਾਤਾਲੀ ਆਕਾਸੀ ਇਕਿ ਦਰਿ ਰਹਨਿ ਵਜੀਰ ॥ ਇਕਨਾ ਵਡੀ ਆਰਜਾ ਇਕਿ ਮਰਿ ਹੋਹਿ ਜਹੀਰ ॥ ਇਕਿ ਦੇ ਖਾਹਿ ਨਿਖੁਟੈ ਨਾਹੀ ਇਕਿ ਸਦਾ ਫਿਰਹਿ ਫਕੀਰ ॥ ਹੁਕਮੀ ਸਾਜੇ ਹੁਕਮੀ ਢਾਹੇ ਏਕ ਚਸੇ ਮਹਿ ਲਖ ॥ ਸਭੁ ਕੋ ਨਥੈ ਨਥਿਆ ਬਖਸੇ ਤੋੜੇ ਨਥ ॥ ਵਰਨਾ ਚਿਹਨਾ ਬਾਹਰਾ ਲੇਖੇ ਬਾਝੁ ਅਲਖੁ ॥ ਕਿਉ ਕਥੀਐ ਕਿਉ ਆਖੀਐ ਜਾਪੈ ਸਚੋ ਸਚੁ ॥ ਕਰਣਾ ਕਥਨਾ ਕਾਰ ਸਭ ਨਾਨਕ ਆਪਿ ਅਕਥੁ ॥ ਅਕਥ ਕੀ ਕਥਾ ਸੁਣੇਇ ॥ ਰਿਧਿ ਬੁਧਿ ਸਿਧਿ ਗਿਆਨੁ ਸਦਾਸੁਖੁ ਹੋਇ ॥੧॥ {ਪੰਨਾ 1289}

ਪਦ ਅਰਥ:- ਪਉਣੈ—ਪਉਣ ਦਾ, ਹਵਾ ਦਾ। ਜੀਉ—ਜੀਵ। ਤਿਨ—ਇਹਨਾਂ ਜੀਵਾਂ ਨੂੰ। ਕਿਆ—ਕੀਹ? ਕਿਆ ਖੁਸੀਆ ਕਿਆ ਪੀੜ—ਕੀਹ ਸੁਖ ਤੇ ਕੀਹ ਦੁੱਖ? (ਭਾਵ, ਜੇ ਤੱਤਾਂ ਵਲ ਵੇਖੀਏ ਤਾਂ ਸਭ ਜੀਵਾਂ ਦੇ ਇਕੋ ਜਿਹੇ ਹਨ, ਫਿਰ ਇਹਨਾਂ ਨੂੰ ਸੁਖ ਦੁਖ ਕਿਉਂ ਵੱਖੋ ਵੱਖਰੇ ਹਨ?) ਆਕਾਸੀ—ਆਕਾਸ਼ਾਂ ਵਿਚ ਹਨ, (ਭਾਵ,) ਹੁਕਮ ਕਰ ਰਹੇ ਹਨ। ਇਕਿ—ਕਈ ਬੰਦੇ। ਦਰਿ—(ਰਾਜਿਆਂ ਦੇ) ਦਰ ਤੇ। ਆਰਜਾ—ਉਮਰ। ਜਹੀਰ—(ਅ:) ਦੁਖੀ।

ਫਕੀਰ—ਕੰਗਾਲ। ਨਥੈ ਨਥਿਆ—ਨੱਥ ਵਿਚ ਜਕੜਿਆ ਹੋਇਆ। ਜਾਪੈ—ਜਾਪਦਾ ਹੈ, ਭਾਸਦਾ ਹੈ, ਦਿੱਸਦਾ ਹੈ। ਕਰਨਾ—ਜੀਵਾਂ ਦਾ ਕੰਮ ਆਦਿਕ ਕਰਨਾ। ਕਥਨਾ—ਕਹਿਣਾ, ਬੋਲਣਾ। ਕਾਰ—ਪ੍ਰਭੂ ਵਲੋਂ ਮਿਥੀ ਹੋਈ ਕਿਰਤਿ। ਸੁਣੇਇ—ਸੁਣਦਾ ਹੈ।

ਅਰਥ:- ਹਵਾ ਪਾਣੀ ਤੇ ਅੱਗ (ਆਦਿਕ ਤੱਤਾਂ ਦਾ ਮੇਲ ਮਿਲਾ ਕੇ ਤੇ ਜੀਵਾਤਮਾ ਪਾ ਕੇ ਪ੍ਰਭੂ ਨੇ) ਜੀਵ ਬਣਾਇਆ, (ਤੱਤ ਸਭ ਜੀਵਾਂ ਦੇ ਇਕੋ ਜਿਹੇ ਹਨ, ਪਰ ਅਚਰਜ ਖੇਡ ਹੈ ਕਿ) ਇਹਨਾਂ ਨੂੰ ਕਈਆਂ ਨੂੰ ਦੁੱਖ ਤੇ ਕਈਆਂ ਨੂੰ ਸੁਖ (ਮਿਲ ਰਹੇ ਹਨ)। ਕਈ ਧਰਤੀ ਤੇ ਹਨ (ਭਾਵ, ਸਾਧਾਰਨ ਜਿਹੀ ਹਾਲਤ ਵਿਚ ਹਨ) ਕਈ (ਮਾਨੋ) ਪਤਾਲ ਵਿਚ ਪਏ ਹਨ (ਭਾਵ, ਕਈ ਨਿੱਘਰੇ ਹੋਏ ਹਨ) ਕਈ (ਮਾਨੋ) ਅਕਾਸ਼ ਵਿਚ ਹਨ (ਭਾਵ, ਕਈ ਹੁਕਮ ਕਰ ਰਹੇ ਹਨ), ਤੇ ਕਈ (ਰਾਜਿਆਂ ਦੇ) ਦਰਬਾਰ ਵਿਚ ਵਜ਼ੀਰ ਬਣੇ ਹੋਏ ਹਨ।

ਕਈ ਬੰਦਿਆਂ ਦੀ ਵੱਡੀ ਉਮਰ ਹੈ, ਕਈ (ਘਟ ਉਮਰੇ) ਮਰ ਕੇ ਦੁਖੀ ਹੁੰਦੇ ਹਨ। ਕਈ ਬੰਦੇ (ਹੋਰਨਾਂ ਨੂੰ ਭੀ) ਦੇ ਕੇ ਆਪ ਹੀ ਵਰਤਦੇ ਹਨ (ਪਰ ਉਹਨਾਂ ਦਾ ਧਨ) ਮੁੱਕਦਾ ਨਹੀਂ, ਕਈ ਸਦਾ ਕੰਗਾਲ ਫਿਰਦੇ ਹਨ।

ਪ੍ਰਭੂ ਆਪਣੇ ਹੁਕਮ ਅਨੁਸਾਰ ਇਕ ਪਲਕ ਵਿਚ ਲੱਖਾਂ ਜੀਵ ਪੈਦਾ ਕਰਦਾ ਹੈ ਲੱਖਾਂ ਨਾਸ ਕਰਦਾ ਹੈ, ਹਰੇਕ ਜੀਵ (ਆਪਣੇ ਕੀਤੇ ਕਰਮਾਂ ਅਨੁਸਾਰ ਰਜ਼ਾ-ਰੂਪ) ਨੱਥ ਵਿਚ ਜਕੜਿਆ ਪਿਆ ਹੈ। ਜਿਸ ਉਤੇ ਬਖ਼ਸ਼ਸ਼ ਕਰਦਾ ਹੈ ਉਸ ਦੇ ਬੰਧਨ ਤੋੜਦਾ ਹੈ। ਪਰ ਪ੍ਰਭੂ ਆਪ ਕਰਮਾਂ ਦੇ ਲੇਖੇ ਤੋਂ ਉਤਾਂਹ ਹੈ, ਉਸ ਦਾ ਕੋਈ ਰੰਗ ਰੂਪ ਨਹੀਂ ਹੈ ਤੇ ਕੋਈ ਚਿਹਨ ਚੱਕ੍ਰ ਨਹੀਂ ਹੈ। ਉਸ ਦੇ ਸਰੂਪ ਦਾ ਬਿਆਨ ਨਹੀਂ ਕੀਤਾ ਜਾ ਸਕਦਾ; ਉਂਵ ਉਹ ਹਰ ਥਾਂ ਹੋਂਦ ਵਾਲਾ ਦਿੱਸਦਾ ਹੈ। ਹੇ ਨਾਨਕ! ਜੀਵ ਜੋ ਕੁਝ ਕਰ ਰਹੇ ਹਨ ਤੇ ਬੋਲ ਰਹੇ ਹਨ ਉਹ ਸਭ ਪ੍ਰਭੂ ਦੀ ਪਾਈ ਹੋਈ ਕਾਰ ਹੀ ਹੈ, ਤੇ ਉਹ ਆਪ ਐਸਾ ਹੈ ਜਿਸ ਦਾ ਬਿਆਨ ਨਹੀਂ ਹੋ ਸਕਦਾ।

ਜਿਹੜਾ ਮਨੁੱਖ ਉਸ ਅਕੱਥ ਪ੍ਰਭੂ ਦੀਆਂ ਗੱਲਾਂ ਸੁਣਦਾ ਹੈ (ਭਾਵ, ਗੁਣ ਗਾਂਦਾ ਹੈ) ਉਸ ਨੂੰ ਉੱਚੀ ਸਮਝ ਪ੍ਰਾਪਤ ਹੁੰਦੀ ਹੈ ਉਸ ਨੂੰ ਸੁਖ ਮਿਲਦਾ ਹੈ (ਮਾਨੋ) ਉਸ ਨੂੰ ਰਿੱਧੀਆਂ ਸਿੱਧੀਆਂ ਮਿਲ ਗਈਆਂ ਹਨ।1।

ਮਃ ੧ ॥ ਅਜਰੁ ਜਰੈ ਤ ਨਉ ਕੁਲ ਬੰਧੁ ॥ ਪੂਜੈ ਪ੍ਰਾਣ ਹੋਵੈ ਥਿਰੁ ਕੰਧੁ ॥ ਕਹਾਂ ਤੇ ਆਇਆ ਕਹਾਂ ਏਹੁ ਜਾਣੁ ॥ ਜੀਵਤ ਮਰਤ ਰਹੈ ਪਰਵਾਣੁ ॥ ਹੁਕਮੈ ਬੂਝੈ ਤਤੁ ਪਛਾਣੈ ॥ ਇਹੁ ਪਰਸਾਦੁ ਗੁਰੂ ਤੇ ਜਾਣੈ ॥ ਹੋਂਦਾ ਫੜੀਅਗੁ ਨਾਨਕ ਜਾਣੁ ॥ ਨਾ ਹਉ ਨਾ ਮੈ ਜੂਨੀ ਪਾਣੁ ॥੨॥ {ਪੰਨਾ 1289}

ਪਦ ਅਰਥ:- ਅਜਰੁ—ਜੋ ਜਰਿਆ ਨਾ ਜਾ ਸਕੇ, ਉਹ ਹਾਲਤ ਜਿਸ ਨੂੰ ਜਰਨਾ ਔਖਾ ਹੈ, ਮਨ ਦਾ ਉਹ ਵੇਗ ਜਿਸ ਨੂੰ ਜਰਨਾ ਔਖਾ ਹੈ (ਨੋਟ:- ਕਈ ਸੱਜਣ ਇਸ ਦਾ ਅਰਥ ਇਉਂ ਕਰਦੇ ਹਨ—'ਆਤਮ ਰਸ ਜੋ ਅਜਰ ਵਸਤੂ ਹੈ। ' ਪਰ ਪ੍ਰਸ਼ਨ ਉੱਠਦਾ ਹੈ ਕਿ 'ਆਤਮਰਸ' ਕਿਉਂ 'ਅਜਰ' ਹੈ? ਕੀ ਇਹ ਕੋਈ ਐਸੀ ਅਯੋਗ ਅਵਸਥਾ ਪੈਦਾ ਕਰ ਦੇਂਦਾ ਹੈ ਜੋ ਜਰੀ ਨਹੀਂ ਜਾਂਦੀ? ਫਿਰ, ਜੇ 'ਬੰਦਗੀ' ਭੀ ਕਿਸੇ ਕੁਰਾਹੇ ਪਾ ਸਕਦੀ ਹੈ ਤਾਂ ਇਹ ਸਹੀ ਰਸਤਾ ਕਿਵੇਂ ਹੋਇਆ? ਜਿਥੇ 'ਨਾਮ' ਹੈ ਓਥੇ 'ਹਉਮੈ' ਨਹੀਂ, ਓਥੇ ਪ੍ਰਭੂ ਨਾਲੋਂ 'ਵਿਛੋੜਾ' ਨਹੀਂ, ਓਥੇ ਪ੍ਰਭੂ ਨਾਲ 'ਮਿਲਾਪ' ਹੈ; ਤੇ ਇਹ ਅਵਸਥਾ ਮਾੜੀ ਨਹੀਂ ਹੁੰਦੀ, ਇਥੇ ਕੋਈ 'ਅਹੰਕਾਰ' ਨਹੀਂ ਆ ਸਕਦਾ; ਅਹੰਕਾਰ' ਤੇ 'ਨਾਮ' ਤਾਂ ਇਕੱਠੇ ਰਹਿ ਹੀ ਨਹੀਂ ਸਕਦੇ। ਸੋ, 'ਆਤਮ ਰਸ' ਕੋਈ ਅਜੇਹੀ ਅਵਸਥਾ ਨਹੀਂ ਜਿਸ ਉਤੇ ਕੋਈ ਬੰਦਸ਼ ਦੀ ਲੋੜ ਪਏ, ਜਿਸ ਵਲੋਂ ਕੋਈ ਖ਼ਤਰਾ ਹੋ ਸਕਦਾ ਹੋਵੇ। ਕ੍ਰੋਧ ਤੇ ਸਰਾਪ ਆਦਿਕ ਵਾਲੀ ਅਵਸਥਾ 'ਨਾਮ' ਤੋਂ 'ਆਤਮਰਸ' ਤੋਂ ਬਹੁਤ ਨੀਵੀਂ ਹੁੰਦੀ ਹੈ। ਆਤਮ-ਰਸੀਆ ਕ੍ਰੋਧ ਵਿਚ ਨਹੀਂ ਆਉਂਦਾ, ਸ੍ਰਾਪ ਨਹੀਂ ਦੇਂਦਾ; ਜਦੋਂ ਉਹ ਸ੍ਰਾਪ ਦੇਣ ਵਾਲੀ ਹਾਲਤ ਵਿਚ ਹੋਵੇ, ਤਦੋਂ ਉਹ 'ਆਤਮ-ਰਸੀਆ' ਨਹੀਂ ਹੁੰਦਾ)। ਬੰਧੁ—ਬਧੇਜ, ਹੱਦ ਬੰਨਾ। ਨਉ ਕੁਲ ਬੰਧੁ—ਨੌ ਗੋਲਕਾਂ (ਨੱਕ ਕੰਨ ਆਦਿ ਗਿਆਨ ਤੇ ਕਰਮ ਇੰਦ੍ਰਿਆਂ) ਨੂੰ ਹੱਦ-ਬੰਨਾ ਮਿਲ ਜਾਂਦਾ ਹੈ; (ਭਾਵ,) ਇਹ ਸਾਰੇ ਇੰਦ੍ਰੇ ਆਪਣੀ ਜਾਇਜ਼ ਹੱਦ ਵਿਚ ਰਹਿੰਦੇ ਹਨ। ਪ੍ਰਾਣ—ਸੁਆਸ ਸੁਆਸ। ਥਿਰੁ—ਅਡੋਲ। ਕੰਧੁ—ਸਰੀਰ। ਥਿਰੁ ਕੰਧੁ—ਸਰੀਰ ਅਡੋਲ ਹੋ ਜਾਂਦਾ ਹੈ, (ਭਾਵ,) ਵਿਕਾਰਾਂ ਵਿਚ ਡੋਲਦਾ ਨਹੀਂ। ਪਰਸਾਦੁ—ਕਿਰਪਾ, ਮਿਹਰ।

ਹੋਂਦਾ—ਜੋ ਕਹੇ 'ਮੈਂ ਹਾਂ', (ਭਾਵ,) ਹਉਮੈ ਵਾਲਾ, ਅਹੰਕਾਰੀ। ਫੜੀਅਗੁ—ਫੜਿਆ ਜਾਇਗਾ। ਜਾਣੁ—ਜਾਣ ਲੈ, ਸਮਝ ਲੈ। ਜੂਨੀ ਪਾਣੁ—ਜੂਨਾਂ ਵਿਚ ਪੈਣਾ, ਜਨਮ-ਮਰਨ ਦਾ ਗੇੜ।

ਅਰਥ:- ਜਦੋਂ ਮਨੁੱਖ ਮਨ ਦੀ ਉਸ ਅਵਸਥਾ ਤੇ ਕਾਬੂ ਪਾ ਲੈਂਦਾ ਹੈ ਜਿਸ ਤੇ ਕਾਬੂ ਪਾਣਾ ਔਖਾ ਹੁੰਦਾ ਹੈ (ਭਾਵ, ਜਦੋਂ ਮਨੁੱਖ ਮਨ ਨੂੰ ਵਿਕਾਰਾਂ ਵਿਚ ਡਿੱਗਣ ਤੋਂ ਰੋਕ ਲੈਂਦਾ ਹੈ), ਜਦੋਂ ਮਨੁੱਖ ਸੁਆਸ ਸੁਆਸ ਪ੍ਰਭੂ ਨੂੰ ਸਿਮਰਦਾ ਹੈ ਤਾਂ ਇਸ ਦੇ ਨੈਂ ਹੀ (ਕਰਮ ਤੇ ਗਿਆਨ) ਇੰਦ੍ਰੇ ਜਾਇਜ਼ ਹੱਦ ਵਿਚ ਰਹਿੰਦੇ ਹਨ, ਇਸ ਦਾ ਸਰੀਰ ਵਿਕਾਰਾਂ ਵਲੋਂ ਅਡੋਲ ਹੋ ਜਾਂਦਾ ਹੈ।

ਕਿੱਥੋਂ ਆਇਆ ਹੈ ਤੇ ਕਿੱਥੇ ਇਸ ਨੇ ਜਾਣਾ ਹੈ? (ਭਾਵ, ਇਸ ਦਾ 'ਜਨਮ ਮਰਨ ਦਾ ਚੱਕਰ' ਮਿਟ ਜਾਂਦਾ ਹੈ), ਜੀਵਤ-ਭਾਵ (ਭਾਵ, ਨਫ਼ਸਾਨੀ ਖ਼ਾਹਸ਼ਾਂ) ਤੋਂ ਮਰ ਕੇ (ਪ੍ਰਭੂ ਦਰ ਤੇ) ਪ੍ਰਵਾਨ ਹੋ ਜਾਂਦਾ ਹੈ। ਤਦੋਂ ਜੀਵ ਪਰਮਾਤਮਾ ਦੀ ਰਜ਼ਾ ਨੂੰ ਸਮਝ ਲੈਂਦਾ ਹੈ, ਅਸਲੀਅਤ ਨੂੰ ਪਛਾਣ ਲੈਂਦਾ ਹੈ—ਇਹ ਮਿਹਰ ਇਸ ਨੂੰ ਗੁਰੂ ਤੋਂ ਮਿਲਦੀ ਹੈ।

ਹੇ ਨਾਨਕ! ਇਹ ਸਮਝ ਲੈ ਕਿ ਉਹੀ ਫਸਦਾ ਹੈ ਜੋ ਕਹਿੰਦਾ ਹੈ 'ਮੈਂ ਹਾਂ' 'ਮੈਂ ਹਾਂ' ਜਿਥੇ 'ਹਉ' ਨਹੀਂ ਜਿਥੇ 'ਮੈਂ' ਨਹੀਂ, ਓਥੇ ਜੂਨੀਆਂ ਵਿਚ ਪੈਣ (ਦਾ ਦੁੱਖ ਭੀ) ਨਹੀਂ ਹੈ।2।

ਪਉੜੀ ॥ ਪੜ੍ਹੀਐ ਨਾਮੁ ਸਾਲਾਹ ਹੋਰਿ ਬੁਧੀਂ ਮਿਥਿਆ ॥ ਬਿਨੁ ਸਚੇ ਵਾਪਾਰ ਜਨਮੁ ਬਿਰਥਿਆ ॥ ਅੰਤੁ ਨ ਪਾਰਾਵਾਰੁ ਨ ਕਿਨ ਹੀ ਪਾਇਆ ॥ ਸਭੁ ਜਗੁ ਗਰਬਿ ਗੁਬਾਰੁ ਤਿਨ ਸਚੁ ਨ ਭਾਇਆ ॥ ਚਲੇ ਨਾਮੁ ਵਿਸਾਰਿ ਤਾਵਣਿ ਤਤਿਆ ॥ ਬਲਦੀ ਅੰਦਰਿ ਤੇਲੁ ਦੁਬਿਧਾ ਘਤਿਆ ॥ ਆਇਆ ਉਠੀ ਖੇਲੁ ਫਿਰੈ ਉਵਤਿਆ ॥ ਨਾਨਕ ਸਚੈ ਮੇਲੁ ਸਚੈ ਰਤਿਆ ॥੨੪॥ {ਪੰਨਾ 1289}

ਪਦ ਅਰਥ:- ਹੋਰਿ ਬੁਧੀਂ—ਹੋਰ ਅਕਲਾਂ। ਗਰਬਿ—ਅਹੰਕਾਰ ਵਿਚ। ਗੁਬਾਰੁ—ਅੰਨ੍ਹਾ। ਤਾਵਣਿ—ਕੜਾਹੇ ਵਿਚ। ਉਠੀ ਖੇਲੁ—ਖੇਡ ਮੁੱਕ ਜਾਂਦੀ ਹੈ, ਮਰ ਜਾਂਦਾ ਹੈ। ਉਵਤਿਆ—ਅਵੈੜਾ। ਸਚੇ ਰਤਿਆ—ਸੱਚੇ ਵਿਚ ਰੰਗਿਆ ਹੋਇਆ। ਮਿਥਿਆ—ਵਿਅਰਥ। ਕਿਨ ਹੀ—ਕਿਨਿ ਹੀ (ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਕਿਨਿ' ਦੀ 'ਿ' ਉੱਡ ਗਈ ਹੈ) ਕਿਸੇ ਨੇ ਹੀ। ਪਾਰਾਵਾਰੁ—ਪਾਰ-ਅਵਾਰੁ, ਪਾਰਲਾ ਉਰਲਾ ਬੰਨਾ। ਸਚੁ—ਸੱਚ, ਸਦਾ-ਥਿਰ ਹਰਿ-ਨਾਮ। ਭਾਇਆ—ਚੰਗਾ ਲੱਗਦਾ। ਤਤਿਆ—ਤਲੀਦੇ ਹਨ। ਸਚੈ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ।

ਅਰਥ:- (ਹੇ ਭਾਈ!) ਪ੍ਰਭੂ ਦਾ 'ਨਾਮ' ਪੜ੍ਹਨਾ ਚਾਹੀਦਾ ਹੈ, ਸਿਫ਼ਤਿ-ਸਾਲਾਹ ਪੜ੍ਹਨੀ ਚਾਹੀਦੀ ਹੈ, 'ਨਾਮ' ਤੋਂ ਬਿਨਾ ਹੋਰ ਅਕਲਾਂ ਵਿਅਰਥ ਹਨ; ('ਨਾਮ' ਹੀ ਸੱਚਾ ਵਪਾਰ ਹੈ, ਇਸ) ਸੱਚੇ ਵਪਾਰ ਤੋਂ ਬਿਨਾ ਜੀਵਨ ਅਜਾਈਂ ਜਾਂਦਾ ਹੈ।

(ਇਹਨਾਂ ਹੋਰ ਹੋਰ ਕਿਸਮਾਂ ਦੀਆਂ ਅਕਲਾਂ ਤੇ ਚਤੁਰਾਈਆਂ ਨਾਲ) ਕਦੇ ਕਿਸੇ ਨੇ ਪ੍ਰਭੂ ਦਾ ਅੰਤ ਨਹੀਂ ਪਾਇਆ, ਉਸਦਾ ਪਾਰਲਾ ਉਰਲਾ ਬੰਨਾ ਨਹੀਂ ਲੱਭਾ, (ਹਾਂ, ਇਹਨਾਂ ਅਕਲਾਂ ਦੇ ਕਾਰਨ) ਸਾਰਾ ਜਗਤ ਅਹੰਕਾਰ ਵਿਚ ਅੰਨ੍ਹਾ ਹੋ ਜਾਂਦਾ ਹੈ, ਇਹਨਾਂ (ਨਾਮ-ਹੀਣ ਵਿਦਵਾਨਾਂ) ਨੂੰ 'ਸਚੁ' (ਭਾਵ, 'ਨਾਮ' ਸਿਮਰਨਾ) ਚੰਗਾ ਨਹੀਂ ਲੱਗਦਾ। (ਜਿਉਂ ਜਿਉਂ) ਇਹ ਨਾਮ ਵਿਸਾਰ ਕੇ ਤੁਰਦੇ ਹਨ ('ਹਉਮੈ' ਦੇ ਕਾਰਨ, ਮਾਨੋ,) ਕੜਾਹੇ ਵਿਚ ਤਲੀਦੇ ਹਨ। (ਇਹਨਾਂ ਦੇ ਹਿਰਦੇ ਵਿਚ ਪੈਦਾ ਹੋਈ ਹੋਈ) ਦੁਬਿਧਾ, ਮਾਨੋ, ਬਲਦੀ ਵਿਚ ਤੇਲ ਪਾਇਆ ਜਾਂਦਾ ਹੈ (ਭਾਵ, 'ਦੁਬਿਧਾ' ਦੇ ਕਾਰਨ ਵਿੱਦਿਆ ਤੋਂ ਪੈਦਾ ਹੋਇਆ ਅਹੰਕਾਰ ਹੋਰ ਵਧੀਕ ਦੁਖੀ ਕਰਦਾ ਹੈ)। (ਅਜੇਹਾ ਬੰਦਾ ਜਗਤ ਵਿਚ) ਆਉਂਦਾ ਹੈ ਤੇ ਮਰ ਜਾਂਦਾ ਹੈ (ਭਾਵ, ਵਿਅਰਥ ਜੀਵਨ ਗੁਜ਼ਾਰ ਜਾਂਦਾ ਹੈ, ਤੇ ਸਾਰੀ ਉਮਰ) ਅਵੈੜਾ ਹੀ ਭੌਂਦਾ ਫਿਰਦਾ ਹੈ।

ਹੇ ਨਾਨਕ! ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਉਸ ਬੰਦੇ ਦਾ ਮੇਲ ਹੁੰਦਾ ਹੈ ਜੋ ਉਸ ਸੱਚੇ (ਦੇ ਪਿਆਰ) ਵਿਚ ਰੰਗਿਆ ਹੁੰਦਾ ਹੈ। 24।

ਸਲੋਕ ਮਃ ੧ ॥ ਪਹਿਲਾਂ ਮਾਸਹੁ ਨਿੰਮਿਆ ਮਾਸੈ ਅੰਦਰਿ ਵਾਸੁ ॥ ਜੀਉ ਪਾਇ ਮਾਸੁ ਮੁਹਿ ਮਿਲਿਆ ਹਡੁ ਚੰਮੁ ਤਨੁ ਮਾਸੁ ॥ ਮਾਸਹੁ ਬਾਹਰਿ ਕਢਿਆ ਮੰਮਾ ਮਾਸੁ ਗਿਰਾਸੁ ॥ ਮੁਹੁ ਮਾਸੈ ਕਾ ਜੀਭ ਮਾਸੈ ਕੀ ਮਾਸੈ ਅੰਦਰਿ ਸਾਸੁ ॥ ਵਡਾ ਹੋਆ ਵੀਆਹਿਆ ਘਰਿ ਲੈ ਆਇਆ ਮਾਸੁ ॥ ਮਾਸਹੁ ਹੀ ਮਾਸੁ ਊਪਜੈ ਮਾਸਹੁ ਸਭੋ ਸਾਕੁ ॥ ਸਤਿਗੁਰਿ ਮਿਲਿਐ ਹੁਕਮੁ ਬੁਝੀਐ ਤਾਂ ਕੋ ਆਵੈ ਰਾਸਿ ॥ ਆਪਿ ਛੁਟੇ ਨਹ ਛੂਟੀਐ ਨਾਨਕ ਬਚਨਿ ਬਿਣਾਸੁ ॥੧॥ {ਪੰਨਾ 1289}

ਪਦ ਅਰਥ:- ਨਿੰਮਿਆ—ਨਿਰਮਿਆ, ਬਣਿਆ, ਮੁਢ ਬੱਝਾ। ਜੀਉ ਪਾਇ—ਜਿੰਦ ਹਾਸਲ ਕਰ ਕੇ, ਭਾਵ, ਜਦੋਂ ਜਾਨ ਪਈ। ਗਿਰਾਸੁ—ਗਿਰਾਹੀ, ਖ਼ੁਰਾਕ। ਸਾਸੁ—ਸਾਹ। ਕੋ—ਕੋਈ (ਭਾਵ,) ਜੀਵ। ਆਵੈ ਰਾਸਿ—ਰਾਸ ਆਉਂਦਾ ਹੈ, ਸਿਰੇ ਚੜ੍ਹਦਾ ਹੈ, ਸਫਲ ਹੁੰਦਾ ਹੈ। ਆਪਿ ਛੁਟੇ—ਆਪਣੇ ਜ਼ੋਰ ਨਾਲ ਬਚਿਆਂ। ਬਚਨਿ—ਬਚਨ ਨਾਲ, (ਇਸ ਕਿਸਮ ਦੀ) ਚਰਚਾ ਨਾਲ। ਬਿਣਾਸੁ—ਹਾਨੀ।

ਅਰਥ:- ਸਭ ਤੋਂ ਪਹਿਲਾਂ ਮਾਸ (ਭਾਵ, ਪਿਤਾ ਦੇ ਵੀਰਜ) ਤੋਂ ਹੀ (ਜੀਵ ਦੀ ਹਸਤੀ ਦਾ) ਮੁੱਢ ਬੱਝਦਾ ਹੈ, (ਫਿਰ) ਮਾਸ (ਭਾਵ, ਮਾਂ ਦੇ ਪੇਟ) ਵਿਚ ਹੀ ਇਸ ਦਾ ਵਸੇਬਾ ਹੁੰਦਾ ਹੈ; ਜਦੋਂ (ਪੁਤਲੇ ਵਿਚ) ਜਾਨ ਪੈਂਦੀ ਹੈ ਤਾਂ ਵੀ (ਜੀਭ-ਰੂਪ) ਮਾਸ ਮੂੰਹ ਵਿਚ ਮਿਲਦਾ ਹੈ (ਇਸ ਦੇ ਸਰੀਰ ਦੀ ਸਾਰੀ ਹੀ ਘਾੜਤ) ਹੱਡ ਚੰਮ ਸਰੀਰ ਸਭ ਕੁਝ ਮਾਸ (ਹੀ ਬਣਦਾ ਹੈ)।

ਜਦੋਂ (ਮਾਂ ਦੇ ਪੇਟ-ਰੂਪ) ਮਾਸ ਵਿਚੋਂ ਬਾਹਰ ਭੇਜਿਆ ਜਾਂਦਾ ਹੈ ਤਾਂ ਭੀ ਮੰਮਾ (-ਰੂਪ) ਮਾਸ ਖ਼ੁਰਾਕ ਮਿਲਦੀ ਹੈ; ਇਸ ਦਾ ਮੂੰਹ ਭੀ ਮਾਸ ਦਾ ਹੈ ਜੀਭ ਭੀ ਮਾਸ ਦੀ ਹੈ, ਮਾਸ ਵਿਚ ਸਾਹ ਲੈਂਦਾ ਹੈ। ਜਦੋਂ ਜੁਆਨ ਹੁੰਦਾ ਹੈ ਤੇ ਵਿਆਹਿਆ ਜਾਂਦਾ ਹੈ ਤਾਂ ਭੀ (ਇਸਤ੍ਰੀ-ਰੂਪ) ਮਾਸ ਹੀ ਘਰ ਲੈ ਆਉਂਦਾ ਹੈ; (ਫਿਰ) ਮਾਸ ਤੋਂ ਹੀ (ਬੱਚਾ-ਰੂਪ) ਮਾਸ ਜੰਮਦਾ ਹੈ; (ਸੋ, ਜਗਤ ਦਾ ਸਾਰਾ) ਸਾਕ-ਸੰਬੰਧ ਮਾਸ ਤੋਂ ਹੀ ਹੈ।

(ਮਾਸ ਖਾਣ ਜਾਂ ਨਾਹ ਖਾਣ ਦਾ ਨਿਰਨਾ ਸਮਝਣ ਦੇ ਥਾਂ) ਜੇ ਸਤਿਗੁਰੂ ਮਿਲ ਪਏ ਤੇ ਪ੍ਰਭੂ ਦੀ ਰਜ਼ਾ ਸਮਝੀਏ ਤਾਂ ਜੀਵ (ਦਾ ਜਗਤ ਵਿਚ ਆਉਣਾ) ਨੇਪਰੇ ਚੜ੍ਹਦਾ ਹੈ (ਨਹੀਂ ਤਾਂ ਜੀਵ ਨੂੰ ਮਾਸ ਨਾਲ ਜੰਮਣ ਤੋਂ ਲੈ ਕੇ ਮਰਨ ਤਕ ਇਤਨਾ ਡੂੰਘਾ ਵਾਸਤਾ ਪੈਂਦਾ ਹੈ ਕਿ) ਆਪਣੇ ਜ਼ੋਰ ਨਾਲ ਇਸ ਤੋਂ ਬਚਿਆਂ ਖ਼ਲਾਸੀ ਨਹੀਂ ਹੁੰਦੀ; ਤੇ, ਹੇ ਨਾਨਕ! (ਇਸ ਕਿਸਮ ਦੀ) ਚਰਚਾ ਨਾਲ (ਨਿਰੀ) ਹਾਨੀ ਹੀ ਹੁੰਦੀ ਹੈ।1।

ਮਃ ੧ ॥ ਮਾਸੁ ਮਾਸੁ ਕਰਿ ਮੂਰਖੁ ਝਗੜੇ ਗਿਆਨੁ ਧਿਆਨੁ ਨਹੀ ਜਾਣੈ ॥ ਕਉਣੁ ਮਾਸੁ ਕਉਣੁ ਸਾਗੁ ਕਹਾਵੈ ਕਿਸੁ ਮਹਿ ਪਾਪ ਸਮਾਣੇ ॥ ਗੈਂਡਾ ਮਾਰਿ ਹੋਮ ਜਗ ਕੀਏ ਦੇਵਤਿਆ ਕੀ ਬਾਣੇ ॥ ਮਾਸੁ ਛੋਡਿ ਬੈਸਿ ਨਕੁ ਪਕੜਹਿ ਰਾਤੀ ਮਾਣਸ ਖਾਣੇ ॥ ਫੜੁ ਕਰਿ ਲੋਕਾਂ ਨੋ ਦਿਖਲਾਵਹਿ ਗਿਆਨੁ ਧਿਆਨੁ ਨਹੀ ਸੂਝੈ ॥ ਨਾਨਕ ਅੰਧੇ ਸਿਉ ਕਿਆ ਕਹੀਐ ਕਹੈ ਨ ਕਹਿਆ ਬੂਝੈ ॥ ਅੰਧਾ ਸੋਇ ਜਿ ਅੰਧੁ ਕਮਾਵੈ ਤਿਸੁ ਰਿਦੈ ਸਿ ਲੋਚਨ ਨਾਹੀ ॥ ਮਾਤ ਪਿਤਾ ਕੀ ਰਕਤੁ ਨਿਪੰਨੇ ਮਛੀ ਮਾਸੁ ਨ ਖਾਂਹੀ ॥ ਇਸਤ੍ਰੀ ਪੁਰਖੈ ਜਾਂ ਨਿਸਿ ਮੇਲਾ ਓਥੈ ਮੰਧੁ ਕਮਾਹੀ ॥ ਮਾਸਹੁ ਨਿੰਮੇ ਮਾਸਹੁ ਜੰਮੇ ਹਮ ਮਾ ਸੈ ਕੇ ਭਾਂਡੇ ॥ ਗਿਆਨੁ ਧਿਆਨੁ ਕਛੁ ਸੂਝੈ ਨਾਹੀ ਚਤੁਰੁ ਕਹਾਵੈ ਪਾਂਡੇ ॥ ਬਾਹਰ ਕਾ ਮਾਸੁ ਮੰਦਾ ਸੁਆਮੀ ਘਰ ਕਾ ਮਾਸੁ ਚੰਗੇਰਾ ॥ ਜੀਅ ਜੰਤ ਸਭਿ ਮਾਸਹੁ ਹੋਏ ਜੀਇ ਲਇਆ ਵਾਸੇਰਾ ॥ ਅਭਖੁ ਭਖਹਿ ਭਖੁ ਤਜਿ ਛੋਡਹਿ ਅੰਧੁ ਗੁਰੂ ਜਿਨ ਕੇਰਾ ॥ ਮਾਸਹੁ ਨਿੰਮੇ ਮਾਸਹੁ ਜੰਮੇ ਹਮ ਮਾਸੈ ਕੇ ਭਾਂਡੇ ॥ ਗਿਆਨੁ ਧਿਆਨੁ ਕਛੁ ਸੂਝੈ ਨਾਹੀ ਚਤੁਰੁ ਕਹਾਵੈ ਪਾਂਡੇ ॥ ਮਾਸੁ ਪੁਰਾਣੀ ਮਾਸੁ ਕਤੇਬੀ ਚਹੁ ਜੁਗਿ ਮਾਸੁ ਕਮਾਣਾ ॥ ਜਜਿ ਕਾਜਿ ਵੀਆਹਿ ਸੁਹਾਵੈ ਓਥੈ ਮਾਸੁ ਸਮਾਣਾ ॥ ਇਸਤ੍ਰੀ ਪੁਰਖ ਨਿਪਜਹਿ ਮਾਸਹੁ ਪਾਤਿਸਾਹ

ਸੁਲਤਾਨਾਂ ॥ ਜੇ ਓਇ ਦਿਸਹਿ ਨਰਕਿ ਜਾਂਦੇ ਤਾਂ ਉਨ੍ ਕਾ ਦਾਨੁ ਨ ਲੈਣਾ ॥ ਦੇਂਦਾ ਨਰਕਿ ਸੁਰਗਿ ਲੈਦੇ ਦੇਖਹੁ ਏਹੁ ਧਿਙਾਣਾ ॥ ਆਪਿ ਨ ਬੂਝੈ ਲੋਕ ਬੁਝਾਏ ਪਾਂਡੇ ਖਰਾ ਸਿਆਣਾ ॥ ਪਾਂਡੇ ਤੂ ਜਾਣੈ ਹੀ ਨਾਹੀ ਕਿਥਹੁ ਮਾਸੁ ਉਪੰਨਾ ॥ ਤੋਇਅਹੁ ਅੰਨੁ ਕਮਾਦੁ ਕਪਾਹਾਂ ਤੋਇਅਹੁ ਤ੍ਰਿਭਵਣੁ ਗੰਨਾ ॥ ਤੋਆ ਆਖੈ ਹਉ ਬਹੁ ਬਿਧਿ ਹਛਾ ਤੋਐ ਬਹੁਤੁ ਬਿਕਾਰਾ ॥ ਏਤੇ ਰਸ ਛੋਡਿ ਹੋਵੈ ਸੰਨਿਆਸੀ ਨਾਨਕੁ ਕਹੈ ਵਿਚਾਰਾ ॥੨॥ {ਪੰਨਾ 1289-1290}

ਪਦ ਅਰਥ:- ਝਗੜੇ—ਚਰਚਾ ਕਰਦਾ ਹੈ। ਗਿਆਨੁ—ਉੱਚੀ ਸਮਝ, ਆਤਮਕ ਜੀਵਨ ਦੀ ਸੂਝ। ਧਿਆਨੁ—ਉੱਚੀ ਸੁਰਤਿ। ਬਾਣੇ—ਬਾਣ ਅਨੁਸਾਰ, ਆਦਤ ਅਨੁਸਾਰ। ਫੜੁ—ਪਖੰਡ। ਸਿ ਲੋਚਨ—ਉਹ ਅੱਖਾਂ। ਰਕਤੁ—ਰੱਤ, ਲਹੂ। ਨਿਪੰਨੇ—ਪੈਦਾ ਹੋਏ। ਨਿਸਿ—ਰਾਤ ਵੇਲੇ। ਮੰਧੁ—ਮੰਦ। ਬਾਹਰ ਕਾ ਮਾਸੁ—ਬਾਹਰੋਂ ਲਿਆਂਦਾ ਹੋਇਆ ਮਾਸ। ਜੀਇ—ਜੀਵ ਨੇ। ਅਭਖੁ—ਨਾਹ ਖਾਣ ਵਾਲੀ ਸ਼ੈ। ਕੇਰਾ—ਦਾ। ਕਤੇਬੀ—ਮੁਸਲਮਾਨਾਂ ਦੀਆਂ ਮਜ਼ਹਬੀ ਕਿਤਾਬਾਂ ਵਿਚ। ਕਮਾਣਾ—ਵਰਤਿਆ ਜਾਂਦਾ ਹੈ। ਜਜਿ—ਜੱਗ ਵਿਚ। ਕਾਜਿ—ਵਿਆਹ ਵਿਚ। ਤੋਇਅਹੁ—ਪਾਣੀ ਤੋਂ। ਬਿਕਾਰਾ—ਤਬਦੀਲੀਆਂ। ਸੰਨਿਆਸੀ—ਤਿਆਗੀ। ਮਾਰਿ—ਮਾਰ ਕੇ। ਛੋਡਿ—ਛੱਡ ਕੇ। ਬੈਸਿ—ਬੈਠ ਕੇ। ਨਕੁ ਪਕੜਹਿ—ਨੱਕ ਬੰਦ ਕਰ ਲੈਂਦੇ ਹਨ। ਰਾਤੀ—ਰਾਤ ਨੂੰ, ਲੁਕ ਕੇ। ਮਾਣਸ ਖਾਣੇ—ਲੋਕਾਂ ਦਾ ਲਹੂ ਪੀਣ ਦੀਆਂ ਸੋਚਾਂ ਸੋਚਦੇ ਹਨ। ਸੂਝੈ—ਸੁੱਝਦਾ (ਇਹਨਾਂ ਨੂੰ)। ਕਿਆ ਕਹੀਐ—ਸਮਝਣ ਦਾ ਕੋਈ ਲਾਭ ਨਹੀਂ। ਕਹੈ—(ਜੇ ਕੋਈ) ਆਖੇ, ਜੇ ਕੋਈ ਸਮਝਾਏ। ਸੁਆਮੀ—ਹੇ ਸੁਆਮੀ! ਹੇ ਪੰਡਿਤ! ਸਭਿ—ਸਾਰੇ। ਲਇਆ ਵਾਸੇਰਾ—ਡੇਰਾ ਲਾਇਆ ਹੋਇਆ ਹੈ। ਭਖੁ—ਖਾਣ-ਜੋਗ ਚੀਜ਼। ਚਤੁਰੁ—ਸਿਆਣਾ। ਸੁਹਾਵੈ—ਸੋਭਦਾ ਹੈ, ਚੰਗਾ ਮੰਨਿਆ ਜਾਂਦਾ ਹੈ। ਓਇ—(ਲਫ਼ਜ਼ 'ਓਹ' ਤੋਂ ਬਹੁ-ਵਚਨ) ਉਹ ਸਾਰੇ। ਨਰਕਿ—ਨਰਕ ਵਿਚ। ਸੁਰਗਿ—ਸੁਰਗ ਵਿਚ। ਧਿਙਾਣਾ—ਧੱਕੇ ਦੀ ਗੱਲ। ਰਸ—ਚਸਕੇ। ਏਤੇ ਰਸ—ਇਹਨਾਂ ਸਾਰੇ ਪਦਾਰਥਾਂ ਦੇ ਚਸਕੇ। ਛੋਡਿ—ਛੱਡ ਕੇ। ਵਿਚਾਰਾ—ਵਿਚਾਰ ਦੀ ਗੱਲ। ਤ੍ਰਿਭਵਣੁ—ਸਾਰਾ ਜਗਤ।

ਅਰਥ:- (ਆਪਣੇ ਵਲੋਂ ਮਾਸ ਦਾ ਤਿਆਗੀ) ਮੂਰਖ (ਪੰਡਿਤ) ਮਾਸ ਮਾਸ ਆਖ ਕੇ ਚਰਚਾ ਕਰਦਾ ਹੈ, ਪਰ ਨਾਹ ਇਸ ਨੂੰ ਆਤਮਕ ਜੀਵਨ ਦੀ ਸਮਝ ਨਾਹ ਇਸ ਨੂੰ ਸੁਰਤਿ ਹੈ (ਨਹੀਂ ਤਾਂ ਇਹ ਗਹੁ ਨਾਲ ਵਿਚਾਰੇ ਕਿ) ਮਾਸ ਤੇ ਸਾਗ ਵਿਚ ਕੀਹ ਫ਼ਰਕ ਹੈ, ਤੇ ਕਿਸ (ਦੇ ਖਾਣ) ਵਿਚ ਪਾਪ ਹੈ। (ਪੁਰਾਣੇ ਸਮੇ ਵਿਚ ਭੀ, ਲੋਕ) ਦੇਵਤਿਆਂ ਦੇ ਸੁਭਾਉ ਅਨੁਸਾਰ (ਭਾਵ, ਦੇਵਤਿਆਂ ਨੂੰ ਖ਼ੁਸ਼ ਕਰਨ ਲਈ) ਗੈਂਡਾ ਮਾਰ ਕੇ ਹੋਮ ਤੇ ਜੱਗ ਕਰਦੇ ਸਨ। ਜੋ ਮਨੁੱਖ (ਆਪਣੇ ਵਲੋਂ) ਮਾਸ ਤਿਆਗ ਕੇ (ਜਦ ਕਦੇ ਕਿਤੇ ਮਾਸ ਵੇਖਣ ਤਾਂ) ਬੈਠ ਕੇ ਆਪਣਾ ਨੱਕ ਬੰਦ ਕਰ ਲੈਂਦੇ ਹਨ (ਕਿ ਮਾਸ ਦੀ ਬੋ ਆ ਗਈ ਹੈ) ਉਹ ਰਾਤ ਨੂੰ ਮਨੁੱਖ ਨੂੰ ਖਾਂ ਜਾਂਦੇ ਹਨ (ਭਾਵ, ਲੁਕ ਕੇ ਮਨੁੱਖਾਂ ਦਾ ਲਹੂ ਪੀਣ ਦੇ ਮਨਸੂਬੇ ਬੰਨ੍ਹਦੇ ਹਨ); (ਮਾਸ ਨਾਹ ਖਾਣ ਦਾ ਇਹ) ਪਖੰਡ ਕਰਕੇ ਲੋਕਾਂ ਨੂੰ ਵਿਖਾਂਦੇ ਹਨ, ਉਂਵ ਇਹਨਾਂ ਨੂੰ ਆਪ ਨਾਹ ਸਮਝ ਹੈ ਨਾਹ ਸੁਰਤਿ ਹੈ। ਪਰ, ਹੇ ਨਾਨਕ! ਕਿਸੇ ਅੰਨ੍ਹੇ ਮਨੁੱਖ ਨੂੰ ਸਮਝਾਣ ਦਾ ਕੋਈ ਲਾਭ ਨਹੀਂ, (ਜੇ ਕੋਈ ਇਸ ਨੂੰ) ਸਮਝਾਵੇ (ਭੀ), ਤਾਂ ਭੀ ਇਹ ਸਮਝਾਇਆ ਸਮਝਦਾ ਨਹੀਂ ਹੈ।

(ਜੇ ਕਹੋ ਅੰਨ੍ਹਾ ਕੌਣ ਹੈ ਤਾਂ) ਅੰਨ੍ਹਾ ਉਹ ਹੈ ਜੋ ਅੰਨ੍ਹਿਆਂ ਵਾਲਾ ਕੰਮ ਕਰਦਾ ਹੈ, ਜਿਸ ਦੇ ਦਿਲ ਵਿਚ ਉਹ ਅੱਖਾਂ ਨਹੀਂ ਹਨ (ਭਾਵ, ਜੋ ਸਮਝ ਤੋਂ ਸੱਖਣਾ ਹੈ), (ਨਹੀਂ ਤਾਂ ਸੋਚਣ ਵਾਲੀ ਗੱਲ ਹੈ ਕਿ ਆਪ ਭੀ ਤਾਂ) ਮਾਂ ਤੇ ਪਿਉ ਦੀ ਰੱਤ ਤੋਂ ਹੀ ਹੋਏ ਹਨ ਤੇ ਮੱਛੀ (ਆਦਿਕ) ਦੇ ਮਾਸ ਤੋਂ ਪਰਹੇਜ਼ ਕਰਦੇ ਹਨ (ਭਾਵ, ਮਾਸ ਤੋਂ ਹੀ ਪੈਦਾ ਹੋ ਕੇ ਮਾਸ ਤੋਂ ਪਰਹੇਜ਼ ਕਰਨ ਦਾ ਕੀਹ ਭਾਵ? ਪਹਿਲਾਂ ਭੀ ਤਾਂ ਮਾਂ ਪਿਉ ਦੇ ਮਾਸ ਤੋਂ ਹੀ ਸਰੀਰ ਪਲਿਆ ਹੈ)। (ਫਿਰ), ਜਦੋਂ ਰਾਤ ਨੂੰ ਜ਼ਨਾਨੀ ਤੇ ਮਰਦ ਇਕੱਠੇ ਹੁੰਦੇ ਹਨ ਤਦੋਂ ਭੀ (ਮਾਸ ਨਾਲ ਹੀ) ਮੰਦ (ਭਾਵ, ਭੋਗ) ਕਰਦੇ ਹਨ। ਅਸੀਂ ਸਾਰੇ ਮਾਸ ਦੇ ਪੁਤਲੇ ਹਾਂ, ਸਾਡਾ ਮੁੱਢ ਮਾਸ ਤੋਂ ਹੀ ਬੱਝਾ, ਅਸੀਂ ਮਾਸ ਤੋਂ ਹੀ ਪੈਦਾ ਹੋਏ, (ਮਾਸ ਦਾ ਤਿਆਗੀ) ਪੰਡਿਤ (ਮਾਸ ਦੀ ਚਰਚਾ ਛੇੜ ਕੇ ਐਵੇਂ ਆਪਣੇ ਆਪ ਨੂੰ) ਸਿਆਣਾ ਅਖਵਾਂਦਾ ਹੈ, (ਅਸਲ ਵਿਚ) ਇਸ ਨੂੰ ਨਾਹ ਸਮਝ ਹੈ ਨਾਹ ਸੁਰਤਿ ਹੈ। (ਭਲਾ ਦੱਸੋ,) ਪੰਡਿਤ ਜੀ! (ਇਹ ਕੀਹ ਕਿ) ਬਾਹਰੋਂ ਲਿਆਂਦਾ ਹੋਇਆ ਮਾਸ ਮਾੜਾ ਤੇ ਘਰ ਦਾ

(ਵਰਤਿਆ) ਮਾਸ ਚੰਗਾ? (ਫਿਰ) ਸਾਰੇ ਜੀਅ ਜੰਤ ਮਾਸ ਤੋਂ ਪੈਦਾ ਹੋਏ ਹਨ, ਜਿੰਦ ਨੇ (ਮਾਸ ਵਿਚ ਹੀ) ਡੇਰਾ ਲਾਇਆ ਹੋਇਆ ਹੈ; ਸੋ ਜਿਨ੍ਹਾਂ ਨੂੰ ਰਾਹ ਦੱਸਣ ਵਾਲਾ ਆਪ ਅੰਨ੍ਹਾ ਹੈ ਉਹ ਨਾਹ ਖਾਣ-ਜੋਗ ਚੀਜ਼ (ਭਾਵ, ਪਰਾਇਆ ਹੱਕ) ਤਾਂ ਖਾਂਦੇ ਹਨ ਤੇ ਖਾਣ-ਜੋਗ ਚੀਜ਼ (ਭਾਵ ਜਿਸ ਚੀਜ਼ ਤੋਂ ਜ਼ਿੰਦਗੀ ਦਾ ਹੀ ਮੁੱਢ ਬੱਝਾ ਤਿਆਗਦੇ ਹਨ। ਅਸੀਂ ਸਾਰੇ ਮਾਸ ਦੇ ਪੁਤਲੇ ਹਾਂ, ਅਸਾਡਾ ਮੁੱਢ ਮਾਸ ਤੋਂ ਹੀ ਬੱਝਾ, ਅਸੀਂ ਮਾਸ ਤੋਂ ਹੀ ਪੈਦਾ ਹੋਏ, (ਮਾਸ ਦਾ ਤਿਆਗੀ) ਪੰਡਿਤ (ਮਾਸ ਦੀ ਚਰਚਾ ਛੇੜ ਕੇ ਐਵੇਂ ਆਪਣੇ ਆਪ ਨੂੰ) ਸਿਆਣਾ ਅਖਵਾਂਦਾ ਹੈ, (ਅਸਲ ਵਿਚ) ਇਸ ਨੂੰ ਨਾਹ ਸਮਝ ਹੈ ਨਾਹ ਸੁਰਤਿ ਹੈ।

ਪੁਰਾਣਾਂ ਵਿਚ ਮਾਸ (ਦਾ ਜ਼ਿਕਰ), ਮੁਸਲਮਾਨੀ ਮਜ਼ਹਬੀ ਕਿਤਾਬਾਂ ਵਿਚ ਭੀ ਮਾਸ (ਵਰਤਣ ਦਾ ਜ਼ਿਕਰ); ਜਗਤ ਦੇ ਸ਼ੁਰੂ ਤੋਂ ਹੀ ਮਾਸ ਵਰਤੀਂਦਾ ਚਲਾ ਆਇਆ ਹੈ। ਜੱਗ ਵਿਚ, ਵਿਆਹ ਆਦਿਕ ਕਾਜ ਵਿਚ (ਮਾਸ ਦੀ ਵਰਤੋਂ) ਪ੍ਰਧਾਨ ਹੈ, ਉਹਨੀਂ ਥਾਈਂ ਮਾਸ ਵਰਤੀਂਦਾ ਰਿਹਾ ਹੈ। ਜ਼ਨਾਨੀ, ਮਰਦ, ਸ਼ਾਹ, ਪਾਤਿਸ਼ਾਹ...ਸਾਰੇ ਮਾਸ ਤੋਂ ਹੀ ਪੈਦਾ ਹੁੰਦੇ ਹਨ। ਜੇ ਇਹ ਸਾਰੇ (ਮਾਸ ਤੋਂ ਬਣਨ ਕਰਕੇ) ਨਰਕ ਵਿਚ ਪੈਂਦੇ ਦਿੱਸਦੇ ਹਨ ਤਾਂ ਉਹਨਾਂ ਤੋਂ (ਮਾਸ-ਤਿਆਗੀ ਪੰਡਿਤ ਨੂੰ) ਦਾਨ ਭੀ ਨਹੀਂ ਲੈਣਾ ਚਾਹੀਦਾ। (ਨਹੀਂ ਤਾਂ) ਵੇਖੋ, ਇਹ ਅਚਰਜ ਧੱਕੇ ਦੀ ਗੱਲ ਹੈ ਕਿ ਦਾਨ ਦੇਣ ਵਾਲੇ ਨਰਕੇ ਪੈਣ ਤੇ ਲੈਣ ਵਾਲੇ ਸੁਰਗ ਵਿਚ। (ਅਸਲ ਵਿਚ) ਹੇ ਪੰਡਿਤ! ਤੂੰ ਢਾਢਾ ਚਤੁਰ ਹੈਂ, ਤੈਨੂੰ ਆਪ ਨੂੰ (ਮਾਸ ਖਾਣ ਦੇ ਮਾਮਲੇ ਦੀ) ਸਮਝ ਨਹੀਂ, ਪਰ ਤੂੰ ਲੋਕਾਂ ਨੂੰ ਸਮਝਾਂਦਾ ਹੈਂ।

ਹੇ ਪੰਡਿਤ! ਤੈਨੂੰ ਇਹ ਹੀ ਪਤਾ ਨਹੀਂ ਕਿ ਮਾਸ ਕਿਥੋਂ ਪੈਦਾ ਹੋਇਆ। (ਵੇਖ,) ਪਾਣੀ ਤੋਂ ਅੰਨ ਪੈਦਾ ਹੁੰਦਾ ਹੈ, ਕਮਾਦ ਗੰਨਾ ਉੱਗਦਾ ਹੈ ਤੇ ਕਪਾਹ ਉੱਗਦੀ ਹੈ, ਪਾਣੀ ਤੋਂ ਹੀ ਸਾਰਾ ਸੰਸਾਰ ਪੈਦਾ ਹੁੰਦਾ ਹੈ। ਪਾਣੀ ਆਖਦਾ ਹੈ ਕਿ ਮੈਂ ਕਈ ਤਰੀਕਿਆਂ ਨਾਲ ਭਲਿਆਈ ਕਰਦਾ ਹਾਂ (ਭਾਵ, ਜੀਵ ਦੇ ਪਾਲਣ ਲਈ ਕਈ ਤਰੀਕਿਆਂ ਦੀ ਖ਼ੁਰਾਕ-ਪੁਸ਼ਾਕ ਪੈਦਾ ਕਰਦਾ ਹਾਂ), ਇਹ ਸਾਰੀਆਂ ਤਬਦੀਲੀਆਂ (ਭਾਵ, ਬੇਅੰਤ ਕਿਸਮਾਂ ਦੇ ਪਦਾਰਥ) ਪਾਣੀ ਵਿਚ ਹੀ ਹਨ। ਸੋ, ਨਾਨਕ ਇਹ ਵਿਚਾਰ ਦੀ ਗੱਲ ਦੱਸਦਾ ਹੈ (ਕਿ ਜੇ ਸੱਚਾ ਤਿਆਗੀ ਬਣਨਾ ਹੈ ਤਾਂ) ਇਹਨਾਂ ਸਾਰੇ ਪਦਾਰਥਾਂ ਦੇ ਚਸਕੇ ਛੱਡ ਕੇ ਤਿਆਗੀ ਬਣੇ (ਕਿਉਂਕਿ ਮਾਸ ਦੀ ਉਤਪੱਤੀ ਭੀ ਪਾਣੀ ਤੋਂ ਹੈ ਤੇ ਅੰਨ ਕਮਾਦ ਆਦਿਕ ਦੀ ਉਤਪੱਤੀ ਭੀ ਪਾਣੀ ਤੋਂ ਹੀ ਹੈ)।2।

ਪਉੜੀ ॥ ਹਉ ਕਿਆ ਆਖਾ ਇਕ ਜੀਭ ਤੇਰਾ ਅੰਤੁ ਨ ਕਿਨ ਹੀ ਪਾਇਆ ॥ ਸਚਾ ਸਬਦੁ ਵੀਚਾਰਿ ਸੇ ਤੁਝ ਹੀ ਮਾਹਿ ਸਮਾਇਆ ॥ ਇਕਿ ਭਗਵਾ ਵੇਸੁ ਕਰਿ ਭਰਮਦੇ ਵਿਣੁ ਸਤਿਗੁਰ ਕਿਨੈ ਨ ਪਇਆ ॥ ਦੇਸ ਦਿਸੰਤਰ ਭਵਿ ਥਕੇ ਤੁਧੁ ਅੰਦਰਿ ਆਪੁ ਲੁਕਾਇਆ ॥ ਗੁਰ ਕਾ ਸਬਦੁ ਰਤੰਨੁ ਹੈ ਕਰਿ ਚਾਨਣੁ ਆਪਿ ਦਿਖਾਇਆ ॥ ਆਪਣਾ ਆਪੁ ਪਛਾਣਿਆ ਗੁਰਮਤੀ ਸਚਿ ਸਮਾਇਆ ॥ ਆਵਾ ਗਉਣੁ ਬਜਾਰੀਆ ਬਾਜਾਰੁ ਜਿਨੀ ਰਚਾਇਆ ॥ ਇਕੁ ਥਿਰੁ ਸਚਾ ਸਾਲਾਹਣਾ ਜਿਨ ਮਨਿ ਸਚਾ ਭਾਇਆ ॥੨੫॥ {ਪੰਨਾ 1290}

ਪਦ ਅਰਥ:- ਦਿਸੰਤਰ—ਦੇਸ+ਅੰਤਰ, ਦੇਸਾਂਤਰ, ਹੋਰ ਹੋਰ ਦੇਸ। ਆਪੁ—ਆਪਣਾ ਆਪ (ਨੋਟ:- ਲਫ਼ਜ਼ 'ਆਪੁ' ਤੇ 'ਆਪਿ' ਦੇ ਜੋੜ ਤੇ ਅਰਥ ਵਿਚ ਫ਼ਰਕ ਸਮਝਣ-ਜੋਗ ਹੈ)। ਬਾਜਾਰੁ—ਵਿਖਾਵਾ। ਆਵਾਗਉਣੁ—ਜਨਮ ਮਰਨ ਦਾ ਗੇੜ। ਗਉ—ਮੈਂ। ਆਖਾ—ਆਖਾਂ, ਮੈਂ ਦੱਸਾਂ। ਕਿਨ ਹੀ—ਕਿਨਿ ਹੀ, ਕਿਸੇ ਨੇ ਹੀ (ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਕਿਨਿ' ਦੀ 'ਿ' ਉੱਡ ਗਈ ਹੈ)। ਇਕਿ—ਕਈ (ਲਫ਼ਜ਼ 'ਇਕ' ਤੋਂ ਬਹੁ-ਵਚਨ)। ਭਵਿ—ਭੌਂ ਕੇ। ਸਚਿ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ। ਬਜਾਰੀ—ਵਿਖਾਵਾ ਕਰਨ ਵਾਲਾ, ਵਿਖਾਵੇ ਦੇ ਢੌਂਗ ਰਚਾਣ ਵਾਲਾ, ਪਖੰਡੀ। ਜਿਨ ਮਨਿ—ਜਿਨ੍ਹਾਂ ਦੇ ਮਨ ਵਿਚ।

ਅਰਥ:- (ਹੇ ਪ੍ਰਭੂ!) ਮੇਰੀ ਇਕ ਜੀਭ ਹੈ, ਮੈਂ ਤੇਰੇ ਕਿਹੜੇ ਕਿਹੜੇ ਗੁਣ ਬਿਆਨ ਕਰਾਂ? ਤੇਰਾ ਅੰਤ ਕਿਸੇ ਨੇ ਨਹੀਂ ਪਾਇਆ; ਜੋ ਮਨੁੱਖ ਤੇਰੀ ਸਿਫ਼ਤਿ-ਸਾਲਾਹ ਦਾ ਸ਼ਬਦ ਵਿਚਾਰਦੇ ਹਨ ਉਹ ਤੇਰੇ ਵਿਚ ਹੀ ਲੀਨ ਹੋ ਜਾਂਦੇ ਹਨ।

ਕਈ ਮਨੁੱਖ ਭਗਵਾ ਭੇਖ ਬਣਾ ਕੇ ਭਟਕਦੇ ਫਿਰਦੇ ਹਨ, ਪਰ ਗੁਰੂ ਦੀ ਸਰਨ ਆਉਣ ਤੋਂ ਬਿਨਾ (ਹੇ ਪ੍ਰਭੂ!) ਤੈਨੂੰ ਕਿਸੇ ਨਹੀਂ ਲੱਭਾ, ਇਹ ਲੋਕ (ਬਾਹਰ) ਦੇਸਾਂ ਦੇਸਾਂਤਰਾਂ ਵਿਚ ਭਉਂਦੇ ਖਪ ਗਏ, ਪਰ ਤੂੰ ਆਪਣੇ ਆਪ ਨੂੰ (ਜੀਵ ਦੇ) ਅੰਦਰ ਲੁਕਾ ਰੱਖਿਆ ਹੈ। ਸਤਿਗੁਰੂ ਦਾ ਸਬਦੁ (ਮਾਨੋ,) ਇਕ ਚਮਕਦਾ ਮੋਤੀ ਹੈ (ਜਿਸ ਨੂੰ ਪ੍ਰਭੂ ਨੇ ਇਹ ਮੋਤੀ ਬਖ਼ਸ਼ਿਆ ਹੈ, ਉਸ ਦੇ ਹਿਰਦੇ ਵਿਚ (ਪ੍ਰਭੂ ਨੇ) ਆਪ ਚਾਨਣ ਕਰ ਕੇ (ਉਸ ਨੂੰ ਆਪਣਾ ਆਪ) ਵਿਖਾਇਆ ਹੈ; (ਉਹ ਵਡ-ਭਾਗੀ ਮਨੁੱਖ) ਆਪਣਾ ਅਸਲਾ ਪਛਾਣ ਲੈਂਦਾ ਹੈ ਤੇ ਗੁਰੂ ਦੀ ਸਿੱਖਿਆ ਦੀ ਰਾਹੀਂ ਸੱਚੇ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ।

(ਪਰ) ਜਿਨ੍ਹਾਂ (ਭੇਖੀਆਂ ਨੇ) ਵਿਖਾਵੇ ਦਾ ਢੌਂਗ ਰਚਾਇਆ ਹੋਇਆ ਹੈ ਉਹਨਾਂ ਪਖੰਡੀਆਂ ਨੂੰ ਜਨਮ ਮਰਨ (ਦਾ ਗੇੜ) ਮਿਲਦਾ ਹੈ; ਤੇ, ਜਿਨ੍ਹਾਂ ਨੂੰ ਮਨ ਵਿਚ ਸੱਚਾ ਪ੍ਰਭੂ ਪਿਆਰਾ ਲੱਗਦਾ ਹੈ ਉਹ ਸਦਾ-ਥਿਰ ਰਹਿਣ ਵਾਲੇ ਇੱਕ ਪ੍ਰਭੂ ਦਾ ਗੁਣ ਗਾਂਦੇ ਹਨ। 25।

ਸਲੋਕ ਮਃ ੧ ॥ ਨਾਨਕ ਮਾਇਆ ਕਰਮ ਬਿਰਖੁ ਫਲ ਅੰਮ੍ਰਿਤ ਫਲ ਵਿਸੁ ॥ ਸਭ ਕਾਰਣ ਕਰਤਾ ਕਰੇ ਜਿਸੁ ਖਵਾਲੇ ਤਿਸੁ ॥੧॥ {ਪੰਨਾ 1290}

ਪਦ ਅਰਥ:- ਕਰਮ—ਕੀਤੇ ਕਰਮਾਂ ਅਨੁਸਾਰ। ਬਿਰਖੁ—(ਸਰੀਰ-ਰੂਪ) ਰੁੱਖ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ਨਾਮ। ਵਿਸੁ—(ਆਤਮਕ ਮੌਤ ਲਿਆਉਣ ਵਾਲਾ ਮੋਹ-ਰੂਪ) ਜ਼ਹਰ। ਕਾਰਣ—ਵਸੀਲੇ, ਸਬੱਬ।

ਅਰਥ:- ਹੇ ਨਾਨਕ! (ਜੀਵਾਂ ਦੇ ਕੀਤੇ) ਕਰਮਾਂ ਅਨੁਸਾਰ (ਮਨੁੱਖਾ ਸਰੀਰ-ਰੂਪ) ਮਾਇਆ ਦਾ (ਰਚਿਆ) ਰੁੱਖ (ਉੱਗਦਾ) ਹੈ (ਇਸ ਨੂੰ) ਅੰਮ੍ਰਿਤ (ਭਾਵ, ਨਾਮ ਸੁਖ) ਤੇ ਜ਼ਹਰ (ਭਾਵ, ਮੋਹ-ਦੁੱਖ) ਦੋ ਕਿਸਮਾਂ ਦੇ ਫਲ ਲੱਗਦੇ ਹਨ। ਕਰਤਾਰ ਆਪ (ਅੰਮ੍ਰਿਤ ਤੇ ਵਿਹੁ ਦੋ ਕਿਸਮਾਂ ਦੇ ਫਲਾਂ ਦੇ) ਸਾਰੇ ਵਸੀਲੇ ਬਣਾਂਦਾ ਹੈ, ਜਿਸ ਜੀਵ ਨੂੰ ਜਿਹੜਾ ਫਲ ਖਵਾਂਦਾ ਹੈ ਉਸ ਨੂੰ (ਉਹੀ ਖਾਣਾ ਪੈਂਦਾ ਹੈ)।1।

ਮਃ ੨ ॥ ਨਾਨਕ ਦੁਨੀਆ ਕੀਆਂ ਵਡਿਆਈਆਂ ਅਗੀ ਸੇਤੀ ਜਾਲਿ ॥ ਏਨੀ ਜਲੀਈਂ ਨਾਮੁ ਵਿਸਾਰਿਆ ਇਕ ਨ ਚਲੀਆ ਨਾਲਿ ॥੨॥ {ਪੰਨਾ 1290}

ਪਦ ਅਰਥ:- ਜਲੀਈਂ—ਸੜੀਆਂ ਹੋਈਆਂ ਨੇ, ਚੰਦਰੀਆਂ ਨੇ। ਅਗੀ ਸੇਤੀ—ਅੱਗ ਨਾਲ। ਜਾਲਿ—ਸਾੜ ਦੇ। ਏਨੀ—ਇਹਨਾਂ ਨੇ।

ਅਰਥ:- ਹੇ ਨਾਨਕ! ਦੁਨੀਆ ਦੀਆਂ ਵਡਿਆਈਆਂ ਨੂੰ ਅੱਗ ਨਾਲ ਸਾੜ ਦੇਹ। ਇਹਨਾਂ ਚੰਦਰੀਆਂ ਨੇ (ਮਨੁੱਖ ਤੋਂ) ਪ੍ਰਭੂ ਦਾ ਨਾਮ ਭੁਲਵਾ ਦਿੱਤਾ ਹੈ (ਪਰ ਇਹਨਾਂ ਵਿਚੋਂ) ਇੱਕ ਭੀ (ਮਰਨ ਪਿਛੋਂ) ਨਾਲ ਨਹੀਂ ਜਾਂਦੀ।2।

ਪਉੜੀ ॥ ਸਿਰਿ ਸਿਰਿ ਹੋਇ ਨਿਬੇੜੁ ਹੁਕਮਿ ਚਲਾਇਆ ॥ ਤੇਰੈ ਹਥਿ ਨਿਬੇੜੁ ਤੂਹੈ ਮਨਿ ਭਾਇਆ ॥ ਕਾਲੁ ਚਲਾਏ ਬੰਨਿ ਕੋਇ ਨ ਰਖਸੀ ॥ ਜਰੁ ਜਰਵਾਣਾ ਕੰਨ੍ਹਿ ਚੜਿਆ ਨਚਸੀ ॥ ਸਤਿਗੁਰੁ ਬੋਹਿਥੁ ਬੇੜੁ ਸਚਾ ਰਖਸੀ ॥ ਅਗਨਿ ਭਖੈ ਭੜਹਾੜੁ ਅਨਦਿਨੁ ਭਖਸੀ ॥ ਫਾਥਾ ਚੁਗੈ ਚੋਗ ਹੁਕਮੀ ਛੁਟਸੀ ॥ ਕਰਤਾ ਕਰੇ ਸੁ ਹੋਗੁ ਕੂੜੁ ਨਿਖੁਟਸੀ ॥੨੬॥ {ਪੰਨਾ 1290}

ਪਦ ਅਰਥ:- ਸਿਰਿ—ਸਿਰ ਉਤੇ। ਸਿਰਿ ਸਿਰਿ—ਹਰੇਕ ਦੇ ਸਿਰ ਉੱਤੇ, ਹਰੇਕ ਦਾ ਵੱਖੋ-ਵੱਖਰਾ। ਨਿਬੇੜ—ਨਿਰਨਾ, ਫ਼ੈਸਲਾ। ਜਰਵਾਣਾ—ਜ਼ਾਲਮ (ਨੋਟ:- ਲਫ਼ਜ਼ 'ਜਰਵਾਣਾ' ਬਾਬਰ ਦੀ ਐਮਨਾਬਾਦ ਵਾਲੀ ਕਤਲਾਮ ਦਾ ਚੇਤਾ ਕਰਾਂਦਾ ਜਾਪਦਾ ਹੈ। 'ਜਰਵਾਣਾ ਕੰਨ੍ਹਿ ਚੜਿਆ ਨਚਸੀ'—ਇਹ ਲਫ਼ਜ਼ ਮੁਗ਼ਲ ਫ਼ੌਜੀ ਸਿਪਾਹੀਆਂ ਦੇ ਅਤਿਆਚਾਰ ਅੱਖਾਂ ਅੱਗੇ ਲਿਆਉਂਦੇ ਜਾਪਦੇ ਹਨ)। ਬੋਹਿਥੁ—ਜਹਾਜ਼। ਭੜਹਾੜੁ—ਭਾਂਬੜ। ਅਨਦਿਨੁ—ਹਰ ਰੋਜ਼। ਹੋਗੁ—ਹੋਵੇਗਾ। ਤੇਰੈ ਹਥਿ—ਤੇਰੇ ਹੱਥ ਵਿਚ। ਮਨਿ—ਮਨ ਵਿਚ। ਭਾਇਆ—ਪਿਆਰਾ ਲੱਗਦਾ। ਕਾਲੁ—ਮੌਤ। ਬੰਨਿ—ਬੰਨ੍ਹ ਕੇ। ਜਰੁ—ਬੁਢੇਪਾ। ਕੰਨ੍ਹਿ—ਮੋਢੇ ਉਤੇ। ਸਚਾ—ਸਦਾ ਕਾਇਮ ਰਹਿਣ ਵਾਲਾ। ਭਖੈ—ਭਖ

ਰਿਹਾ ਹੈ, ਬਲ ਰਿਹਾ ਹੈ। ਹੁਕਮੀ—ਹੁਕਮਿ ਹੀ, ਪ੍ਰਭੂ ਦੇ ਹੁਕਮ ਅਨੁਸਾਰ ਹੀ।

ਅਰਥ:- (ਹੇ ਪ੍ਰਭੂ! ਸਾਰੇ ਜਗਤ ਨੂੰ ਤੂੰ) ਆਪਣੇ ਹੁਕਮ ਵਿਚ ਤੋਰ ਰਿਹਾ ਹੈਂ (ਕਿਤੇ ਭੇਖੀ ਵਿਖਾਵੇ ਦਾ ਢੌਂਗ ਰਚਾ ਰਹੇ ਹਨ, ਕਿਤੇ ਤੈਨੂੰ ਪਿਆਰ ਕਰਨ ਵਾਲੇ ਤੇਰੀ ਸਿਫ਼ਤਿ-ਸਾਲਾਹ ਕਰ ਰਹੇ ਹਨ; ਇਹਨਾਂ ਦੇ ਕਰਮਾਂ ਅਨੁਸਾਰ 'ਆਵਾਗਾਉਣ' ਅਤੇ ਤੇਰਾ ਪਿਆਰ ਤੇਰੇ ਹੀ ਹੁਕਮ ਵਿਚ) ਵੱਖੋ-ਵੱਖਰਾ ਫ਼ੈਸਲਾ (ਹੁੰਦਾ ਹੈ), ਸਾਰਾ ਫ਼ੈਸਲਾ ਤੇਰੇ ਹੀ ਹੱਥ ਵਿਚ ਹੈ, ਤੂੰ ਹੀ (ਮੇਰੇ) ਮਨ ਵਿਚ ਪਿਆਰਾ ਲੱਗਦਾ ਹੈਂ।

ਜਦੋਂ ਮੌਤ ਬੰਨ੍ਹ ਕੇ (ਜੀਵ ਨੂੰ) ਤੋਰ ਲੈਂਦੀ ਹੈ, ਕੋਈ ਇਸ ਨੂੰ ਰੱਖ ਨਹੀਂ ਸਕਦਾ; ਜ਼ਾਲਮ ਬੁਢੇਪਾ (ਹਰੇਕ ਦੇ) ਮੋਢੇ ਉਤੇ ਚੜ੍ਹ ਕੇ ਨੱਚਦਾ ਹੈ (ਭਾਵ, ਮੌਤ ਦਾ ਸੁਨੇਹਾ ਦੇ ਰਿਹਾ ਹੈ ਜਿਸ ਅੱਗੇ ਕਿਸੇ ਦੀ ਪੇਸ਼ ਨਹੀਂ ਜਾਂਦੀ)। ਸਤਿਗੁਰੂ ਹੀ ਸੱਚਾ ਜਹਾਜ਼ ਹੈ ਸੱਚਾ ਬੇੜਾ ਹੈ ਜੋ (ਮੌਤ ਦੇ ਡਰ ਤੋਂ) ਬਚਾਂਦਾ ਹੈ।

(ਜਗਤ ਵਿਚ ਤ੍ਰਿਸ਼ਨਾ ਦੀ) ਅੱਗ ਦਾ ਭਾਂਬੜ ਮਚ ਰਿਹਾ ਹੈ, ਹਰ ਵੇਲੇ ਮਚਿਆ ਰਹਿੰਦਾ ਹੈ (ਇਸ ਭਾਂਬੜ ਵਿਚ) ਫਸਿਆ ਹੋਇਆ ਜੀਵ ਚੋਗਾ ਚੁਗ ਰਿਹਾ ਹੈ; ਪ੍ਰਭੂ ਦੇ ਹੁਕਮ ਅਨੁਸਾਰ ਹੀ ਇਸ ਵਿਚੋਂ ਬਚ ਸਕਦਾ ਹੈ ਕਿਉਂਕਿ ਜੋ ਕੁਝ ਕਰਤਾਰ ਕਰਦਾ ਹੈ ਉਹੀ ਹੁੰਦਾ ਹੈ। ਕੂੜ (ਦਾ ਵਪਾਰ, ਭਾਵ, ਤ੍ਰਿਸ਼ਨਾ-ਅਧੀਨ ਹੋ ਕੇ ਮਾਇਕ ਪਦਾਰਥਾਂ ਪਿਛੇ ਦੌੜਨਾ) ਜੀਵ ਦੇ ਨਾਲ ਨਹੀਂ ਨਿਭਦਾ। 26।

ਸਲੋਕ ਮਃ ੧ ॥ ਘਰ ਮਹਿ ਘਰੁ ਦੇਖਾਇ ਦੇਇ ਸੋ ਸਤਿਗੁਰੁ ਪੁਰਖੁ ਸੁਜਾਣੁ ॥ ਪੰਚ ਸਬਦ ਧੁਨਿਕਾਰ ਧੁਨਿ ਤਹ ਬਾਜੈ ਸਬਦੁ ਨੀਸਾਣੁ ॥ ਦੀਪ ਲੋਅ ਪਾਤਾਲ ਤਹ ਖੰਡ ਮੰਡਲ ਹੈਰਾਨੁ ॥ ਤਾਰ ਘੋਰ ਬਾਜਿੰਤ੍ਰ ਤਹ ਸਾਚਿ ਤਖਤਿ ਸੁਲਤਾਨੁ ॥ ਸੁਖਮਨ ਕੈ ਘਰਿ ਰਾਗੁ ਸੁਨਿ ਸੁੰਨਿ ਮੰਡਲਿ ਲਿਵ ਲਾਇ ॥ ਅਕਥ ਕਥਾ ਬੀਚਾਰੀਐ ਮਨਸਾ ਮਨਹਿ ਸਮਾਇ ॥ ਉਲਟਿ ਕਮਲੁ ਅੰਮ੍ਰਿਤਿ ਭਰਿਆ ਇਹੁ ਮਨੁ ਕਤਹੁ ਨ ਜਾਇ ॥ ਅਜਪਾ ਜਾਪੁ ਨ ਵੀਸਰੈ ਆਦਿ ਜੁਗਾਦਿ ਸਮਾਇ ॥ ਸਭਿ ਸਖੀਆ ਪੰਚੇ ਮਿਲੇ ਗੁਰਮੁਖਿ ਨਿਜ ਘਰਿ ਵਾਸੁ ॥ ਸਬਦੁ ਖੋਜਿ ਇਹੁ ਘਰੁ ਲਹੈ ਨਾਨਕੁ ਤਾ ਕਾ ਦਾਸੁ ॥੧॥ {ਪੰਨਾ 1291}

ਪਦ ਅਰਥ:- ਘਰੁ—ਪ੍ਰਭੂ ਦੇ ਰਹਿਣ ਦਾ ਥਾਂ। ਸੁਜਾਣੁ—ਸਿਆਣਾ। ਪੰਚ ਸਬਦ—ਪੰਜ ਕਿਸਮ ਦੇ ਸਾਜ਼ਾਂ ਦੀ ਅਵਾਜ਼ (ਤਾਰ, ਧਾਤ, ਘੜਾ, ਚੰਮ, ਤੇ ਫੂਕ ਨਾਲ ਵੱਜਣ ਵਾਲੇ ਸਾਜ਼)। ਧੁਨਿ—ਸੁਰ, ਆਵਾਜ਼। ਧੁਨਿਕਾਰ—ਇਕ-ਰਸ ਸੁਰ (ਨੋਟ:- ਲਫ਼ਜ਼ 'ਕਾਰ' ਦਾ ਭਾਵ ਸਮਝਣ ਲਈ ਵੇਖੋ 'ਗੁਰਬਾਣੀ ਵਿਆਕਰਣ')। ਨੀਸਾਣੁ—ਨਗਾਰਾ। ਤਾਰ—ਉੱਚੀ ਸੁਰ। ਘੋਰ—ਘਨਘੋਰ। ਬਾਜਿੰਤ੍ਰ—ਵਾਜੇ। ਤਹ—ਉਸ ਅਵਸਥਾ ਵਿਚ। ਸੁਖਮਨ ਕੈ ਘਰਿ—(ਭਾਵ) ਮਿਲਾਪ-ਅਵਸਥਾ ਵਿਚ (ਸੁਖਮਨਾ ਦੇ ਘਰ ਵਿਚ ਜਿਥੇ ਜੋਗੀ ਪ੍ਰਾਣ ਟਿਕਾਂਦੇ ਹਨ)। ਸੁੰਨਿ—ਸੁੰਞ ਵਿਚ, ਅਫੁਰ ਅਵਸਥਾ ਵਿਚ, ਉਸ ਅਵਸਥਾ ਵਿਚ ਜਿਥੇ ਮਨ ਦੇ ਫੁਰਨਿਆਂ ਵਲੋਂ ਸੁੰਞ ਹੋਵੇ। ਮਨਸਾ—ਮਨ ਦਾ ਫੁਰਨਾ। ਕਮਲੁ—ਹਿਰਦਾ ਕਉਲ। ਅੰਮ੍ਰਿਤਿ—ਨਾਮ ਅੰਮ੍ਰਿਤ ਨਾਲ। ਸਖੀਆ—ਗਿਆਨ-ਇੰਦ੍ਰੇ। ਪੰਚੇ—ਸਤ, ਸੰਤੋਖ, ਦਇਆ, ਧਰਮ, ਧੀਰਜ,। ਨਿਜ ਘਰਿ—ਨਿਰੋਲ ਆਪਣੇ ਘਰ ਵਿਚ। ਘਰ ਮਹਿ—ਹਿਰਦੇ-ਘਰ ਵਿਚ। ਤਖਤਿ—ਤਖਤ ਉਤੇ। ਸਾਚਿ ਤਖਤ—ਸਦਾ ਕਾਇਮ ਰਹਿਣ ਵਾਲੇ ਤਖਤ ਉਤੇ। ਸੁਨਿ—ਸੁਣ ਕੇ। ਲਿਵ ਲਾਇ—ਸੁਰਤਿ ਜੋੜੀ ਰੱਖਦਾ ਹੈ। ਮਨਹਿ—ਮਨਿ ਹੀ, ਮਨ ਵਿਚ ਹੀ (ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਮਨਿ' ਦੀ 'ਿ' ਉੱਡ ਗਈ ਹੈ)। ਸਭਿ—ਸਾਰੀਆਂ। ਗੁਰਮੁਖਿ—ਗੁਰੂ ਦੇ ਦੱਸੇ ਰਸਤੇ ਉਤੇ ਤੁਰਨ ਵਾਲਾ ਮਨੁੱਖ। ਖੋਜਿ—ਖੋਜ ਕਰ ਕੇ; ਸਮਝ ਕੇ। ਲਹੈ—ਲੱਭ ਲੈਂਦਾ ਹੈ। ਤਾ ਕਾ—ਉਸ (ਮਨੁੱਖ) ਦਾ।

ਅਰਥ:- ਉਹ ਹੈ ਸਿਆਣਾ ਸਤਿਗੁਰੂ ਪੁਰਖ ਜੋ ਹਿਰਦੇ-ਘਰ ਵਿਚ ਪਰਮਾਤਮਾ ਦੇ ਰਹਿਣ ਦਾ ਥਾਂ ਵਿਖਾ ਦੇਂਦਾ ਹੈ; (ਜਦੋਂ ਮਨੁੱਖ) ਉਸ ਘਰ ਵਿਚ (ਅੱਪੜਦਾ ਹੈ) ਤਦੋਂ ਗੁਰੂ ਦਾ ਸ਼ਬਦ-ਰੂਪ ਨਗਾਰਾ ਵੱਜਦਾ ਹੈ (ਭਾਵ, ਗੁਰ-ਸ਼ਬਦ ਦਾ ਪ੍ਰਭਾਵ ਇਤਨਾ ਪ੍ਰਬਲ ਹੁੰਦਾ ਹੈ ਕਿ ਕੋਈ ਹੋਰ ਖਿੱਚ ਪੋਹ ਨਹੀਂ ਸਕਦੀ, ਤਦੋਂ ਮਾਨੋ) ਪੰਜ ਕਿਸਮ ਦੇ ਸਾਜ਼ਾਂ ਦੀ ਇਕ-ਰਸ ਸੰਗੀਤਕ ਆਵਾਜ਼ ਉੱਠਦੀ ਹੈ (ਜੋ ਮਸਤੀ ਪੈਦਾ ਕਰਦੀ ਹੈ) ਇਸ ਅਵਸਥਾ ਵਿਚ (ਅੱਪੜ ਕੇ) ਮਨੁੱਖ

(ਬੇਅੰਤ ਕੁਦਰਤਿ ਦੇ ਕੌਤਕ) ਦੀਪਾਂ, ਲੋਕਾਂ, ਪਾਤਾਲਾਂ, ਖੰਡਾਂ ਤੇ ਮੰਡਲਾਂ ਨੂੰ ਵੇਖ ਕੇ ਹੈਰਾਨ ਹੁੰਦਾ ਹੈ; (ਇਸ ਸਾਰੀ ਕੁਦਰਤਿ ਦਾ) ਪਾਤਸ਼ਾਹ ਸੱਚੇ ਤਖ਼ਤ ਉਤੇ ਬੈਠਾ ਦਿੱਸਦਾ ਹੈ, ਉਸ ਹਾਲਤ ਵਿਚ ਅੱਪੜਿਆਂ; ਮਾਨੋ, ਵਾਜਿਆਂ ਦੀ ਉੱਚੀ ਸੁਰ ਦੀ ਘਨਘੋਰ ਲੱਗੀ ਪਈ ਹੁੰਦੀ ਹੈ, ਇਸ ਰੱਬੀ ਮਿਲਾਪ ਵਿਚ ਬੈਠਾ ਮਨੁੱਖ (ਮਾਨੋ) ਰਾਗ ਸੁਣ ਸੁਣ ਕੇ ਅਫੁਰ ਅਵਸਥਾ ਵਿਚ ਸੁਰਤਿ ਜੋੜੀ ਰੱਖਦਾ ਹੈ (ਭਾਵ, ਰੱਬੀ ਮਿਲਾਪ ਦੀ ਮੌਜ ਵਿਚ ਇਤਨਾ ਮਸਤ ਹੁੰਦਾ ਹੈ ਕਿ ਜਗਤ ਵਾਲਾ ਕੋਈ ਫੁਰਨਾ ਉਸ ਦੇ ਮਨ ਵਿਚ ਨਹੀਂ ਉੱਠਦਾ)। ਇਥੇ ਬੇਅੰਤ ਪ੍ਰਭੂ ਦੇ ਗੁਣ ਜਿਉਂ ਜਿਉਂ ਵੀਚਾਰੀਦੇ ਹਨ ਤਿਉਂ ਤਿਉਂ ਮਨ ਦਾ ਫੁਰਨਾ ਮਨ ਵਿਚ ਹੀ ਗ਼ਰਕ ਹੁੰਦਾ ਜਾਂਦਾ ਹੈ; ਇਹ ਮਨ ਕਿਸੇ ਹੋਰ ਪਾਸੇ ਨਹੀਂ ਜਾਂਦਾ ਕਿਉਂਕਿ ਹਿਰਦਾ-ਰੂਪ ਕਉਲ ਫੁੱਲ (ਮਾਇਆ ਵਲੋਂ) ਪਰਤ ਕੇ ਨਾਮ-ਅੰਮ੍ਰਿਤ ਨਾਲ ਭਰ ਜਾਂਦਾ ਹੈ; ਉਸ ਪ੍ਰਭੂ ਵਿਚ, ਜੋ ਸਭ ਦਾ ਮੁੱਢ ਹੈ ਤੇ ਜੁਗਾਂ ਦੇ ਬਣਨ ਤੋਂ ਭੀ ਪਹਿਲਾਂ ਦਾ ਹੈ, ਮਨ ਇਉਂ ਲੀਨ ਹੁੰਦਾ ਹੈ ਕਿ ਪ੍ਰਭੂ ਦੀ ਯਾਦ (ਕਿਸੇ ਵੇਲੇ) ਨਹੀਂ ਭੁੱਲਦੀ, ਜੀਭ ਹਿਲਾਣ ਤੋਂ ਬਿਨਾ ਹੀ ਸਿਮਰਨ ਹੁੰਦਾ ਰਹਿੰਦਾ ਹੈ।

(ਇਸ ਤਰ੍ਹਾਂ) ਗੁਰੂ ਦੇ ਸਨਮੁਖ ਹੋਇਆਂ ਮਨੁੱਖ ਨਿਰੋਲ ਆਪਣੇ ਘਰ ਵਿਚ ਟਿਕ ਜਾਂਦਾ ਹੈ (ਜਿਵੇਂ ਕੋਈ ਇਸ ਨੂੰ ਬੇ-ਦਖ਼ਲ ਨਹੀਂ ਕਰ ਸਕਦਾ, ਇਸ ਦੇ) ਸਾਰੇ ਗਿਆਨ-ਇੰਦ੍ਰੇ ਤੇ ਪੰਜੇ (ਦੈਵੀ ਗੁਣ ਭਾਵ, ਸਤ ਸੰਤੋਖ ਦਇਆ ਧਰਮ ਧੀਰਜ) ਸੰਗੀ ਬਣ ਜਾਂਦੇ ਹਨ। ਸਤਿਗੁਰੂ ਦੇ ਸ਼ਬਦ ਨੂੰ ਸਮਝ ਕੇ ਜੋ ਮਨੁੱਖ ਇਸ (ਨਿਰੋਲ ਆਪਣੇ) ਘਰ ਨੂੰ ਲੱਭ ਲੈਂਦਾ ਹੈ, ਨਾਨਕ ਉਸ ਦਾ ਸੇਵਕ ਹੈ।1।

ਮਃ ੧ ॥ ਚਿਲਿਮਿਲਿ ਬਿਸੀਆਰ ਦੁਨੀਆ ਫਾਨੀ ॥ ਕਾਲੂਬਿ ਅਕਲ ਮਨ ਗੋਰ ਨ ਮਾਨੀ ॥ ਮਨ ਕਮੀਨ ਕਮਤਰੀਨ ਤੂ ਦਰੀਆਉ ਖੁਦਾਇਆ ॥ ਏਕੁ ਚੀਜੁ ਮੁਝੈ ਦੇਹਿ ਅਵਰ ਜਹਰ ਚੀਜ ਨ ਭਾਇਆ ॥ ਪੁਰਾਬ ਖਾਮ ਕੂਜੈ ਹਿਕਮਤਿ ਖੁਦਾਇਆ ॥ ਮਨ ਤੁਆਨਾ ਤੂ ਕੁਦਰਤੀ ਆਇਆ ॥ ਸਗ ਨਾਨਕ ਦੀਬਾਨ ਮਸਤਾਨਾ ਨਿਤ ਚੜੈ ਸਵਾਇਆ ॥ ਆਤਸ ਦੁਨੀਆ ਖੁਨਕ ਨਾਮੁ ਖੁਦਾਇਆ ॥੨॥ {ਪੰਨਾ 1291}

ਪਦ ਅਰਥ:- ਚਿਲਿਮਿਲਿ—ਬਿਜਲੀ ਦੀ ਲਿਸ਼ਕ। ਬਿਸੀਆਰ—ਬਹੁਤ। ਫਾਨੀ—ਫ਼ਾਨੀ, ਨਾਸ ਹੋਣ ਵਾਲੀ। ਕਾਲੂਬਿ ਅਕਲ—ਅਕਲ ਦਾ ਕਾਲਬ, ਅਕਲ ਦਾ ਪੁਤਲਾ, (ਭਾਵ), ਮੂਰਖ। ਮਨ—(ਫ਼ਾ:) ਮੈਂ। ਗੋਰ—ਕਬਰ (ਭਾਵ, ਮੌਤ)। ਕਮਤਰੀਨ—ਮਾੜਿਆਂ ਤੋਂ ਮਾੜਾ। ਪੁਰਾਬ—ਪੁਰ+ਆਬ, ਪਾਣੀ ਨਾਲ ਪੁਰ। ਖਾਮ—ਕੱਚਾ। ਹਿਕਮਤਿ—ਕਾਰੀਗਰੀ। ਸਗ—ਕੁੱਤਾ। ਦੀਬਾਨ—ਦਰਬਾਰ ਦਾ। ਆਤਸ—ਆਤਸ਼, ਅੱਗ। ਖੁਨਕ—ਖ਼ੁਨਕ, ਠੰਢਾ। ਮਨ ਨ ਮਾਨੀ—ਮੈਂ ਚੇਤਾ ਹੀ ਨਾਹ ਰੱਖਿਆ। ਏਕੁ ਚੀਜੁ—ਇੱਕ ਚੀਜ਼, ਆਪਣਾ ਨਾਮ। ਅਵਰ—ਹੋਰ। ਨ ਭਾਇਆ—ਚੰਗੀਆਂ ਨਹੀਂ ਲੱਗਦੀਆਂ। ਕੂਜੈ—ਕੂਜ਼ੈ, ਕੂਜ਼ਾ, ਕੁੱਜਾ, ਪਿਆਲਾ। ਖੁਦਾਇਆ—ਹੇ ਖ਼ੁਦਾ! ਤੁਆਨਾ ਤੂ—ਤੂ ਬਲਵਾਨ ਹੈਂ। ਮਨ ਕੁਦਰਤੀ ਆਇਆ—ਮੈਂ ਤੇਰੀ ਕੁਦਰਤਿ ਨਾਲ (ਜਗਤ ਨਾਲ) ਆਇਆ ਹਾਂ। ਮਸਤਾਨਾ—ਮਸਤ। ਚੜੈ ਸਵਾਇਆ—ਵਧਦੀ ਰਹੇ।

ਅਰਥ:- ਬਿਜਲੀ ਦੀ ਲਿਸ਼ਕ (ਵਾਂਗ) ਦੁਨੀਆ (ਦੀ ਚਮਕ) ਬਹੁਤ ਹੈ ਪਰ ਹੈ ਨਾਸ ਹੋ ਜਾਣ ਵਾਲੀ, (ਜਿਸ ਚਮਕ ਨੂੰ ਵੇਖ ਕੇ) ਮੈਂ ਮੂਰਖ ਨੇ ਮੌਤ ਦਾ ਚੇਤਾ ਹੀ ਨਾਹ ਰੱਖਿਆ। ਮੈਂ ਕਮੀਨਾ ਹਾਂ, ਮੈਂ ਬਹੁਤ ਹੀ ਮਾੜਾ ਹਾਂ, ਪਰ ਹੇ ਖ਼ੁਦਾ! ਤੂੰ ਦਰੀਆ (-ਦਿਲ) ਹੈਂ; ਮੈਨੂੰ ਆਪਣਾ ਇਕ 'ਨਾਮ' ਦੇਹ, ਹੋਰ ਚੀਜ਼ਾਂ ਜ਼ਹਰ (ਵਰਗੀਆਂ) ਹਨ, ਇਹ ਮੈਨੂੰ ਚੰਗੀਆਂ ਨਹੀਂ ਲੱਗਦੀਆਂ।

ਹੇ ਖ਼ੁਦਾ! (ਮੇਰਾ ਸਰੀਰ) ਕੱਚਾ ਕੂਜ਼ਾ (ਪਿਆਲਾ) ਹੈ ਜੋ ਪਾਣੀ ਨਾਲ ਭਰਿਆ ਹੋਇਆ ਹੈ, ਇਹ ਤੇਰੀ (ਅਜਬ) ਕਾਰੀਗਰੀ ਹੈ, (ਹੇ ਖ਼ੁਦਾ!) ਤੂੰ ਤੁਆਨਾ (ਬਲਵਾਨ) ਹੈਂ, ਮੈਂ ਤੇਰੀ ਕੁਦਰਤਿ ਨਾਲ (ਜਗਤ ਵਿਚ) ਆਇਆ ਹਾਂ। ਹੇ ਖ਼ੁਦਾ! ਨਾਨਕ ਤੇਰੇ ਦਰਬਾਰ ਦਾ ਕੁੱਤਾ ਹੈ ਤੇ ਮਸਤਾਨਾ ਹੈ (ਮਿਹਰ ਕਰ, ਇਹ ਮਸਤੀ) ਨਿੱਤ ਵਧਦੀ ਰਹੇ, (ਕਿਉਂਕਿ) ਦੁਨੀਆ ਅੱਗ (ਵਾਂਗ) ਹੈ ਤੇ ਤੇਰਾ ਨਾਮ ਠੰਢ ਪਾਣ ਵਾਲਾ ਹੈ।2।

ਪਉੜੀ ਨਵੀ ਮਃ ੫ ॥ ਸਭੋ ਵਰਤੈ ਚਲਤੁ ਚਲਤੁ ਵਖਾਣਿਆ ॥ ਪਾਰਬ੍ਰਹਮੁ ਪਰਮੇਸਰੁ ਗੁਰਮੁਖਿ ਜਾਣਿਆ ॥ ਲਥੇ ਸਭਿ ਵਿਕਾਰ ਸਬਦਿ ਨੀਸਾਣਿਆ ॥ ਸਾਧੂ ਸੰਗਿ ਉਧਾਰੁ ਭਏ ਨਿਕਾਣਿਆ ॥ ਸਿਮਰਿ ਸਿਮਰਿ ਦਾਤਾਰੁ ਸਭਿ ਰੰਗ ਮਾਣਿਆ ॥ ਪਰਗਟੁ ਭਇਆ ਸੰਸਾਰਿ ਮਿਹਰ ਛਾਵਾਣਿਆ ॥ ਆਪੇ ਬਖਸਿ ਮਿਲਾਏ ਸਦ ਕੁਰਬਾਣਿਆ ॥ ਨਾਨਕ ਲਏ ਮਿਲਾਇ ਖਸਮੈ ਭਾਣਿਆ ॥੨੭॥ {ਪੰਨਾ 1291}

ਨੋਟ:- ਕਈ ਵਿਦਵਾਨ ਇਹ ਮੰਨਦੇ ਹਨ ਕਿ ਜਦੋਂ ਸਤਿਗੁਰੂ ਨਾਨਕ ਦੇਵ ਜੀ ਨੇ 'ਵਾਰ' ਉਚਾਰੀ; ਨਾਲ ਨਾਲ ਹੀ "ਪਉੜੀਆਂ" ਦੇ ਨਾਲ ਦੇ ਸ਼ਲੋਕ ਭੀ ਉਚਾਰੇ। ਇਹ ਖ਼ਿਆਲ ਠੀਕ ਨਹੀਂ ਹੈ; 'ਆਸਾ ਕੀ ਵਾਰ' ਅਤੇ 'ਮਾਝ ਕੀ ਵਾਰ' ਵਿਚ ਇਸ ਬਾਰੇ ਵਿਚਾਰ ਕੀਤੀ ਜਾ ਚੁਕੀ ਹੈ। ਇਹ ਪਉੜੀ ਨੰ: 27 ਇਕ ਹੋਰ ਸਬੂਤ ਹੈ। ਗੁਰੂ ਨਾਨਕ ਦੇਵ ਜੀ ਦੀਆਂ ਕੁੱਲ ਪਉੜੀਆਂ 27 ਹਨ, ਪਰ ਇਹ ਪਉੜੀ ਗੁਰੂ ਅਰਜਨ ਸਾਹਿਬ ਨੇ "ਨਵੀ" ਰਲਾਈ, ਇਸ ਦੇ ਨਾਲ ਦੇ ਸ਼ਲੋਕ ਗੁਰੂ ਨਾਨਕ ਸਾਹਿਬ ਦੇ ਹੀ ਹਨ; ਕੀ ਇਹ ਸ਼ਲੋਕ ਉਹਨਾਂ ਨੇ 'ਪਉੜੀ' ਤੋਂ ਬਿਨਾ ਹੀ ਲਿਖ ਦਿੱਤੇ? 'ਕਾਵ੍ਯ-ਰਚਨਾ' ਦੇ ਨਿਯਮ ਨਾਲ ਇਹ ਗੱਲ ਮੇਲ ਨਹੀਂ ਖਾ ਸਕਦੀ ਕਿ 'ਮੂਲ' ਤਾਂ ਹੋਵੇ ਹੀ ਨਾਹ, ਤੇ ਉਸ ਨਾਲ ਸੰਬੰਧ ਰੱਖਣ ਵਾਲੀ 'ਸ਼ਾਖ' ਬਣਾ ਦਿੱਤੀ ਜਾਏ। ਅਸਲੀਅਤ ਇਹ ਹੈ ਕਿ "ਵਾਰ" ਨਿਰੀਆਂ "ਪਉੜੀਆਂ" ਹੈ। "ਸ਼ਲੋਕਾਂ" ਤੇ 'ਵਾਰ' ਦੀਆਂ "ਪਉੜੀਆਂ" ਦੇ ਰਚਨ ਦਾ ਮੌਕਾ ਇੱਕੋ ਨਹੀਂ ਹੈ।

ਪਰ ਇਥੇ ਇਕ ਹੋਰ ਪ੍ਰਸ਼ਨ ਉੱਠਦਾ ਹੈ—ਗੁਰੂ ਅਰਜਨ ਸਾਹਿਬ ਨੇ ਇਹ "ਨਵੀ ਪਉੜੀ" ਕਿਉਂ ਰਲਾਈ? ਕਈ ਵਿਦਵਾਨ ਇਹ ਕਹਿ ਦੇਂਦੇ ਹਨ ਕਿ ਫ਼ਰੀਦ ਜੀ ਅਤੇ ਕਬੀਰ ਜੀ ਦੇ ਸ਼ਲੋਕਾਂ ਵਿਚ ਜਿਥੇ ਕਿਤੇ ਗੁਰੂ ਸਾਹਿਬ ਦੇ ਆਪਣੇ ਸ਼ਲੋਕ ਆਏ ਹਨ, ਉਹਨਾਂ ਦਾ ਕਾਰਨ ਇਹ ਹੈ ਕਿ ਭਗਤਾਂ ਦੇ ਨਾਲ-ਲੱਗਦੇ ਸ਼ਲੋਕਾਂ ਵਿਚ ਕੋਈ ਊਣਤਾ ਰਹਿ ਗਈ ਸੀ। ਕਿਤਨਾ ਕੋਝਾ ਤੇ ਨੀਵਾਂ ਤੇ ਬੇ-ਅਦਬੀ-ਭਰਿਆ ਖ਼ਿਆਲ ਹੈ; ਬਾਣੀ ਦੇ ਜਿਸ 'ਸੰਗ੍ਰਹ' ਨੂੰ ਸਿੱਖ ਆਪਣਾ 'ਗੁਰੂ' ਮੰਨਦਾ ਹੈ ਉਸੇ ਵਿਚ ਹੀ ਕਈ ਅੰਗ 'ਊਣੇ' ਦੱਸ ਰਿਹਾ ਹੈ। ਉਹ 'ਸੁੰਦਰਤਾ' ਕਾਹਦੀ ਜਿਥੇ ਕੋਝ ਰਹਿ ਗਿਆ? ਹਿੰਦੂ ਭਰਾ ਦੇ ਇਸੇ ਕੱਚ-ਪੁਣੇ ਨੂੰ ਭਗਤ ਨਾਮਦੇਵ ਜੀ ਨੇ ਭੰਡਿਆ ਸੀ। ਵੇਖੋ, ਰਾਗ ਗੌਂਡ ਵਿਚ "ਆਜੁ ਨਾਮੇ ਬੀਠੁਲ ਦੇਖਿਆ"; ਨਾਲੇ ਤਾਂ ਸ਼ਿਵ ਜੀ ਨੂੰ ਆਪਣਾ 'ਇਸ਼ਟ' ਮੰਨਣਾ ਤੇ ਨਾਲ ਹੀ ਇਹ ਭੀ ਕਹਿਣਾ ਕਿ ਉਹ ਕ੍ਰੋਧ ਵਿਚ ਆ ਕੇ ਲੋਕਾਂ ਦੇ ਮੁੰਡੇ ਭੀ ਸਰਾਪ ਦੇ ਕੇ ਮਾਰ ਦੇਂਦਾ ਸੀ। ਪਰ ਜੇ ਵਿਦਵਾਨ ਸੱਜਣਾਂ ਨੇ ਅਜੇ ਭੀ ਇਸੇ ਖ਼ਿਆਲ ਤੇ ਹੀ ਅੜਨਾ ਹੈ, ਤਾਂ ਕੀ ਇਹ ਪਉੜੀ ਨੰ: 27 ਭੀ ਗੁਰੂ ਅਰਜਨ ਸਾਹਿਬ ਨੂੰ ਇਸੇ ਲਈ ਦਰਜ ਕਰਨੀ ਪਈ ਕਿ ਗੁਰੂ ਨਾਨਕ ਸਾਹਿਬ ਦੀ 'ਵਾਰ' ਵਿਚ ਕੋਈ 'ਊਣਤਾ' ਰਹਿ ਗਈ ਸੀ? ਇੱਕੋ ਹੀ 'ਸੰਗ੍ਰਹ' ਵਿਚ ਥਾਂ ਥਾਂ ਪੈਂਤੜੇ ਬਦਲਾਇਆਂ ਥਿੜਕਣਾ ਹੀ ਪਏਗਾ।

ਫਿਰ, ਇਹ 'ਪਉੜੀ' ਗੁਰੂ ਅਰਜਨ ਸਾਹਿਬ ਨੇ ਕਿਉਂ ਦਰਜ ਕੀਤੀ? ਇਸ ਗੱਲ ਦਾ ਉੱਤਰ ਲੱਭਣ ਲਈ ਪੜ੍ਹੋ ਪਉੜੀ ਨੰ: 23, 24, 25 ਅਤੇ 26। ਇਹਨਾਂ ਪਉੜੀਆਂ ਵਿਚ ਇਸ ਗੱਲ ਤੇ ਜ਼ੋਰ ਹੈ ਕਿ ਵਿੱਦਵਤਾ, ਹੋਰ ਹੋਰ ਅਕਲਾਂ, ਭਗਵਾ ਵੇਸ ਅਤੇ ਦੇਸ-ਰਟਨ ਜ਼ਿੰਦਗੀ ਦਾ ਸਹੀ ਰਸਤਾ ਨਹੀਂ ਹਨ, 'ਸਤਿਗੁਰੁ ਬੋਹਿਥੁ ਬੇੜੁ' ਹੈ ਜੋ ਤ੍ਰਿਸ਼ਨਾ-ਅੱਗ ਤੋਂ ਬਚਾਂਦਾ ਹੈ। ਪਉੜੀ ਨੰ: 26 ਵਿਚ ਇਹ ਮਾਨੋ ਇਸ਼ਾਰੇ-ਮਾਤ੍ਰ ਜ਼ਿਕਰ ਸੀ। ਗੁਰੂ ਅਰਜਨ ਸਾਹਿਬ ਨੇ ਪਉੜੀ ਨੰ: 27 ਵਿਚ ਇਸ ਦੀ ਹੋਰ ਵਿਆਖਿਆ ਕਰ ਦਿੱਤੀ ਹੈ।

ਪਦ ਅਰਥ:- ਸਭੋ—ਸਾਰਾ। ਚਲਤੁ—ਤਮਾਸ਼ਾ। ਸਬਦਿ—ਗੁਰ-ਸ਼ਬਦ ਦੀ ਰਾਹੀਂ। ਨੀਸਾਣੁ—ਨਗਾਰਾ। ਨਿਕਾਣਿਆ—ਬੇ-ਮੁਥਾਜ। ਛਾਵਾਣਿਆ—ਸਾਇਬਾਨ। ਵਖਾਣਿਆ—ਆਖਿਆ ਜਾ ਸਕਦਾ ਹੈ। ਗੁਰਮੁਖਿ—ਗੁਰੂ ਦੀ ਰਾਹੀਂ। ਜਾਣਿਆ—ਸਾਂਝ ਪਾਈ ਜਾ ਸਕਦੀ ਹੈ। ਸਭਿ—ਸਾਰੇ। ਉਧਾਰੁ—ਪਾਰ-ਉਤਾਰਾ, ਬਚਾਉ। ਪਰਗਟੁ—ਉੱਘਾ। ਸੰਸਾਰਿ—ਸੰਸਾਰ ਵਿਚ। ਬਖਸਿ—ਮਿਹਰ ਕਰ ਕੇ। ਖਸਮੈ—ਖਸਮ ਨੂੰ। ਭਾਣਿਆ—ਚੰਗੇ ਲੱਗਦੇ ਹਨ।

ਅਰਥ:- ਇਹ ਸਾਰਾ (ਜਗਤ ਪਰਮਾਤਮਾ ਦਾ) ਤਮਾਸ਼ਾ ਹੋ ਰਿਹਾ ਹੈ, ਇਸ ਨੂੰ ਤਮਾਸ਼ਾ ਹੀ ਕਿਹਾ ਜਾ ਸਕਦਾ ਹੈ, (ਇਸ ਤਮਾਸ਼ੇ ਨੂੰ ਰਚਣ ਵਾਲਾ) ਪਾਰਬ੍ਰਹਮ ਪਰਮਾਤਮਾ ਸਤਿਗੁਰੂ ਦੀ ਰਾਹੀਂ ਜਾਣਿਆ ਜਾਂਦਾ ਹੈ, ਸਤਿਗੁਰੂ ਦੇ ਸ਼ਬਦ (-ਰੂਪ) ਨਗਾਰੇ ਨਾਲ ਸਾਰੇ ਵਿਕਾਰ ਲਹਿ ਜਾਂਦੇ ਹਨ (ਨੱਠ ਜਾਂਦੇ ਹਨ), ਸਤਿਗੁਰੂ ਦੀ ਸੰਗਤਿ ਵਿਚ (ਰਿਹਾਂ, ਵਿਕਾਰਾਂ ਤੋਂ) ਬਚਾਉ ਹੋ ਜਾਂਦਾ ਹੈ ਤੇ ਬੇ-ਮੁਥਾਜ ਹੋ ਜਾਈਦਾ ਹੈ। (ਗੁਰੂ ਦੀ ਬਰਕਤਿ ਨਾਲ) ਦਾਤਾਰ ਪ੍ਰਭੂ ਨੂੰ ਸਿਮਰ ਸਿਮਰ ਕੇ, (ਮਾਨੋ) ਸਾਰੇ ਰੰਗ ਮਾਣ ਲਈਦੇ ਹਨ (ਭਾਵ, ਸਿਮਰਨ ਦੇ ਆਨੰਦ ਦੇ ਟਾਕਰੇ ਤੇ ਦੁਨੀਆ ਦੇ ਰੰਗ ਫਿੱਕੇ ਪੈ ਜਾਂਦੇ ਹਨ) (ਸਿਮਰਨ ਕਰਨ ਵਾਲਾ ਮਨੁੱਖ) ਜਗਤ ਵਿਚ ਭੀ ਉੱਘਾ ਹੋ ਜਾਂਦਾ ਹੈ, ਪ੍ਰਭੂ ਦੀ ਮਿਹਰ ਦਾ ਸਾਇਬਾਨ ਉਸ ਉਤੇ, ਮਾਨੋ, ਤਣਿਆ ਜਾਂਦਾ ਹੈ।

ਮੈਂ ਪ੍ਰਭੂ ਤੋਂ ਸਦਕੇ ਹਾਂ, ਉਹ (ਗੁਰੂ ਦੀ ਰਾਹੀਂ) ਆਪ ਹੀ ਮਿਹਰ ਕਰ ਕੇ ਆਪਣੇ ਨਾਲ ਜੋੜ ਲੈਂਦਾ ਹੈ। ਹੇ ਨਾਨਕ! ਜੋ ਬੰਦੇ ਖਸਮ-ਪ੍ਰਭੂ ਨੂੰ ਪਿਆਰੇ ਲੱਗਦੇ ਹਨ ਉਹਨਾਂ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ। 27।

ਸਲੋਕ ਮਃ ੧ ॥ ਧੰਨੁ ਸੁ ਕਾਗਦੁ ਕਲਮ ਧੰਨੁ ਧਨੁ ਭਾਂਡਾ ਧਨੁ ਮਸੁ ॥ ਧਨੁ ਲੇਖਾਰੀ ਨਾਨਕਾ ਜਿਨਿ ਨਾਮੁ ਲਿਖਾਇਆ ਸਚੁ ॥੧॥ {ਪੰਨਾ 1291}

ਪਦ ਅਰਥ:- ਭਾਂਡਾ—ਦਵਾਤ। ਮਸੁ—ਸਿਆਹੀ। ਧਨੁ—ਧੰਨ, ਭਾਗਾਂ ਵਾਲਾ, ਮੁਬਾਰਿਕ। ਸੁ—ਉਹ (ਇਕ-ਵਚਨ)। ਸਚੁ—ਸਦਾ ਕਾਇਮ ਰਹਿਣ ਵਾਲਾ।

ਅਰਥ:- ਮੁਬਾਰਿਕ ਹੈ ਉਹ ਕਾਗ਼ਜ ਤੇ ਕਲਮ, ਮੁਬਾਰਿਕ ਹੈ ਉਹ ਦਵਾਤ ਤੇ ਸਿਆਹੀ; ਤੇ, ਹੇ ਨਾਨਕ! ਮੁਬਾਰਿਕ ਹੈ ਉਹ ਲਿਖਣ ਵਾਲਾ ਜਿਸਨੇ ਪ੍ਰਭੂ ਦਾ ਸੱਚਾ ਨਾਮ ਲਿਖਾਇਆ (ਪ੍ਰਭੂ ਦੀ ਸਿਫ਼ਤਿ-ਸਾਲਾਹ ਲਿਖਾਈ)।1।

ਮਃ ੧ ॥ ਆਪੇ ਪਟੀ ਕਲਮ ਆਪਿ ਉਪਰਿ ਲੇਖੁ ਭਿ ਤੂੰ ॥ ਏਕੋ ਕਹੀਐ ਨਾਨਕਾ ਦੂਜਾ ਕਾਹੇ ਕੂ ॥੨॥

ਅਰਥ:- (ਹੇ ਪ੍ਰਭੂ!) ਤੂੰ ਆਪ ਹੀ ਪੱਟੀ ਹੈਂ, ਤੂੰ ਆਪ ਹੀ ਕਲਮ ਹੈਂ, (ਪੱਟੀ ਉਤੇ ਸਿਫ਼ਤਿ-ਸਾਲਾਹ ਦਾ) ਲੇਖ ਭੀ ਤੂੰ ਆਪ ਹੀ ਹੈਂ।

ਹੇ ਨਾਨਕ! (ਸਿਫ਼ਤਿ-ਸਾਲਾਹ ਕਰਨ ਕਾਰਣ ਵਾਲਾ) ਇੱਕ ਪ੍ਰਭੂ ਨੂੰ ਹੀ ਆਖਣਾ ਚਾਹੀਦਾ ਹੈ। ਕੋਈ ਹੋਰ ਦੂਜਾ ਕਿਵੇਂ ਹੋ ਸਕਦਾ ਹੈ?।2।

ਪਉੜੀ ॥ ਤੂੰ ਆਪੇ ਆਪਿ ਵਰਤਦਾ ਆਪਿ ਬਣਤ ਬਣਾਈ ॥ ਤੁਧੁ ਬਿਨੁ ਦੂਜਾ ਕੋ ਨਹੀ ਤੂ ਰਹਿਆ ਸਮਾਈ ॥ ਤੇਰੀ ਗਤਿ ਮਿਤਿ ਤੂਹੈ ਜਾਣਦਾ ਤੁਧੁ ਕੀਮਤਿ ਪਾਈ ॥ ਤੂ ਅਲਖ ਅਗੋਚਰੁ ਅਗਮੁ ਹੈ ਗੁਰਮਤਿ ਦਿਖਾਈ ॥ ਅੰਤਰਿ ਅਗਿਆਨੁ ਦੁਖੁ ਭਰਮੁ ਹੈ ਗੁਰ ਗਿਆਨਿ ਗਵਾਈ ॥ ਜਿਸੁ ਕ੍ਰਿਪਾ ਕਰਹਿ ਤਿਸੁ ਮੇਲਿ ਲੈਹਿ ਸੋ ਨਾਮੁ ਧਿਆਈ ॥ ਤੂ ਕਰਤਾ ਪੁਰਖੁ ਅਗੰਮੁ ਹੈ ਰਵਿਆ ਸਭ ਠਾਈ ॥ ਜਿਤੁ ਤੂ ਲਾਇਹਿ ਸਚਿਆ ਤਿਤੁ ਕੋ ਲਗੈ ਨਾਨਕ ਗੁਣ ਗਾਈ ॥੨੮॥੧॥ ਸੁਧੁ {ਪੰਨਾ 1291}

ਪਦ ਅਰਥ:- ਗਤਿ—ਹਾਲਤ। ਮਿਤਿ—ਮਾਪ। ਗਤਿ ਮਿਤਿ—ਕਿਹੋ ਜਿਹਾ ਹੈਂ ਤੇ ਕੇਡਾ ਵੱਡਾ ਹੈਂ। ਅਗੋਚਰੁ—ਇੰਦ੍ਰਿਆਂ ਦੀ ਪਹੁੰਚ ਤੋਂ ਪਰੇ। ਗੁਰ ਗਿਆਨਿ—ਗੁਰੂ ਦੇ ਬਖ਼ਸ਼ੇ ਗਿਆਨ ਦੀ ਰਾਹੀਂ। ਰਵਿਆ—ਵਿਆਪਕ। ਜਿਤੁ—ਜਿਸ (ਕੰਮ) ਵਿਚ। ਅਗਿਆਨੁ—ਆਤਮਕ ਜੀਵਨ ਵਲੋਂ ਬੇ-ਸਮਝੀ। ਭਰਮੁ—ਭਟਕਣਾ। ਪੁਰਖ—ਵਿਆਪਕ। ਸਚਿਆ—ਹੇ ਸਦਾ ਕਾਇਮ ਰਹਿਣ ਵਾਲੇ! ਲਾਇਹਿ—ਤੂੰ ਲਾਂਦਾ ਹੈਂ। ਕੋ—ਕੋਈ ਜੀਵ। ਤਿਤੁ—ਉਸ (ਕੰਮ) ਵਿਚ।

ਅਰਥ:- ਹੇ ਪ੍ਰਭੂ! ਜਗਤ ਦੀ ਬਣਤਰ ਤੂੰ ਆਪ ਬਣਾਈ ਹੈ ਤੇ ਤੂੰ ਆਪ ਹੀ ਇਸ ਵਿਚ ਹਰ ਥਾਂ ਮੌਜੂਦ ਹੈਂ; ਤੇਰੇ ਵਰਗਾ ਤੈਥੋਂ ਬਿਨਾ ਹੋਰ ਕੋਈ ਨਹੀਂ, ਤੂੰ ਹੀ ਹਰ ਥਾਂ ਗੁਪਤ ਵਰਤ ਰਿਹਾ ਹੈਂ। ਤੂੰ ਕਿਹੋ ਜਿਹਾ ਹੈਂ ਤੇ ਕੇਡਾ ਵੱਡਾ ਹੈਂ—

ਇਹ ਗੱਲ ਤੂੰ ਆਪ ਹੀ ਜਾਣਦਾ ਹੈਂ, ਆਪਣਾ ਮੁੱਲ ਤੂੰ ਆਪ ਹੀ ਪਾ ਸਕਦਾ ਹੈਂ। ਤੂੰ ਅਦ੍ਰਿਸ਼ਟ ਹੈਂ, ਤੂੰ (ਮਾਨੁਖੀ) ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈਂ, ਤੂੰ ਅਪਹੁੰਚ ਹੈਂ, ਗੁਰੂ ਦੀ ਮਤਿ ਤੇਰਾ ਦੀਦਾਰ ਕਰਾਂਦੀ ਹੈ।

ਮਨੁੱਖ ਦੇ ਅੰਦਰ ਜੋ ਅਗਿਆਨ ਦੁੱਖ ਤੇ ਭਟਕਣਾ ਹੈ ਇਹ ਗੁਰੂ ਦੇ ਦਿੱਤੇ ਗਿਆਨ ਦੀ ਰਾਹੀਂ ਦੂਰ ਹੁੰਦੇ ਹਨ।

ਹੇ ਪ੍ਰਭੂ! ਜਿਸ ਉਤੇ ਤੂੰ ਮਿਹਰ ਕਰਦਾ ਹੈਂ ਉਸ ਨੂੰ ਆਪਣੇ ਨਾਲ ਮਿਲਾ ਲੈਂਦਾ ਹੈਂ ਉਹ ਤੇਰਾ ਨਾਮ ਸਿਮਰਦਾ ਹੈ। ਤੂੰ ਸਭ ਦਾ ਬਣਾਣ ਵਾਲਾ ਹੈਂ, ਸਭ ਵਿਚ ਮੌਜੂਦ ਹੈਂ (ਫਿਰ ਭੀ) ਅਪਹੁੰਚ ਹੈਂ, ਤੇ ਹੈਂ ਸਭ ਥਾਈਂ ਵਿਆਪਕ। ਹੇ ਨਾਨਕ! (ਆਖ-) ਹੇ ਸੱਚੇ ਪ੍ਰਭੂ! ਜਿਧਰ ਤੂੰ ਜੀਵ ਨੂੰ ਲਾਂਦਾ ਹੈਂ ਓਧਰ ਹੀ ਉਹ ਲੱਗਦਾ ਹੈ ਤੂੰ (ਜਿਸ ਨੂੰ ਪ੍ਰੇਰਦਾ ਹੈਂ) ਉਹੀ ਤੇਰੇ ਗੁਣ ਗਾਂਦਾ ਹੈ। 28।1। ਸੁਧੁ।